ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com

ਵੀਰਵਾਰ, 17 ਅਗਸਤ 2023

ਮੁੱਖ ਸੰਪਾਦਕ - ਅਮਨ ਮਹਿਰਾ

(ਜਲੰਧਰ)

R.N.I. Punpun/29016/2008 ✲ ਸਾਲ : 15 ✲ ਅੰਕ : 161 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 12 ✲ ਫੈਕਸ : 0181-2211009 ✲ M. 99155-94111








ਅਦਾਰਾ ਰੋਜ਼ਾਨਾ ਅਖ਼ਬਾਰ 'ਲੋਕ ਬਾਣੀ' ਨੂੰ ਸੰਗਰੂਰ ਤੇ ਮਾਨਸਾ, ਬੁਢਲਾਡਾ, ਬਰੇਟਾ, ਬੋਹਾ, ਭੀਖੀ, ਸਰਦੂਲਗੜ੍ਹ ਤੇ ਮੌੜ ਤੋਂ ਪੱਤਰਕਾਰਾਂ ਦੀ ਜ਼ਰੂਰਤ ਹੈ। ਪੱਤਰਕਾਰ ਬਣਨ ਲਈ ਸਾਡੇ ਜ਼ਿਲਾ ਇੰਚਾਰਜ ਕੁਲਵਿੰਦਰ ਸਿੰਘ ਨਾਲ ਸੰਪਰਕ ਕਰੋ।

ਮੋ :- 8427868078


## ਹਿਮਾਚਲ ਵਿੱਚ ਭਾਰੀ ਮੀਂਹ ਕਾਰਨ

# 60 ਲੋਕਾਂ ਦੀ ਹੋਈ ਮੌਤ



• ਚੰਡੀਗੜ੍ਹ

ਹਿਮਾਚਲ ਪ੍ਰਦੇਸ਼ 'ਚ ਅੱਜ ਸ਼ਿਮਲਾ 'ਚ ਸਮਰ ਹਿੱਲ ਨੇੜੇ ਢਹਿ-ਢੇਰੀ ਸ਼ਿਵ ਮੰਦਰ ਦੇ ਮਲਬੇ 'ਚੋਂ ਔਰਤ ਦੀ ਲਾਸ਼ ਕੱਢਣ ਨਾਲ ਰਾਜ ਵਿੱਚ ਮੀਂਹ ਦੇ ਕਹਿਰ 'ਚ ਮਰਨ ਵਾਲਿਆਂ ਦੀ ਗਿਣਤੀ ਵਧ ਕੇ 60 ਹੋ ਗਈ ਹੈ। ਰਾਜ ਵਿੱਚ 19 ਅਗਸਤ ਤੱਕ ਭਾਰੀ ਬਾਰਸ਼ ਦੀ ਚਿਤਾਵਨੀ ਦਿੱਤੀ ਗਈ ਹੈ। ਹਿਮਾਚਲ 'ਚ ਐਤਵਾਰ ਤੋਂ ਭਾਰੀ ਬਾਰਸ਼ ਨੇ ਤਬਾਹੀ ਮਚਾਈ ਹੋਈ ਹੈ, ਜਿਸ ਕਾਰਨ ਸ਼ਿਮਲਾ ਦੇ ਸਮਰ ਹਿੱਲ, ਕ੍ਰਿਸ਼ਨਾ ਨਗਰ ਅਤੇ ਫਾਗਲੀ 'ਚ ਢਿੱਗਾਂ ਡਿੱਗ ਗਈਆਂ। ਡਿਪਟੀ ਕਮਿਸ਼ਨਰ ਆਦਿਤਿਆ ਨੇਗੀ ਨੇ ਕਿਹਾ, 'ਸਮਰ ਹਿੱਲ ਅਤੇ ਕ੍ਰਿਸ਼ਨਾ ਨਗਰ ਖੇਤਰਾਂ ਵਿੱਚ ਬਚਾਅ ਕਾਰਜ ਜਾਰੀ ਹਨ ਅਤੇ ਸਮਰ ਹਿੱਲ ਤੋਂ ਲਾਸ਼ ਬਰਾਮਦ ਕੀਤੀ ਗਈ ਹੈ।' ਉਨ੍ਹਾਂ ਦੱਸਿਆ ਕਿ ਹੁਣ ਤੱਕ ਸਮਰ ਹਿੱਲ ਤੋਂ 13, ਫਾਗਲੀ ਤੋਂ ਪੰਜ ਅਤੇ ਕ੍ਰਿਸ਼ਨਾ ਨਗਰ ਤੋਂ ਦੋ ਲਾਸ਼ਾਂ ਬਰਾਮਦ ਹੋਈਆਂ ਹਨ। ਸੋਮਵਾਰ ਨੂੰ ਢਹਿਣ ਵਾਲੇ ਸ਼ਿਵ ਮੰਦਰ ਦੇ ਮਲਬੇ 'ਚ 10 ਲਾਸ਼ਾਂ ਦੱਬੀਆਂ ਹੋਣ ਦਾ ਖਦਸ਼ਾ ਹੈ। ਕ੍ਰਿਸ਼ਨਾ ਨਗਰ ਦੇ 15 ਘਰਾਂ ਨੂੰ ਖਾਲੀ ਕਰਵਾ ਲਿਆ ਗਿਆ ਹੈ ਅਤੇ ਪਰਿਵਾਰਾਂ ਨੂੰ ਸੁਰੱਖਿਅਤ ਥਾਵਾਂ 'ਤੇ ਭੇਜ ਦਿੱਤਾ ਗਿਆ ਹੈ। ਕਈ ਹੋਰ ਲੋਕਾਂ ਨੇ ਲਗਾਤਾਰ ਮੀਂਹ ਕਾਰਨ ਖਿਸਕਣ ਦੇ ਡਰੋਂ ਆਪਣੇ ਘਰ ਖਾਲੀ ਕਰ ਲਏ ਹਨ। ਰਾਜ ਵਿੱਚ ਸਾਰੇ ਸਕੂਲ ਕਾਲਜਾਂ ਨੂੰ ਬੰਦ ਰੱਖਣ ਦਾ ਹੁਕਮ ਦਿੱਤਾ ਗਿਆ ਹੈ।

## ਪਾਕਿਸਤਾਨ ਵਿੱਚ ਚੋਣਾਂ ਹੋਣਗੀਆਂ ਫਰਵਰੀ ਤੱਕ

• ਇਸਲਾਮਾਬਾਦ

ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਤੇ ਪਾਕਿਸਤਾਨ ਮੁਸਲਿਮ ਲੀਗ (ਐੱਨ) ਦੇ ਪ੍ਰਧਾਨ ਨਵਾਜ਼ ਸ਼ਰੀਫ਼ ਨੇ ਭਰੋਸਾ ਪ੍ਰਗਟਾਇਆ ਹੈ ਕਿ ਦੇਸ਼ 'ਚ ਆਮ ਚੋਣਾਂ ਅਗਲੇ ਸਾਲ ਫਰਵਰੀ 'ਚ ਹੋਣਗੀਆਂ। ਕਿਹਾ, ਉਮੀਦ ਹੈ ਕਿ ਨਵੀਂ ਮਰਦਮਸ਼ੁਮਾਰੀ ਮੁਤਾਬਕ ਚੋਣ ਖੇਤਰਾਂ ਦੀ ਹੱਦਬੰਦੀ ਦਾ ਕੰਮ ਦਸੰਬਰ ਤੱਕ ਪੂਰਾ ਹੋ ਜਾਵੇਗਾ। ਪਾਕਿਸਤਾਨ ਮੁਸਲਿਮ ਲੀਗ (ਐੱਨ) ਦੇ ਆਗੂ ਰਾਣਾ ਸਨਾਉੱਲਾ ਨੇ ਨਵਾਜ਼ ਸ਼ਰੀਫ਼ ਦੇ ਹਵਾਲੇ ਤੋਂ ਉਕਤ ਗੱਲਾਂ ਕਹੀਆਂ। ਸਾਬਕਾ ਗ੍ਰਹਿ ਮੰਤਰੀ ਨੇ ਇਕ ਪ੍ਰਾਈਵੇਟ ਨਿਊਜ਼ ਚੈਨਲ ਵੱਲੋਂ ਮੰਗਲਵਾਰ ਨੂੰ ਨਵਾਜ਼ ਦੀ ਵਤਨ ਵਾਪਸੀ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ 'ਚ ਕਿਹਾ ਕਿ ਉਹ ਸਤੰਬਰ ਜਾਂ ਅਕਤੂਬਰ 'ਚ ਪਾਕਿਸਤਾਨ ਪਰਤ ਸਕਦੇ ਹਨ। ਪਾਕਿਸਤਾਨ ਦੇ ਤਿੰਨ ਵਾਰੀ ਪ੍ਰਧਾਨ ਮੰਤਰੀ ਰਹੇ ਨਵਾਜ਼ ਸ਼ਰੀਫ਼ ਨਵੰਬਰ, 2019 'ਚ ਇਲਾਜ ਕਰਾਉਣ ਲਈ ਲੰਡਨ ਗਏ ਸਨ, ਉਦੋਂ ਤੋਂ ਵਾਪਸ ਨਹੀਂ ਪਰਤੇ। ਜਦੋਂ ਉਨ੍ਹਾਂ ਨੇ ਦੇਸ਼ ਛੱਡਿਆ ਸੀ ਤਾਂ ਉਹ ਭ੍ਰਿਸ਼ਟਾਚਾਰ ਦੇ ਦੋਸ਼ 'ਚ ਸੱਤ ਸਾਲਾਂ ਦੀ ਸਜ਼ਾ ਭੁਗਤ ਰਹੇ ਸਨ। ਹਾਲ ਹੀ 'ਚ ਸੁਪਰੀਮ ਕੋਰਟ ਨੇ ਰੀਵਿਊ ਆਫ ਜੱਜਮੈਂਟ ਐਂਡ ਆਰਡਰ ਐਕਟ-2023 ਨੂੰ ਗੈਰ-ਸੰਵਿਧਾਨਕ ਕਰਾਰ ਦੇ ਦਿੱਤਾ। ਇਸ ਨਾਲ ਨਵਾਜ਼ ਦੀ ਵਾਪਸੀ ਦੀਆਂ ਉਮੀਦਾਂ 'ਤੇ ਪਾਣੀ ਫਿਰ ਸਕਦਾ ਹੈ।




## ਦਿੱਲੀ ਹਵਾਈ ਅੱਡੇ ਤੋਂ 5 ਕਿਲੋ ਸੋਨੇ ਸਮੇਤ 8 ਯਾਤਰੀ ਗ੍ਰਿਫਤਾਰ




• ਦਿੱਲੀ/ਕਪੂਰ

ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਏਅਰਪੋਰਟ ਕਸਟਮਜ਼ ਦੇ ਅਧਿਕਾਰੀਆਂ ਨੇ ਤਾਸ਼ਕੰਦ ਤੋਂ ਆਉਣ ਵਾਲੇ ਅੱਠ ਯਾਤਰੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਕੋਲੋਂ 2.93 ਕਰੋੜ ਦੀ ਕੀਮਤ ਦਾ 5.31 ਕਿਲੋ ਸੋਨਾ (50 ਚੇਨ) ਬਰਾਮਦ ਕਰਕੇ ਜ਼ਬਤ ਕੀਤਾ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਸ ਸੰਬੰਧੀ ਅਗਲੇਰੀ ਜਾਂਚ ਜਾਰੀ ਹੈ।

## ਪਾਕਿਸਤਾਨ ਦੀਆਂ ਚਰਚਾਂ ਵਿੱਚ ਹੋ ਰਹੀ ਹੈ ਭੰਨ ਤੋੜ

• ਇਸਲਾਮਾਬਾਦ




ਪਾਕਿਸਤਾਨ ਸਥਿਤ ਡਾਨ ਨੇ ਅਧਿਕਾਰੀਆਂ ਦੇ ਹਵਾਲੇ ਨਾਲ ਰਿਪੋਰਟ ਕੀਤੀ ਹੈ ਕਿ ਪਾਕਿਸਤਾਨ ਦੇ ਫ਼ੈਸਲਾਬਾਦ ਦੇ ਜਾਰਾਂਵਾਲਾ ਜ਼ਿਲ੍ਹੇ ਵਿਚ ਅੱਜ ਈਸ਼ਨਿੰਦਾ ਦੇ ਦੋਸ਼ਾਂ ਨੂੰ ਲੈ ਕੇ ਕਈ ਚਰਚਾਂ ਵਿਚ ਭੰਨਤੋੜ ਕੀਤੀ ਗਈ ਹੈ। ਡਾਨ ਨਾਲ ਗੱਲ ਕਰਦਿਆਂ ਜੜਾਂਵਾਲਾ ਤਹਿਸੀਲ ਦੇ ਪਾਦਰੀ ਇਮਰਾਨ ਭੱਟੀ ਨੇ ਦੱਸਿਆ ਕਿ ਈਸਾ ਨਗਰੀ ਖੇਤਰ ਵਿਚ ਸਥਿਤ ਸੈਲਵੇਸ਼ਨ ਆਰਮੀ ਚਰਚ, ਯੂਨਾਈਟਿਡ ਪ੍ਰੈਸਬੀਟੇਰੀਅਨ ਚਰਚ, ਅਲਾਈਡ ਫਾਊਂਡੇਸ਼ਨ ਚਰਚ ਅਤੇ ਸ਼ੇਰੋਂਵਾਲਾ ਚਰਚ ਵਿਚ ਭੰਨ-ਤੋੜ ਕੀਤੀ ਗਈ। ਭੱਟੀ ਨੇ ਅੱਗੇ ਦੱਸਿਆ ਕਿ ਈਸ਼ਨਿੰਦਾ ਦੇ ਦੋਸ਼ੀ ਇਕ ਈਸਾਈ ਕਲੀਨਰ ਦਾ ਘਰ ਵੀ ਢਾਹ ਦਿੱਤਾ ਗਿਆ ਹੈ।

## ਹਰਿਆਣਾ ਨੂੰ ਮਿਲਿਆ ਨਵਾਂ ਡੀਜੀਪੀ ਸ਼ਤਰੂਜੀਤ ਕਪੂਰ

• ਚੰਡੀਗੜ੍ਹ/ਵਿਨੋਦ ਸ਼ਰਮਾ

ਹਰਿਆਣਾ ਦੇ 1990 ਬੈਚ ਦੇ ਸੀਨੀਅਰ ਆਈਪੀਐੱਸ ਅਧਿਕਾਰੀ ਸ਼ਤਰੂਜੀਤ ਕਪੂਰ ਹਰਿਆਣੇ ਦੇ ਨਵੇਂ ਡੀਜੀਪੀ ਨਿਯੁਕਤ ਕੀਤੇ ਗਏ ਹਨ। ਪੀਕੇ ਅਗਰਵਾਲ ਦੇ ਸੇਵਾਮੁਕਤ ਹੋਣ ਤੋਂ ਅਗਲੇ ਦਿਨ ਉਨ੍ਹਾਂ ਦੀ ਨਿਯੁਕਤੀ ਦੇ ਹੁਕਮ ਜਾਰੀ ਕੀਤੇ ਗਏ ਹਨ। ਉਹ ਪਹਿਲਾਂ ਐਂਟੀ ਕੁਰੱਪਸ਼ਨ ਬਿਊਰੋ ਦੇ ਡੀਜੀਪੀ ਸਨ, ਜਿਸ ਦੌਰਾਨ ਉਨ੍ਹਾਂ ਨੇ ਕਈ ਭ੍ਰਿਸ਼ਟ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਫੜਿਆ। ਉਨ੍ਹਾਂ ਨੂੰ ਤੇਜ਼-ਤਰਾਰ ਆਈਪੀਐੱਸ ਅਧਿਕਾਰੀ ਮੰਨਿਆ ਜਾਂਦਾ ਹੈ। ਉਹ ਆਈਪੀਐੱਸ ਅਧਿਕਾਰੀ ਹੁੰਦੇ ਹੋਏ ਵੀ ਆਈਏਐੱਸ ਕੇਡਰ ਦੇ ਵੱਖ-ਵੱਖ ਅਹੁਦਿਆਂ 'ਤੇ ਤਾਇਨਾਤ ਰਹੇ ਹਨ। ਉਹ ਬਿਜਲੀ ਨਿਗਮਾਂ ਦੇ ਚੇਅਰਮੈਨ ਤੇ ਟਰਾਂਸਪੋਰਟ ਵਿਭਾਗ ਦੇ ਵਧੀਕ ਮੁੱਖ ਸਕੱਤਰ ਵੀ ਰਹਿ ਚੁੱਕੇ ਹਨ, ਜੋ ਆਈਏਐੱਸ ਕੇਡਰ ਦੇ ਅਧਿਕਾਰੀਆਂ ਦੇ ਅਹੁਦੇ ਹਨ।




JSDC GROUP

ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ ®

82880 21797
82880 21798

178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ

ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018

WWW.JSDCGROUP.COM

ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ

JSDC GROUP - INDIA



ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਸ਼੍ਰੀ ਅਨੰਦਪੁਰ ਸਾਹਿਬ ਵਿਖੇ ਮਨੀਸ਼ਾ ਰਾਣਾ ਆਈ.ਏ.ਐਸ ਨੇ ਲਹਿਰਾਇਆਂ ਰਾਸ਼ਟਰੀ ਤਿਰੰਗਾ



• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ

ਅਸੀ ਮਹਾਨ ਭਾਰਤ ਦੇਸ਼ ਦੀ ਅਜ਼ਾਦੀ ਦਾ ਦਿਹਾੜਾ ਸਮੁੱਚੇ ਭਾਰਤ ਦੇ ਹਰ ਕੋਨੇ ਵਿੱਚ ਬਹੁਤ ਹੀ ਧੂਮਧਾਮ ਨਾਲ ਮਨਾ ਰਹੇ ਹਾਂ। 77 ਸਾਲ ਪਹਿਲਾ 15 ਅਗਸਤ 1947 ਨੂੰ ਸਾਡਾ ਦੇਸ਼ ਗੁਲਾਮੀ ਦੀਆਂ ਜੰਜੀਰਾ ਤੋ ਮੁਕਤ ਹੋਇਆ ਸੀ। ਅੱਜ ਦੇ ਇਤਿਹਾਸਕ ਦਿਹਾੜੇ ਮੌਕੇ ਅਸੀ ਸਾਡੇ ਸੁਤੰਤਰਤਾ ਸੈਨਾਨੀਆਂ ਅਤੇ ਸ਼ਹੀਦਾ ਨੂੰ ਸਿਜਦਾ ਕਰਦੇ ਹਾਂ, ਜਿਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਅਸੀਂ ਆਜ਼ਾਦ ਫਿਜ਼ਾ ਵਿੱਚ ਵਿਚਰ ਰਹੇ ਹਾਂ। ਇਹ ਪ੍ਰਗਟਾਵਾ ਮਨੀਸ਼ਾ ਰਾਣਾ ਆਈ.ਏ.ਐਸ ਉਪ ਮੰਡਲ ਮੈਜਿਸਟ?ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਅੱਜ ਵਿਰਾਸਤ ਏ ਖਾਲਸਾ ਵਿੱਚ ਉਪ ਮੰਡਲ ਪੱਧਰ ਦੇ ਅਜਾਦੀ ਦਿਹਾੜੇ ਮੌਕੇ ਰਾਸ਼ਟਰੀ ਤਿਰੰਗਾ ਲਹਿਰਾਉਣ ਉਪਰੰਤ ਦੇਸ਼ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਕਿਹਾ ਕਿ ਸਾਡੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ 80 ਫ਼ੀਸਦੀ ਤੋਂ ਵੱਧ ਯੋਗਦਾਨ ਪੰਜਾਬੀਆਂ ਨੇ ਪਾਇਆ ਹੈ। ਫਾਂਸੀ ਦੇ ਰੱਸੇ ਚੁੰਮਣ ਤੋਂ ਲੈ ਕੇ ਕਾਲੇ ਪਾਣੀ ਵਰਗੀਆਂ ਸਖ਼ਤ ਸਜ਼ਾਵਾਂ ਵੀ ਪੰਜਾਬੀਆਂ ਨੇ ਹੱਸ-ਹੱਸ ਕੇ ਕੱਟੀਆਂ ਹਨ। ਦੇਸ਼ ਦੀ ਅਣਖ ਆਬਰੂ ਲਈ ਕੁਰਬਾਨੀ ਦੇਣ ਵਾਲੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਲਾਲਾ ਲਾਜਪਤ ਰਾਏ, ਮਦਨ ਲਾਲ ਢੀਂਗਰਾ ਜਿਹੇ ਸੂਰਬੀਰਾਂ ਨੂੰ ਅਸੀ ਹਮੇਸ਼ਾ ਸਿਰ ਝੁਕਾ ਕੇ ਸਿਜਦਾ ਕਰਦੇ ਹਾਂ।

## ■ ਮਨਦੀਪ ਸਿੰਘ ਢਿੱਲੋਂ ਪੀ.ਸੀ.ਐਸ ਵੀ ਰਹੇ ਮੌਜੂਦ, ਵਿਰਾਸਤ-ਏ-ਖਾਲਸਾ ਵਿੱਚ ਮਨਾਇਆ 77ਵਾਂ ਅਜ਼ਾਦੀ ਦਿਹਾੜਾ

ਇਸ ਮੌਕੇ ਬਰਸਾਤ ਦੇ ਮੌਸਮ ਨੂੰ ਵੇਖਦੇ ਹੋਏ ਸਮਾਰੋਹ ਦਾ ਸਥਾਨ ਵਿਰਾਸਤ ਏ ਖਾਲਸਾ ਤਬਦੀਲ ਕੀਤਾ ਗਿਆ, ਜਿੱਥੇ ਰਾਸ਼ਟਰੀ ਤਿਰੰਗਾ ਲਹਿਰਾਉਣ ਉਪਰੰਤ ਮਨੀਸ਼ਾ ਰਾਣਾ ਨੇ ਪਰੇਡ ਦਾ ਨਿਰੀਖਣ ਕੀਤਾ। ਵਿਰਾਸਤ ਏ ਖਾਲਸਾ ਦੇ ਆਡੀਟੋਰੀਅਮ ਵਿੱਚ ਪੀ.ਟੀ.ਸ਼ੋਅ, ਸਬ?ਦ ਗਾਇਨ, ਕੋਰੀਓਗ੍ਰਾਫੀ, ਗਿੱਧਾ, ਲੁੱਡੀ ਦੇ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਗਏ। ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ। ਸਟੇਜ ਸਕੱਤਰ ਰਣਜੀਤ ਸਿੰਘ ਦੇ ਸਮਾਜ ਨੂੰ ਸੇਧ ਦੇਣ ਵਾਲੇ ਗੀਤ ਪਾਣੀ ਹੈ ਅਨਮੋਲ ਨੇ ਵਾਹ ਵਾਹ ਲੁੱਟੀ। ਪ੍ਰਬੰਧਕਾਂ ਵੱਜੋਂ ਸੁਪਰਡੈਂਟ ਇੰ. ਬੀ.ਐਸ.ਚਾਨਾ ਦਾ ਵਿਸੇਸ ਧੰਨਵਾਦ ਕੀਤਾ ਗਿਆ। ਇਸ ਮੌਕੇ ਜਗਮਿਲਾਪ ਸਿੰਘ ਖੁਸਦਿਲ ਸਿਵਲ ਜੱਜ ਸੀਨੀਅਰ ਡਵੀਜਨ, ਗੁਰਪ੍ਰੀਤ ਸਿੰਘ ਸਿਵਲ ਜੱਜ ਜੂਨੀਅਰ ਡਵੀਜਨ, ਸ੍ਰੀ ਅਨੰਦਪੁਰ ਸਾਹਿਬ ਵਿਚ ਨਵੇ ਆਏ ਐਸ.ਡੀ.ਐਮ ਮਨਦੀਪ ਸਿੰਘ ਢਿੱਲੋ, ਡੀ.ਐਸ.ਪੀ ਅਜੇ ਸਿੰਘ, ਜਸਵੀਰ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਰੋਹਿਤ ਕਾਲੀਆ ਟਰੱਕ ਯੂਨੀਅਨ ਪ੍ਰਧਾਨ, ਕੈਪਟਨ ਗੁਰਨਾਮ ਸਿੰਘ, ਦਵਿੰਦਰ ਸਿੰਘ ਸਿੰਦੂ ਬਲਾਕ ਪ੍ਰਧਾਨ, ਸੂਬੇਦਾਰ ਰਾਜਪਾਲ ਮੋਹੀਵਾਲ, ਸੰਜੀਵ ਧਰਮਾਣੀ, ਗੁਰਮੇਲ ਸਿੰਘ ਬੁਰਜ, ਅਜੇ ਬੈਂਸ, ਸੀਮਾ ਜੱਸਲ, ਪ੍ਰਿੰ.ਨੀਰਜ ਵਰਮਾ, ਪ੍ਰਿੰ.ਅਵਤਾਰ ਸਿੰਘ ਦੜੋਲੀ, ਅੰਜੂ ਬਾਲਾ, ਸਕੂਲਾ ਦੇ ਵਿਦਿਆਰਥੀ, ਅਧਿਆਪਕ ਤੇ ਪਤਵੰਤੇ ਹਾਜ਼ਰ ਸਨ।

# ਏਅਰ ਫੋਰਸ ਸਟੇਸ਼ਨ ਹਲਵਾਰਾ ਵਿਖੇ ਮੇਰੀ ਮਿੱਟੀ ਮੇਰਾ ਦੇਸ਼ ਮੁਹਿੰਮ ਆਯੋਜਿਤ




• ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ

ਆਜ਼ਾਦੀ ਦੇ 75 ਸਾਲਾਂ ਦੀ ਯਾਦ ਵਿੱਚ, ਅਜ਼ਾਦੀ ਕਾ ਅੰਮ੍ਰਿਤ ਮਹੋਤਸਵ (ਏ.ਕੇ.ਏ.ਐਮ.) ਤਹਿਤ ਏਅਰ ਫੋਰਸ ਸਟੇਸ਼ਨ, ਹਲਵਾਰਾ ਵਿਖੇ 9 ਤੋਂ 15 ਅਗਸਤ 2023 ਤੱਕ ਮੇਰੀ ਮਿੱਟੀ ਮੇਰਾ ਦੇਸ਼ ਮੁਹਿੰਮ ਤਹਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਐਤੀਆਣਾ ਪਿੰਡ ਵਿੱਚ 15 ਅਗਸਤ 2023 ਨੂੰ 'ਵਸੁਧਾ ਵੰਦਨ' ਵਜੋਂ ਧਰਤੀ ਮਾਂ ਨੂੰ ਮੁੜ ਸੁਰਜੀਤ ਕਰਨ ਲਈ ਦੇਸੀ ਪ੍ਰਜਾਤੀਆਂ ਦੇ ਬੂਟੇ ਲਗਾ ਕੇ ਇੱਕ 'ਅੰਮ੍ਰਿਤ ਵਾਟਿਕਾ' ਵਿਕਸਤ ਕੀਤੀ ਜਾ ਰਹੀ ਹੈ। ਸਰਕਾਰੀ ਹਾਈ ਸਕੂਲ ਐਤੀਆਣਾ ਪਿੰਡ ਵਿੱਚ ਹੋਏ ਸਮਾਗਮ ਵਿੱਚ ਏਅਰ ਕਮਾਂਡਰ ਸੰਦੀਪ ਚੌਧਰੀ ਏਅਰ ਅਫਸਰ ਕਮਾਂਡਿੰਗ, ਏਅਰ ਫੋਰਸ ਸਟੇਸ਼ਨ, ਹਲਵਾਰਾ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਇਸ ਮੌਕੇ 'ਪੰਚ ਪ੍ਰਣ' ਸਹੁੰ ਵੀ ਚੁਕਾਈ ਗਈ ਜਿਸ ਵਿੱਚ ਪਿੰਡ ਦੇ ਸਰਪੰਚ ਸਮੇਤ ਸਕੂਲੀ ਬੱਚਿਆਂ, ਸਟਾਫ਼ ਅਤੇ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਸਾਡੀ ਕੌਮ ਦੇ ਸੁਤੰਤਰਤਾ ਸੈਨਾਨੀਆਂ ਨੂੰ 15 ਅਗਸਤ 2023 ਨੂੰ ਏਅਰ ਫੋਰਸ ਸਟੇਸ਼ਨ ਹਲਵਾਰਾ ਨੇੜੇ ਐਤੀਆਣਾ ਅਤੇ ਸੁਧਾਰ ਪਿੰਡਾਂ ਵਿੱਚ 'ਵੀਰੋਂ ਕਾ ਵੰਦਨ' ਦੇ ਹਿੱਸੇ ਵਜੋਂ ਸਨਮਾਨਿਤ ਕੀਤਾ ਗਿਆ, ਜਿਸ ਵਿੱਚ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਸੇਵਾਮੁਕਤ ਕਰਮਚਾਰੀਆਂ ਨੇ ਵੀ ਭਾਗ ਲਿਆ। ਇਸ ਮੁਹਿੰਮ ਦੇ ਹਿੱਸੇ ਵਜੋਂ 14 ਅਗਸਤ 2023 ਨੂੰ ਪਿੰਡ ਟੂਸੇ ਵਿਖੇ ਵੀ ਨਹਿਰੂ ਯੁਵਾ ਕੇਂਦਰ ਸੰਗਠਨ ਦੀ ਕੋਆਰਡੀਨੇਟਰ ਸ੍ਰੀਮਤੀ ਰਸ਼ਮੀਤ ਕੌਰ ਦੇ ਪ੍ਰਭਾਵਸ਼ਾਲੀ ਤਾਲਮੇਲ ਨਾਲ ਇੱਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਸਟੇਸ਼ਨ ਦੇ ਕਰਮਚਾਰੀਆਂ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਇਲਾਕਾ ਨਿਵਾਸੀਆਂ ਦੀ ਪੂਰੀ ਤਨਦੇਹੀ ਨਾਲ ਸ਼ਮੂਲੀਅਤ ਨੇ ਸਮਾਗਮ ਨੂੰ ਸ਼ਾਨਦਾਰ ਬਣਾਇਆ।

# ਨਵੋਦਿਆ ਵਿਦਿਆਲਿਆ ਸਕੂਲ ਦਬੂੜੀ ਵਿਖੇ ਆਜ਼ਾਦੀ ਦਾ 77 ਵਾਂ ਸੁਤੰਤਰਤਾ ਦਿਵਸ ਮਨਾਇਆ



• ਦੋਰਾਂਗਲਾ/ਰਾਕੇਸ਼ ਜੀਵਨ ਚੱਕ

ਜ਼ਿਲ੍ਹਾ ਗੁਰਦਾਸਪੁਰ ਦੇ ਨਵੋਦਿਆ ਵਿਦਿਆਲਿਆ ਸਕੂਲ ਦਬੂੜੀ ਵਿਖੇ ਆਜ਼ਾਦੀ ਦੇ 77 ਵੇਂ ਸੁਤੰਤਰਤਾ ਦਿਵਸ ਨੂੰ ਪੂਰੀ ਤਨਦੇਹੀ ਅਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ। ਇਸ ਮੌਕੇ ਤੇ ਤਿਰੰਗਾ ਲਹਿਰਾਉਣ ਦੀ ਰਸਮ ਪ੍ਰਿੰਸੀਪਲ ਨਰੇਸ਼ ਕੁਮਾਰ ਵੱਲੋਂ ਨਿਭਾਈ ਗਈ ਅਤੇ ਨਵੋਦਿਆ ਸਕੂਲ ਦੇ ਬੱਚਿਆਂ ਵੱਲੋਂ ਰਾਸ਼ਟਰੀ ਗੀਤ ਜਨ ਗਨ ਮਨ ਗਾਇਆ ਗਿਆ। ਇਸ ਸਮੇਂ ਪਿ?ਸੀਪਲ ਨਰੇਸ਼ ਕੁਮਾਰ ਵਲੋਂ ਤਿਰੰਗੇ ਦੀ ਰਸਮ ਨਿਭਾਉਣ ਤੋਂ ਬਾਅਦ ਦੇਸ਼ ਵਾਸੀਆਂ ਨੂੰ ਅਤੇ ਸਮੂਹ ਸਕੂਲ ਅਧਿਆਪਕਾਂ, ਸਕੂਲ ਬੱਚਿਆਂ ਨੂੰ ਆਜ਼ਾਦੀ ਦੇ 77ਵੇਂ ਸੁਤੰਤਰਤਾ ਦਿਵਸ ਦੀ ਲੱਖ ਲੱਖ ਵਧਾਈ ਦਿੱਤੀ। ਪ੍ਰਿੰਸੀਪਲ ਨਰੇਸ਼ ਕੁਮਾਰ ਵਲੋਂ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਸੁਤੰਤਰਤਾ ਦਿਵਸ਼ ਸਾਨੂੰ ਸਾਡੇ ਧਰਮ, ਜਾਤ, ਨਸਲ, ਭਾਈਚਾਰੇ ਜਾ ਸੱਭਿਆਚਾਰ ਦੀ ਪ੍ਰਵਾਹ ਕੀਤੇ ਬਿੰਨਾ ਇੱਕ ਦੂਸਰੇ ਨਾਲ ਪਿਆਰ ਮੁਹੱਬਤ ਬੰਧਨ ਬਣਾਉਂਣ ਲਈ ਪ੍ਰੇਰਿਤ ਕਰਦਾ ਹੈ। ਉਹਨਾਂ ਵਲੋਂ ਸਕੂਲ ਦੇ ਬੱਚਿਆਂ ਨੂੰ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੁਤੰਤਰਤਾ ਦਿਵਸ਼ ਸਾਲ 1947 ਵਿੱਚ ਬ੍ਰਿਟਿਸ ਸ਼ਾਸਨ ਦੇ ਅੰਤ ਅਤੇ ਇੱਕ ਆਜਾਦ ਅਤੇ ਸੁਤੰਤਰ ਭਾਰਤੀ ਰਾਸ਼ਟਰ ਦੀ ਸਥਾਪਨਾ ਨੂੰ ਦਰਸਾਉਂਦਾ ਹੈ। ਇਸ ਸਮੇਂ ਨਵੋਦਿਆ ਵਿਦਿਆਲਿਆ ਦੇ ਬੱਚਿਆਂ ਵਲੋਂ ਦੇਸ਼ ਭਗਤੀ ਅਤੇ ਆਜਾਦੀ ਦਿਹਾੜੇ ਨੂੰ ਸਮਰਪ੍ਰਿਤ ਪ੍ਰੋਗਰਾਮ ਵੀ ਭੇਸ ਕੀਤੇ ਗਏ। ਇਸ ਸਮੇਂ ਹਿੰਦੀ ਅਧਿਆਪਕ ਗੁਰਮੀਤ ਸਿੰਘ, ਸਾਇੰਸ ਟੀਚਰ ਕੁਲਜੀਤ ਕੌਰ, ਸਰਿਤਾ ਸਿਨਹਾ ਪੀਈਟੀ ਟੀਚਰ, ਹਰਮਿੰਦਰ ਸਿੰਘ ਪੀਈਟੀ ਟੀਚਰ, ਸ੍ਰੀਮਤੀ ਅਕਾਂਕਸਾ ਈਐਨਜੀ ਟੀਚਰ, ਵਿਨੇ ਸਿੰਘ ਗਣਿਤ ਟੀਚਰ, ਚੈਨ ਸਿੰਘ ਸੰਗੀਤ ਟੀਚਰ, ਰਾਜੇਸ਼ ਕੁਮਾਰ ਕਲਾ ਟੀਚਰ, ਮੈਡਮ ਲਕਸ਼ਮੀ ਹਿੰਦੀ ਟੀਚਰ, ਪੂਜਾ ਸਾਰਦਾ ਸਟਾਫ ਨਰਸ਼, ਕਾਉਸ਼ਲਰ ਸਿਵਾਨੀ ਮੈਡਮ ਆਦਿ ਹਾਜ਼ਰ ਸਨ।

# ਕਿਸਾਨ ਵਲੋਂ ਆਤਮ ਹੱਤਿਆ ਦੇ ਮਾਮਲੇ ਵਿਚ ਪੁਲਿਸ ਕਮਿਸ਼ਨਰ ਦਫ਼ਤਰ ਬਾਹਰ ਕਿਸਾਨਾਂ ਵਲੋਂ ਪ੍ਰਦਰਸ਼ਨ

• ਲੁਧਿਆਣਾ/ਗੁਰਜੰਟ ਸਿੰਘ ਨੱਤ

ਪਿੰਡ ਜੈਨਪੁਰ ਵਿਚ ਜ਼ਮੀਨ ਨਾਲ ਜੁੜੇ ਵਿਵਾਦ ਵਿਚ ਇਕ ਕਿਸਾਨ ਵਲੋਂ ਆਤਮ ਹੱਤਿਆ ਕਰ ਲਈ ਗਈ, ਜਿਸ ਦੇ ਰੋਸ ਵਜੋਂ ਅੱਜ ਕਿਸਾਨਾਂ ਨੇ ਪੁਲਿਸ ਕਮਿਸ਼ਨਰ ਦਫ਼ਤਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਕਿਸਾਨਾਂ ਵਲੋਂ ਦੋਸ਼ ਲਗਾਇਆ ਜਾ ਰਿਹਾ ਹੈ ਕਿ ਵਪਾਰੀਆਂ ਵਲੋਂ ਕੀਤੇ ਧੋਖੇ ਕਾਰਨ ਕਿਸਾਨ ਨੇ ਆਤਮ ਹੱਤਿਆ ਕੀਤੀ ਹੈ। ਬੀਤੇ ਦਿਨੀਂ ਕਿਸਾਨਾਂ ਦੇ ਪ੍ਰਦਰਸ਼ਨ ਕਾਰਨ ਵਪਾਰੀ ਖ਼ਿਲਾਫ਼ ਪੁਲਿਸ ਨੇ ਕੇਸ ਦਰਜ ਕੀਤਾ ਹੈ। ਦੂਜੇ ਪਾਸੇ ਪੁਲਿਸ ਕਮਿਸ਼ਨਰ ਦਫ਼ਤਰ 'ਚ ਜੈਨ ਭਾਈਚਾਰੇ ਦੇ ਲੋਕਾਂ ਵਲੋਂ ਵੀ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਜੈਨ ਭਾਈਚਾਰੇ ਵਲੋਂ ਝੂਠਾ ਕੇਸ ਦਰਜ ਕਰਨ ਦਾ ਦੋਸ਼ ਲਗਾਇਆ ਜਾ ਰਿਹਾ ਹੈ। ਪੁਲਿਸ ਵਲੋਂ ਫੋਰਸ ਤਾਇਨਾਤ ਕੀਤੀ ਗਈ ਹੈ।



# ਮਦਰਜ਼ ਲੇਡੀਜ਼ ਕਲੱਬ ਵਲੋਂ ਤੀਜ ਦਾ ਤਿਉਹਾਰ ਮਨਾਇਆ

• ਲੁਧਿਆਣਾ/ ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ



ਮਦਰਜ਼ ਲੇਡੀਜ਼ ਕਲੱਬ ਵਲੋਂ ਤੀਜ ਦਾ ਤਿਉਹਾਰ ਹੋਟਲ ਸਮਰਾਟ ਰਿਜੇਂਸੀ 'ਚ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਧਾਰਮਿਕ ਗੀਤ ਨਾਲ ਕੀਤੀ ਗਈ। ਉਪਰੰਤ ਸ਼ੋਲੋ ਡਾਂਸ, ਲੋਕ ਗੀਤ, ਗਿੱਧਾ ਦੀ ਧਮਾਲ ਨੇ ਹਰ ਇਕ ਨੂੰ ਕੀਲ ਕੇ ਰੱਖ ਦਿੱਤਾ। ਪ੍ਰੋਗਰਾਮ ਦੌਰਾਨ ਮਿਸ ਤੀਜ, ਮਿਸ ਪੰਜਾਬਣ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਕਲੱਬ ਦੀਆਂ ਮੈਂਬਰਾਂ ਵਲੋਂ ਸਭਿਆਚਾਰਕ ਪ੍ਰੋਗਰਾਮ ਦੌਰਾਨ ਕੋਰੀਓਗ੍ਰਾਫੀ ਕੀਤੀ ਗਈ। ਤੀਜ ਦੇ ਤਿਉਹਾਰ ਨੂੰ ਲੈਕੇ ਕਲੱਬ ਮੈਂਬਰਾਂ ਵਿੱਚ ਕਾਫ਼ੀ ਉਤਸ਼ਾਹ ਪਾਇਆ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਜੇਤੂ ਮੈਂਬਰਾਂ ਨੂੰ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਕੀਤਾਂ ਗਿਆ। ਇਸ ਮੌਕੇ ਆਕ੍ਰਿਤੀ ਸੰਗਰ, ਕਵਿਤਾ, ਨੇਹਾ, ਪੁਨੀਤ, ਸ਼ਿਖਾ, ਪੂਜਾ ਗ਼ਜ਼ਲ, ਰਿੰਮਪਲ, ਦੀਪਕਾ, ਪਲਵੀ, ਸ਼ਰਨ, ਜੋਤੀ, ਸ਼ਿਲਪਾ, ਨੀਰਜ ਨੇ ਪਰਿਵਾਰਕ ਮੈਂਬਰਾਂ ਨਾਲ ਸਿਰਕਤ ਕੀਤੀ।

# ਪਬਲਿਕ ਮਾਡਲ ਸਕੂਲ 'ਚ ਸੁਤੰਤਰਤਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ



• ਲੁਧਿਆਣਾ/ਸੁਖਚੈਨ ਮਹਿਰਾ

ਵਿਸ਼ਵਕਰਮਾ ਕਲੋਨੀ ਸਥਿਤ ਪਬਲਿਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੁਤੰਤਰਤਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਸਕੂਲ ਦੇ ਡਾਇਰੈਕਟਰ ਕਰਨਲ ਅਮਰਜੀਤ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਉਹਨਾਂ ਨੇ ਬੱਚਿਆ ਨੂੰ ਦੇਸ਼ ਦੀ ਆਜ਼ਾਦੀ ਸੰਗਰਾਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਅੱਜ ਅਸੀਂ ਆਜਾਦੀ ਦਾ ਨਿੱਘ ਮਾਣ ਰਹੇ ਹਾਂ, ਇਹ ਸਭ ਸ਼ਹੀਦਾਂ ਦੀ ਕੁਰਬਾਨੀ ਸਦਕਾ ਹੀ ਸੰਭਵ ਹੋ ਸਕਿਆ। ਉਹਨਾਂ ਨੇ ਕਿਸ ਤਰ੍ਹਾਂ ਆਪਣੀ ਜਾਨਾਂ ਵਾਰ ਕੇ ਸਾਨੂੰ ਬੜੇ ਮਹਿੰਗੇ ਮੁੱਲ ਆਜ਼ਾਦੀ ਲੈਕੇ ਦਿੱਤੀ ਹੈ।

ਸੁਤੰਤਰਤਾ ਦਿਵਸ ਮੌਕੇ ਕਰਵਾਏ ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਤਰਾਨਾ ਗਾ ਕੇ ਕੀਤੀ ਤੇ ਬਾਅਦ ਵਿੱਚ ਰੰਗਾਰੰਗ ਪ੍ਰੋਗਰਾਮ ਦੌਰਾਨ ਦੇਸ਼ ਭਗਤੀ ਤੇ ਸਭਿਆਚਾਰਕ ਗੀਤਾਂ ਤੇ ਕੋਰੀਓਗ੍ਰਾਫੀ ਕੀਤੀ। ਇਸ ਮੌਕੇ ਵਿਦਿਆਰਥੀਆਂ ਨੇ ਆਜ਼ਾਦੀ ਦਿਵਸ ਵਿਸ਼ੇ 'ਤੇ ਸਪੀਚ, ਕਵਿਤਾਵਾਂ, ਦੇਸ਼ ਭਗਤੀ ਦੇ ਗੀਤ ਗਾਏ। ਸਮਾਰੋਹ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਸ੍ਰੀਮਤੀ ਤਰਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਆਜਾਦੀ ਦਿਵਸ ਬਾਰੇ ਜਾਣਕਾਰੀ ਦਿੱਤੀ। ਇਸ ਸਮੇਂ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਪਵਨ ਸ਼ਰਮਾ, ਪ੍ਰਾਇਮਰੀ ਵਿੰਗ ਦੀ ਇੰਚਾਰਜ ਸ੍ਰੀਮਤੀ ਪ੍ਰਿਤਪਾਲ ਕੌਰ ਤੇ ਸਮੂਹ ਸਟਾਫ ਮੈਂਬਰ ਹੋਏ। ਸਮਾਰੋਹ ਦਾ ਸੰਚਾਲਨ ਅਧਿਆਪਕਾ ਸ੍ਰੀਮਤੀ ਰਵਿੰਦਰ ਕੌਰ ਤੇ ਮਿਸ ਸਿਮਰਪ੍ਰੀਤ ਕੌਰ ਨੇ ਬਾਖੂਬੀ ਕੀਤਾ ਤੇ ਸਮਾਰੋਹ ਦੀ ਸਮਾਪਤੀ ਵਿੱਚ ਕੌਮੀ ਤਰਾਨਾ ਗਾ ਕੇ ਕੀਤੀ ਗਈ।

# ਕੈਬਨਿਟ ਮੰਤਰੀ ਸ. ਧਾਲੀਵਾਲ ਤੇ ਵਿਧਾਇਕ ਸ਼ੈਰੀ ਕਲਸੀ ਨੇ ਅਧਿਕਾਰੀਆਂ ਨਾਲ ਹੜ੍ਹ ਪ੍ਰਭਾਵਤ ਖੇਤਰਾਂ ਦਾ ਦੌਰਾ ਕੀਤਾ



## ਪੰਜਾਬ ਸਰਕਾਰ ਇਸ ਔਖੀ ਘੜ੍ਹੀ ਵਿੱਚ ਲੋਕਾਂ ਦੇ ਨਾਲ - ਧਾਲੀਵਾਲ

• ਗੁਰਦਾਸਪੁਰ-ਨਵਨੀਤ ਕੁਮਾਰ

ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਵੱਲੋਂ ਅੱਜ ਪੁਰਾਣਾ ਸ਼ਾਲਾ ਦੇ ਨਜ਼ਦੀਕ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਕਲਸੀ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਅਤੇ ਸ੍ਰੀ ਸ਼ਮਸ਼ੇਰ ਸਿੰਘ ਦੀਨਾਨਗਰ ਵੀ ਮੌਜੂਦ ਸਨ। ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਵਿਧਾਇਕ ਸ਼ੈਰੀ ਕਲਸੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੇ ਨਾਲ ਟਰੈਕਟਰ-ਟਰਾਲੀ ਵਿੱਚ ਸਵਾਰ ਹੋ ਕੇ ਹੜ੍ਹ ਪ੍ਰਭਾਵਤ ਪਿੰਡਾਂ ਦਾ ਦੌਰਾ ਕੀਤਾ ਅਤੇ ਬਿਆਸ ਦਰਿਆ ਉੱਪਰ ਬਣੇ ਮੁਕੇਰੀਆਂ ਦੇ ਪੁੱਲ ਦਾ ਜਾਇਜਾ ਵੀ ਲਿਆ। ਇਸ ਮੌਕੇ ਉਨ੍ਹਾਂ ਪੁਰਾਣਾ ਸ਼ਾਲਾ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਨਾਲ ਗੱਲ-ਬਾਤ ਕੀਤੀ ਅਤੇ ਉਨ੍ਹਾਂ ਕੋਲੋਂ ਹੜ੍ਹਾਂ ਦੀ ਸਥਿਤੀ ਨੂੰ ਜਾਨਿਆ। ਇਸ ਮੌਕੇ ਸ. ਧਾਲੀਵਾਲ ਨੇ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੇ ਵਸਨੀਕਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਇਸ ਔਖੀ ਘੜੀ ਵਿੱਚ ਉਨ੍ਹਾਂ ਦੇ ਨਾਲ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਪੰਜਾਬ ਸਰਕਾਰ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰਾਂ ਤਿਆਰ ਹੈ। ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਧੁੱਸੀ ਬੰਨ ਵਿੱਚ ਪਏ ਪਾੜਾਂ ਨੂੰ ਪੂਰਨ ਦਾ ਕੰਮ ਜਾਰੀ ਹੈ ਅਤੇ ਕੱਲ ਤੋਂ ਵੱਡੀ ਗਿਣਤੀ ਵਿੱਚ ਮਨਰੇਗਾ ਦੀ ਲੇਬਰ ਲਗਾ ਕੇ ਧੁੱਸੀ ਬੰਨ ਦੀ ਰਿਪੇਅਰ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਸ. ਧਾਲੀਵਾਲ ਨੇ ਕਿਹਾ ਕਿ ਦਰਿਆ ਬਿਆਸ ਦੇ ਨਾਲ ਬੇਟ ਇਲਾਕੇ ਦੇ ਕਰੀਬ 12 ਪਿੰਡਾਂ ਵਿੱਚ ਪਾਣੀ ਆਇਆ ਹੈ ਅਤੇ ਪੰਜਾਬ ਸਰਕਾਰ ਵੱਲੋਂ ਐੱਨ.ਡੀ.ਆਰ.ਐੱਫ, ਭਾਰਤੀ ਫ਼ੌਜ ਅਤੇ ਬੀ.ਐੱਸ.ਐੱਫ ਦੇ ਸਹਿਯੋਗ ਨਾਲ ਇਨ੍ਹਾਂ ਖੇਤਰਾਂ ਵਿੱਚ ਬਚਾਅ ਕਾਰਜ ਲਗਾਤਾਰ ਜਾਰੀ ਹਨ। ਉਨ੍ਹਾਂ ਕਿਹਾ ਕਿ ਪਾਣੀ ਵਿੱਚ ਫਸੇ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਜਾ ਰਿਹਾ ਹੈ ਅਤੇ ਨਾਲ ਲੋਕਾਂ ਨੂੰ ਖਾਣ-ਪੀਣ ਤੇ ਹੋਰ ਜਰੂਰਤ ਦੀ ਸਮੱਗਰੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਾਣੀ ਆਉਣ ਕਾਰਨ ਲੋਕਾਂ ਦੇ ਘਰਾਂ ਅਤੇ ਫ਼ਸਲਾਂ ਦਾ ਜੋ ਨੁਕਸਾਨ ਹੋਇਆ ਹੈ ਉਸਦਾ ਅਨੁਮਾਨ ਲਗਾ ਕੇ ਰਾਜ ਸਰਕਾਰ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ। ਸ. ਧਾਲੀਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹ ਪ੍ਰਭਾਵਤ ਲੋਕਾਂ ਦੀ ਸਹਾਇਤਾ ਅਤੇ ਰਾਹਤ ਕਾਰਜਾਂ ਦੀ ਨਿਗਰਾਨੀ ਲਈ ਸਰਕਾਰੀ ਸਕੂਲ ਪੁਰਾਣਾ ਸ਼ਾਲਾ ਵਿਖੇ ਰੀਲੀਫ ਕੈਂਪ ਸਥਾਪਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਅਤੇ ਉਹ ਖੁਦ ਵੀ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ ਅਤੇ ਇਸ ਸਾਰੀ ਸਥਿਤੀ ਉੱਪਰ ਕਾਬੂ ਪਾ ਲਿਆ ਜਾਵੇਗਾ।





ਤਰਨਤਾਰਨ ਦੇ ਸਕੂਲ ਵਿੱਚ ਸੁਤੰਤਰਤਾ ਦਿਵਸ ਮੌਕੇ ਗੁਰਸਹਿਜ ਸਿੰਘ ਨੇ ਆਪਣੇ ਸਾਥੀ ਬਚੀਆਂ ਨਾਲ ਦੇਸ਼ ਭਗਤੀ ਦੇ ਗੀਤ ਗਾਏ ਕੁੜਤੇ ਪਜਾਮੇ ਵਿਚ ਪੰਜਾਬੀਆ ਦੇ ਲਿਬਾਸ ਨੂੰ ਦਰਸਾਇਆ। (ਫੋਟੋ ਤੇ ਵੇਰਵਾ - ਲੋਕ ਬਾਣੀ ਜਲੰਧਰ)

# ਸਮਾਜ ਸੇਵੀ ਸੰਸਥਾ ਕਿਰਪਾਲ ਸਾਗਰ ਵਲੋਂ ਸਲਾਨਾ ਬਰਸੀ 21ਅਗਸਤ ਨੂੰ ਮਨਾਈ ਜਾਵੇਗੀ

•ਬਲਾਚੌਰ/ਰਾਹੋਂ/ਜਤਿੰਦਰ ਪਾਲ ਸਿੰਘ ਕਲੇਰ

ਸਮਾਜ ਸੇਵੀ ਸੰਸਥਾ ਕਿਰਪਾਲ ਸਾਗਰ ਵਿੱਚ ਪਰਮ ਸੰਤ ਕਿਰਪਾਲ ਸਿੰਘ ਜੀ ਦੀ ਸਲਾਨਾ ਬਰਸੀ 21 ਅਗਸਤ ਨੂੰ ਮਨਾਈ ਜਾਵੇਗੀ। ਇਸ ਸਬੰਧੀ ਪੱਤਰਕਾਰਾਂ ਨਾਲ ਨੂੰ ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਪ੍ਰਧਾਨ ਡਾਕਟਰ ਕਰਮਜੀਤ ਸਿੰਘ ਨੇ ਕਿਹਾ, ਸੰਤ ਕਿਰਪਾਲ ਸਿੰਘ ਜੀ ਇੱਕ ਰੂਹਾਨੀ ਪੁਰਸ਼ ਹੋਏ ਹਨ। 1894 ਨੂੰ ਸੱਯਦ ਕਸਰਾਂ, ਰਾਵਲਪਿੰਡੀ, ਪਾਕਿਸਤਾਨ ਦੇ ਅੰਦਰ ਕਿਰਪਾਲ ਸਿੰਘ ਦਾ ਜਨਮ ਹੋਇਆ। + ਹੀ ਏਕਾਂਤ ਪ੍ਰੇਮੀ, ਕਿਰਪਾਲ ਸਿੰਘ ਨੂੰ ਬਾਬਾ ਸਾਵਣ ਸਿੰਘ ਜੀ ਨੇ ਨਾਮ ਬਾਣੀ ਨਾਲ ਸੰਪੂਰਨ ਗਿਆਨ ਪ੍ਰਦਾਨ ਕੀਤਾ। ਜਪੁ ਜੀ, ਦਿਲ ਨਾਲ ਦਿਲ ਦੀ ਗੱਲ, ਇਨਸਾਨ ਆਪਣੇ ਆਪ ਨੂੰ ਜਾਣ, ਵਿਸ਼ਵ ਪ੍ਰਸਿੱਧ ਪੁਸਤਕਾਂ ਦੇ ਰਚੇਤਾ ਸੰਤ ਕਿਰਪਾਲ ਸਿੰਘ ਜੀ ਨੇ ਸਭ ਤੋਂ ਉੱਤਮ ਜੋ ਸੰਦੇਸ਼ ਦਿੱਤਾ, ਮਨੁੱਖ ਦੀ ਏਕਤਾ ਦਾ ਹੈ। ? ਆਸਟਰੀਆ ਤੋਂ ਆਏ ਮਿਸਟਰ ਵੂਲਫ ਕੰਗ ਨੇ ਕਿਹਾ, ਸੰਤ ਕਿਰਪਾਲ ਸਿੰਘ ਜੀ ਦਾ ਸਭ ਤੋਂ ਵੱਡਾ ਸੁਪਨਾ ਇਹੋ ਹੈ ਕਿ ਮਨੁੱਖ ਦੂਸਰੇ ਦੇ ਕੰਮ ਆਵੇ। ਏਕਤਾ ਦੀ ਗੱਲ ਕਰੀਏ। ਪਰਮਾਤਮਾ ਦੀ ਰਜ਼ਾ ਵਿੱਚ ਅਸੀਂ ਸਾਰੇ ਭੈਣ ਭਰਾ ਹਾਂ। ਵਾਈਸ ਚੇਅਰਪਰਸਨ ਸ੍ਰੀਮਤੀ ਪਰਮਿੰਦਰ ਕੌਰ ਨੇ ਕਿਹਾ, ਅਸੀਂ ਦੋ ਕੁੱਝ ਵੀ ਹਾਂ ਸੰਤ ਕਿਰਪਾਲ ਸਿੰਘ ਜੀ ਦੀ ਮਿਹਰ ਸਦਕਾ ਹਾਂ। ਜੀਵਨ ਜਾਚ ਸਿਖਾਈ ਸਾਨੂੰ ਸੰਤ ਕਿਰਪਾਲ ਸਿੰਘ ਜੀ ਨੇ। 21 ਅਗਸਤ 1974 ਨੂੰ ਸੰਤ ਕਿਰਪਾਲ ਸਿੰਘ ਜੀ ਸਰੀਰ ਤਿਆਗ ਬ੍ਰਹਮਲੀਨ ਹੋ ਗਏ ਸਨ। ਕਿਰਪਾਲ ਸਾਗਰ ਵਿਖੇ ਬਰਸੀ ਸਮਾਗਮ ਕਰਵਾਏ ਜਾ ਰਹੇ ਹਨ। ਪ੍ਰੈਸ ਮਿਲਣੀ ਸਮੇਂ ਕੈਪਟਨ ਗੁਰਦੇਵ ਸਿੰਘ, ਸੈਕਟਰੀ ਡਾਕਟਰ ਚਾਵਲਾ, ਅਸ਼ੋਕ ਰੈਨਾ, ਵਿਸ਼ੇਸ਼ ਤੌਰ ਤੇ ਹਾਜਰ ਸਨ।



# ਡੀਐਸਪੀ ਬਲਾਚੌਰ ਦੇ ਰੀਡਰ ਵਿਕਰਮ ਰੋਡੀ ਨੂੰ ਕੀਤਾ ਸਨਮਾਨਿਤ

• ਬਲਾਚੌਰ /ਕਾਠਗੜ/ਜਤਿੰਦਰਪਾਲ ਸਿੰਘ ਕਲੇਰ

ਪੰਜਾਬ ਸਰਕਾਰ ਨੇ ਦੇਸ਼ ਦੇ 76ਵੇਂ ਆਜ਼ਾਦੀ ਦਿਵਸ ਸਮਾਰੋਹ ਦੌਰਾਨ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਪ੍ਰਤੀਬੱਧਤਾ ਨਾਲ ਨਿਭਾਉਣ ਲਈ ਡੀਐਸਪੀ ਬਲਾਚੌਰ ਸ਼ਾਮ ਸੁੰਦਰ ਦੇ ਰੀਡਰ ਵਿਕਰਮ ਸਿੰਘ ਰੋਡੀ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਪੰਜਾਬ ਦੇ ਪ੍ਰਵਾਸੀ ਮਾਮਲਿਆਂ ਅਤੇ ਪ੍ਰਬੰਧਕੀ ਸੁਧਾਰ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਦੇਸ਼ ਦੇ 76ਵੇਂ ਆਜ਼ਾਦੀ ਦਿਵਸ ਸਮਾਰੋਹ ਦੌਰਾਨ ਆਈ.ਟੀ.ਆਈ ਗਰਾਊਂਡ, ਨਵਾਂਸ਼ਹਿਰ ਵਿਖੇ ਝੰਡਾ ਲਹਿਰਾਉਣ ਦੀ ਰਸਮ ਨਿਭਾਉਣ ਉਪਰੰਤ ਉਨਾ ਨੇ ਪੁਲਿਸ ਵਿਭਾਗ ਵਿੱਚ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਲਗਨ ਨਾਲ ਨਿਭਾਉਣ ਤੇ ਡੀਐਸਪੀ ਬਲਾਚੌਰ ਦੇ ਰੀਡਰ ਵਿਕਰਮ ਸਿੰਘ ਰੌਡੀ ਨੂੰ ਉਨਾ ਦੀ ਵਧੀਆ ਕਾਰਗੁਜਾਰੀ ਤੇ ਲਈ ਵਿਸ਼ੇਸ਼ ਸਨਮਾਨ ਚਿੰਨ ਦੇ ਕੇ ਓਨਾ ਦੀ ਹੌਸਲਾ ਅਫਜਾਈ ਕਰਦੇ ਹੋਏ ਉਨਾ ਨੂੰ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ।



# ਹੜ੍ਹਾਂ ਦੌਰਾਨ ਨੁਕਸਾਨਗ੍ਰਸਤ ਹੋਏ ਦੋ ਪੁਲਾਂ 'ਤੇ ਪੈਦਲ ਚੱਲਣ ਜਾਂ ਵਾਹਨ ਲਿਜਾਉਣ 'ਤੇ ਮੁਕੰਮਲ ਪਾਬੰਦੀ

## ਸੁਨਾਮ ਤੋਂ ਲਹਿਰਾਗਾਗਾ ਅਤੇ ਸੰਗਰੂਰ ਤੋਂ ਸੁਨਾਮ ਜਾਣ ਵਾਲੇ ਰਸਤੇ 'ਤੇ ਬਣੇ ਪੁਲ ਨੂੰ ਲਾਂਘੇ ਲਈ ਨਾ ਵਰਤਣ ਲੋਕ: ਜਤਿੰਦਰ ਜੋਰਵਾਲ

- ਡਿਪਟੀ ਕਮਿਸ਼ਨਰ ਨੇ ਲੋਕਾਂ ਦੀ ਜਾਨ ਤੇ ਮਾਲ ਦੀ ਰਾਖੀ ਲਈ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਦਿੱਤੇ ਆਦੇਸ਼
- ਪ੍ਰਸ਼ਾਸਨ ਵੱਲੋਂ ਇਨ੍ਹਾਂ ਪੁਲਾਂ 'ਤੇ ਲਗਾਈਆਂ ਰੋਕਾਂ ਹਟਾ ਕੇ ਲੰਘਣ ਵਾਲਿਆਂ 'ਤੇ ਹੋਵੇਗੀ ਕਾਰਵਾਈ



● ਸੰਗਰੂਰ/ਕੁਲਵਿੰਦਰ ਸਿੰਘ ਧੀਮਾਨ

ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਪਿਛਲੇ ਦਿਨ੍ਹੀਂ ਆਏ ਹੜ੍ਹਾਂ ਕਾਰਨ ਨੁਕਸਾਨੇ ਗਏ ਪੁਲਾਂ ਦੀ ਲਾਂਘੇ ਵਜੋਂ ਵਰਤੋਂ ਕਰਨ ਤੋਂ ਪੂਰੀ ਤਰ੍ਹਾਂ ਗੁਰੇਜ਼ ਕੀਤਾ ਜਾਵੇ। ਡਿਪਟੀ ਕਮਿਸ਼ਨਰ ਵੱਲੋਂ ਇਹ ਅਪੀਲ ਲੋਕ ਹਿੱਤ ਵਿੱਚ ਕਿਸੇ ਵੀ ਤਰ੍ਹਾਂ ਦੇ ਜਾਨੀ ਤੇ ਮਾਲੀ ਨੁਕਸਾਨ ਨੂੰ ਰੋਕਣ ਲਈ ਕੀਤੀ ਗਈ ਹੈ।

ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੱਕ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ ਸ਼ਾਖਾ) ਦੇ ਐਕਸੀਅਨ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਪਿਛਲੇ ਦਿਨੀਂ ਹੋਈਆਂ ਭਾਰੀ ਬਰਸਾਤਾਂ ਤੋਂ ਬਾਅਦ ਆਏ ਹੜ੍ਹਾਂ ਕਾਰਨ ਸੁਨਾਮ ਤੋਂ ਲਹਿਰਾਗਾਗਾ ਸੜਕ ਅਤੇ ਸੰਗਰੂਰ ਤੋਂ ਸੁਨਾਮ ਜਾਣ ਵਾਲੀ ਸੜਕ ਲਈ ਸਰਹਿੰਦ ਚੋਅ 'ਤੇ ਬਣੇ ਪੁਲ ਦੇ ਨੁਕਸਾਨਗ੍ਰਸਤ ਹੋ ਜਾਣ ਕਾਰਨ ਪ੍ਰਸ਼ਾਸਨ ਵੱਲੋਂ ਲੋਕ ਹਿੱਤ ਵਿੱਚ ਲਗਾਈਆਂ ਰੋਕਾਂ ਦੇ ਬਾਵਜੂਦ ਕਈ ਲੋਕ ਆਪਣਾ ਸਮਾਂ ਬਚਾਉਣ ਦੇ ਚੱਕਰ ਵਿੱਚ ਪੈਦਲ ਲੰਘਣ ਜਾਂ ਆਵਾਜਾਈ ਲਈ ਛੋਟੇ ਤੇ ਭਾਰੀ ਵਾਹਨਾਂ ਸਮੇਤ ਇਨ੍ਹਾਂ ਪੁਲਾਂ ਦੀ ਵਰਤੋਂ ਕਰ ਰਹੇ ਹਨ ਜੋ ਕਿ ਕਿਸੇ ਵੀ ਵੇਲੇ ਅਣਸੁਖਾਵੀਂ ਘਟਨਾ ਦਾ ਕਾਰਨ ਬਣ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਹਦਾਇਤ ਕਰਦਿਆਂ ਕਿਹਾ ਕਿ ਇਨ੍ਹਾਂ ਪੁਲਾਂ ਦੇ ਦੋਵੇਂ ਪਾਸਿਓਂ ਲਗਾਈਆਂ ਰੋਕਾਂ ਨੂੰ ਹੋਰ ਮਜ਼ਬੂਤ ਕੀਤੇ ਜਾਣ ਦੀ ਲੋੜ ਹੈ। ਡਿਪਟੀ ਕਮਿਸ਼ਨਰ ਨੇ ਐਕਸੀਅਨ ਅਤੇ ਪੁਲਿਸ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਪੁਲਾਂ 'ਤੇ ਆਵਾਜਾਈ ਨੂੰ ਮੁਕੰਮਲ ਤੌਰ 'ਤੇ ਰੋਕਣ ਲਈ ਤੁਰੰਤ ਢੁਕਵੇਂ ਕਦਮ ਚੁੱਕੇ ਜਾਣ।

ਡਿਪਟੀ ਕਮਿਸ਼ਨਰ ਨੇ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ ਨੁਕਸਾਨਗ੍ਰਸਤ ਪੁਲਾਂ 'ਤੇ ਕਿਸੇ ਵੀ ਤਰ੍ਹਾਂ ਦੇ ਲਾਂਘੇ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਬਣਾਈਆਂ ਕੰਧਾਂ ਅਤੇ ਹੋਰ ਸਮੱਗਰੀ ਨੂੰ ਹਟਾ ਕੇ ਜਿਹੜੇ ਵਾਹਨ ਚਾਲਕ ਜਾਂ ਰਾਹਗੀਰ ਸਰਕਾਰੀ ਆਦੇਸ਼ਾਂ ਦੀ ਉਲੰਘਣਾ ਕਰਦੇ ਪਾਏ ਜਾਣਗੇ ਉਨ੍ਹਾਂ ਵਿਰੁੱਧ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਅਨਮੋਲ ਸਿੰਘ ਧਾਲੀਵਾਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਜੀਤ ਵਾਲੀਆ, ਸਹਾਇਕ ਕਮਿਸ਼ਨਰ ਜਸਪਿੰਦਰ ਸਿੰਘ, ਐਸ.ਡੀ.ਐਮ ਮੂਨਕ ਤੇ ਲਹਿਰਾ ਸੂਬਾ ਸਿੰਘ, ਐਕਸੀਅਨ ਲੋਕ ਨਿਰਮਾਣ ਵਿਭਾਗ ਚਰਨਜੀਤ ਬੈਂਸ ਸਮੇਤ ਹੋਰ ਐਕਸੀਅਨ ਤੇ ਅਧਿਕਾਰੀ ਵੀ ਹਾਜ਼ਰ ਸਨ।

# ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਵਿਖੇ ਅਜਾਦੀ ਦਿਹਾੜਾ ਧੂਮ-ਧਾਮ ਨਾਲ ਮਨਾਇਆ





● ਬਲਾਚੌਰ/ਕਾਠਗੜ੍ਹ/ਜਤਿੰਦਰ ਪਾਲ ਸਿੰਘ ਕਲੇਰ

ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਵਿਖੇ ਦੇਸ਼ ਦਾ 76 ਵਾ ਸਵਤੰਤਰਤਾ ਦਿਵਸ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਤੇ ਡਾ ਸੰਦੀਪ ਸਿੰਘ ਕੌੜਾ ,ਕੁਲਪਤੀ ,ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਨੇ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ੍ਰ ਯੂਨੀਵਰਸਿਟੀ ਦੀ ਸੁਰੱਖਿਆ ਟੁਕੜੀ ਨੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਤੇ ਇਸ ਮੌਕੇ ਤੇ ਸਮੂਹ ਵਿੱਚ ਰਾਸ਼ਟਰ ਗਾਣ ਗਾਇਆ ਗਿਆ। ਵਿਦਿਆਰਥੀਆਂ ਨੇ ਰੰਗਾ-ਰੰਗ ਪ੍ਰੋਗਰਾਮ ਵਿੱਚ ਦੇਸ਼ ਭਗਤੀ ਦੇ ਗੀਤ,ਕਵਿਤਾਵਾਂ, ਭਾਸ਼ਣ ਅਤੇ ਭੰਗੜਾ- ਗਿੱਧਾ ਪਾਇਆ । ਡਾ ਸੰਦੀਪ ਸਿੰਘ ਕੌੜਾ, ਚਾਂਸਲਰ, ਐਲ ਟੀ ਐੱਸ ਯੂ ਨੇ ਸਾਰਿਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸਾਨੂੰ ਆਜ਼ਾਦੀ ਦਿਵਾਉਣ ਵਾਲੇ ਬਲਦਾਨੀਆਂ ਨੂੰ ਯਾਦ ਰੱਖਣਾ ਚਾਹੀਦਾ ਹੈ, ਜਿਨ੍ਹਾਂ ਨੇ ਆਪਣੀਆਂ ਜਾਨਾਂ ਕੁਰਬਾਨ ਕਰਕੇ ਸਾਨੂੰ ਆਜ਼ਾਦੀ ਦਿਵਾਈ ਹੈ। ਅਸੀਂ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਦੇ ਕਰਜ਼ਦਾਰ ਹਾਂ। ਆਜ਼ਾਦੀ ਦਿਹਾੜਾ ਇੱਕ ਨੈਸ਼ਨਲ ਤਿਉਹਾਰ ਹੈ ਇਸ ਨੂੰ ਪੂਰੇ ਜੋਸ਼ ਨਾਲ ਮਨਾਉਣਾ ਚਾਹੀਦਾ ਹੈ ਅਤੇ ਦੇਸ਼ ਦੇ ਨੌਜਵਾਨਾਂ ਨੂੰ ਇਹ ਜਾਗਰੂਕ ਕਰਨਾ ਚਾਹੀਦਾ ਹੈ ਕਿ ਦੇਸ਼ ਦੀ ਆਜ਼ਾਦੀ ਲਈ ਸਾਡੇ ਦੇਸ਼ ਭਗਤਾਂ, ਆਜ਼ਾਦੀ ਘੁਲਾਟੀਆਂ ਨੇ ਲੰਮੀ ਲੜਾਈ ਲੜੀ ਹੈ ਉਨ੍ਹਾਂ ਨੇ ਅੱਗੇ ਕਿਹਾ ਕਿ ਭਾਰਤ ਵਿੱਚ ਨੌਜਵਾਨਾਂ ਦੀ ਜਨਸੰਖਿਆ ਪੂਰੇ ਸੰਸਾਰ ਵਿੱਚ ਸਭ ਤੋਂ ਜ਼ਿਆਦਾ ਹੈ ਜੋ ਕਿ ਸਾਡੇ ਲਈ ਵਰਦਾਨ ਹੈ। ਸਕਿੱਲ ਸਿੱਖਿਆ ਲੈ ਕੇ ਭਾਰਤ ਨੂੰ ਸੁਪਰ ਪਾਵਰ ਬਣਾ ਸਕਦੀ ਹੈ ਅਤੇ ਵਿਸ਼ਵ ਵਿੱਚ ਕੌਸ਼ਲ ਦੀ ਕਮੀ ਨੂੰ ਪੂਰਾ ਕਰ ਸਕਦੀ ਹੈ । ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਆਪਣੇ ਪ੍ਰਕਾਰ ਦੀ ਪਹਿਲੀ ਯੂਨੀਵਰਸਿਟੀ ਹੈ ਜਿਸ ਨੂੰ ਭਾਰਤ ਵਿਚ ਉਦਯੋਗ ਕੰਪਨੀਆਂ ,ਜਿਨ੍ਹਾਂ ਵਿਚ ਆਈ ਬੀ ਐਮ, ਐੱਨਸਿਸ, ਟਾਟਾ ਟੈਕਨਾਲੋਜੀਜ ਅਤੇ ਆਰ ਈ ਆਰ ਟੀ ਨੇ ਮਿਲ ਕੇ ਸ਼ਹੀਦਾਂ ਦੀ ਧਰਤੀ ਪੰਜਾਬ ਦੇ ਸ਼ਹੀਦ ਭਗਤ ਸਿੰਘ ਨਗਰ ਵਿੱਚ ਸਥਾਪਤ ਕੀਤਾ ਹੈ ,ਜਿਸ ਦਾ ਮਕਸਦ ਨੌਜਵਾਨਾਂ ਨੂੰ ਕੌਸ਼ਲਯੁਕਤ ਬਣਾ ਕੇ ਭਾਰਤ ਨੂੰ ਵਿਸ਼ਵ ਦੀ ਸਕਿੱਲ ਕੈਪੀਟਲ ਬਣਾਉਣਾ ਹੈ । ਇਸ ਮੌਕੇ ਉਪਕੁਲਪਤੀ ਡਾ ਏ ਐੱਸ ਚਾਵਲਾ,. ਪ੍ਰੋ ਭਗਵੰਤ ਸਿੰਘ ਸਤਿਆਲ ਰਜਿਸਟਰਾਰ ਨੇ ਵੀ ਸੁਤੰਤਰਤਾ ਦਿਵਸ ਵਿਚਾਰ ਰੱਖੇ ਅਤੇ ਮੁਬਾਰਕਾਂ ਦਿੱਤੀਆਂ੍ਰ ਇਸ ਮੌਕੇ ਤੇ ਯੂਨੀਵਰਸਿਟੀ ਦੇ ਸਮੂਹ ਸਟਾਫ਼ ,ਵਿਦਿਆਰਥੀ ਅਤੇ ਅਧਿਕਾਰੀ ਹਾਜ਼ਰ ਸਨ ।

# ਸੁਨਹਿਰਾ ਭਾਰਤ ਪਾਰਟੀ ਵੱਲੋ ਸੁਤੰਤਰ ਦਿਵਸ ਦਾ ਦਿਹਾੜਾ ਧੂਮਧਾਮ ਨਾਲ ਮਨਾਇਆ

● ਲੁਧਿਆਣਾ/ਸੁਖਚੈਨ ਮਹਿਰਾ

ਸੁਤੰਤਰ ਦਿਵਸ ਦੇ ਸ਼ੁਭ ਦਿਹਾੜੇ ਤੇ ਸੁਨਹਿਰਾ ਭਾਰਤ ਪਾਰਟੀ ਵੱਲੋ ਸ਼੍ਰੀ ਰਾਕੇਸ਼ ਕੁਮਾਰ ਜੀ ਨੇ 15 ਅਗਸਤ ਦਾ ਦਿਵਸ ਮਨਾਉਂਦੇ ਹੋਏ ਇਹ ਕਿਹਾ ਕੇ ਅਸੀਂ 77 ਸਾਲਾਂ ਵਿਚ ਅੱਜ ਵੀ ਅਜਾਦੀ ਦਾ ਦਿਨ ਮਨਾ ਰਹੇ ਹਾਂ 9 ਅਸਲ ਵਿਚ ਅਸੀਂ ਅੱਜ ਵੀ ਗੁਲਾਮ ਹੀ ਹਾਂ,ਤੇ ਬੇੜੀਆਂ ਨਾਲ ਜਕੜੇ ਹੋਏ ਹਾਂ। ਸਾਨੂੰ ਮਜੂਦਾ ਸਰਕਾਰ ਨੇ ਐਨਾ ਕੁ ਕਰਜਾਈ ਕਰ ਦਿੱਤਾ ਹੈ ਕੇ ਅੱਜ ਵੀ ਸਾਨੂੰ ਓਹੀ ਅੰਗਰੇਜ ਰਾਜ ਮਹਿਸੂਸ ਹੁੰਦਾ ਹੈ ਸਾਨੂੰ ਅਜਾਦ ਹੋ ਕੇ ਵੀ ਸਾਡੇ ਹੀ ਦੇਸ਼ ਵਿਚ ਗੁਲਾਮਾਂ ਵਾਲੀ ਜਿੰਦਗੀ ਮਹਿਸੂਸ ਹੁੰਦੀ ਹੈ ੍ਰ ਬਾਕੀ ਦੀ ਕਮੀ ਪੰਜਾਬ ਵਿਚ ਚਿੱਟੇ ਵਰਗੀ ਬਿਮਾਰੀ ਲਿਆ ਕੇ ਸਾਡੀਆਂ ਨਸਲਾਂ ਖਤਮ ਕੀਤੀਆਂ ਜਾ ਰਹੀਆਂ ਹਨ ਅਤੇ ਸਾਡੀ ਅਵਾਜ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤਾਂ ਕੇ ਅਸੀਂ ਇਹਨਾਂ ਜਾਲਿਮ ਸਰਕਾਰਾਂ ਦੇ ਖਿਲਾਫ ਬੋਲ ਨਾ ਸਕੀਏ ਪੰਜਾਬ ਨੂੰ ਖਤਮ ਕਾਰਨ ਦੀਆ ਸਾਜਿਸ਼ਾਂ ਰਚੀਆਂ ਜਾ ਰਹੀਆ ਹਨ੍ਰ ਪੰਜਾਬ ਦਾ ਸਾਰਾ ਪੈਸਾ ਆਪਣੀਆ ਮਸ਼ਹੂਰੀਆਂ ਲਈ ਖਰਚਿਆਂ ਜਾ ਰਿਹਾ ਹੈ ਪੰਜਾਬ ਨੂੰ ਪ੍ਰਤੀ ਦਿਨ ਗਿਰਾਇਆ ਜਾ ਰਿਹਾ ਹੈ। ਜਿਸ ਕਰਕੇ ਮਹਿੰਗਾਈ ਦੇ ਨਾਲ ਲੋਕਾਂ ਦੇ ਲੱਕ ਤੋੜੇ ਜਾ ਰਹੇ ਹਨ। ਇਸ ਕਰਕੇ ਅਸੀਂ ਆਪਣੇ ਆਪ ਨੂੰ ਹਾਲੇ ਵੀ ਆਜ਼ਾਦ ਨਹੀਂ ਸਮਝ ਸਕਦੇ੍ਰ ਇਸ ਮੌਕੇ ਤੇ ਸੁਨਹਿਰਾ ਭਾਰਤ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਰਾਕੇਸ਼ ਕੁਮਾਰ,ਜਨਰਲ ਸੈਕਟਰੀ ਅਜੈ ਗਿੱਲ, ਪਾਰਟੀ ਸਟਾਰ ਪਰਚਾਰਕ ਨਰਿੰਦਰ ਨੂਰ ਅਤੇ ਜਗਜੀਤ ਸਿੰਘ,ਸ਼ੈਂਕੀ ਜਿੰਦਲ ਪ੍ਰੋਗਰਾਮ ਦੇ ਮੁਖੀ ਦਿਨੇਸ਼ ਸ਼ਰਮਾ ਹੈਬੋਵਾਲ,ਸ੍ਰੀ ਸਤਪਾਲ ਸ਼ਰਮਾ ਹੈਬੋਵਾਲ, ਐਡਵੋਕੇਟ ਕਨਵ ਸ਼ਰਮਾ ਅਤੇ ਬਾਕੀ ਲੋਕ ਵੀ ਮੌਜੂਦ ਸਨ।



# ਐੱਨ.ਡੀ.ਆਰ.ਐੱਫ, ਭਾਰਤੀ ਫੌਜ ਤੇ ਬੀ.ਐੱਸ.ਐੱਫ ਦੀਆਂ ਟੀਮਾਂ ਨਾਲ ਹੜ੍ਹ ਪ੍ਰਭਾਵਤ ਖੇਤਰਾਂ ਵਿਚ ਰਾਹਤ ਕਾਰਜ ਲਗਾਤਾਰ ਜਾਰੀ

- ਸਥਿਤੀ ਪੂਰੀ ਤਰਾਂ ਕਾਬੂ ਹੇਠ, ਕਿਸੇ ਨੂੰ ਘਬਰਾਉਣ ਦੀ ਲੋੜ ਨਹੀਂ - ਡਿਪਟੀ ਕਮਿਸ਼ਨਰ





● ਗੁਰਦਾਸਪੁਰ-ਨਵਨੀਤ ਕੁਮਾਰ

ਬੀਤੇ ਕੱਲ ਬਿਆਸ ਦਰਿਆ ਵਿੱਚ ਪਾਣੀ ਦਾ ਪੱਧਰ ਵੱਧਣ ਕਾਰਨ ਜਗਤਪੁਰਾ ਟਾਂਡਾ, ਭੈਣੀ ਪਸਵਾਲ ਦੇ ਉੱਪਰ ਦੇ ਇਲਾਕਿਆਂ ਵਿੱਚ ਧੁੱਸੀ ਬੰਨ ਵਿੱਚ ਪਾੜ ਪੈਣ ਕਰਕੇ ਨੀਵੇਂ ਇਲਾਕਿਆਂ ਅਤੇ ਪਿੰਡ ਚੀਚੀਆਂ ਚੋਰੀਆਂ, ਪੱਖੋਵਾਲ, ਦਾਊਵਾਲ, ਖੈਹਿਰਾ, ਦਲੇਰਪੁਰ, ਪਦਾਨਾ, ਛੀਨਾ ਬੇਟ, ਨਡਾਲਾ, ਜਗਤਪੁਰ ਕਲਾਂ, ਕੋਹਲੀਆਂ ਤੇ ਖਰੀਆਨ ਵਿੱਚ ਪਾਣੀ ਭਰ ਗਿਆ ਸੀ। ਇਸ ਤੋਂ ਪਹਿਲਾਂ ਕਿ ਹਾਲਾਤ ਵਿਗੜਦੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਅਗਾਹ ਕਰਕੇ ਕੱਲ ਤੋਂ ਹੀ ਬਚਾਅ ਤੇ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਸਨ। ਕੱਲ ਦੁਪਹਿਰ ਤੋਂ ਬੀਤੀ ਦੇਰ ਰਾਤ ਤੱਕ ਅਤੇ ਅੱਜ ਤੜਕੇ ਸਵੇਰ ਤੋਂ ਹੀ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਪੁਰਾਣਾ ਸ਼ਾਲਾ, ਦਾਓਵਾਲ ਸਮੇਤ ਹੋਰ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਪੁਹੰਚ ਕੇ ਰਾਹਤ ਤੇ ਬਚਾਅ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਵਿਭਾਗ, ਐੱਨ.ਡੀ.ਆਰ.ਐੱਫ, ਭਾਰਤੀ ਫੌਜ ਅਤੇ ਬੀ.ਐੱਸ.ਐੱਫ ਦੀਆਂ ਟੀਮਾਂ ਵੱਲੋਂ ਹੜ੍ਹ ਪ੍ਰਭਾਵਤ ਖੇਤਰ ਵਿੱਚ ਸਾਂਝਾ ਬਚਾਅ ਅਭਿਆਨ ਚਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਥਾਵਾਂ ਤੇ ਧੁੱਸੀ ਬੰਨ ਵਿੱਚ ਪਾੜ ਪਿਆ ਹੈ ਉਸ ਨੂੰ ਠੀਕ ਕਰਨ ਦੇ ਯਤਨ ਵੀ ਕੀਤੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਹੜ੍ਹਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਰਿਆ ਬਿਆਸ ਵਿੱਚ ਪਾਣੀ ਦਾ ਪੱਧਰ ਘੱਟ ਰਿਹਾ ਹੈ ਜਿਸ ਕਾਰਨ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਨੂੰ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਸਥਿਤੀ ਪੂਰੀ ਤਰ੍ਹਾਂ ਕੰਟਰੋਲ ਹੇਠ ਹੈ ਅਤੇ ਕਿਸੇ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਰਾਣਾ ਸ਼ਾਲਾ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਵਿੱਚ ਰਾਹਤ ਕੈਂਪ ਸਥਾਪਤ ਕੀਤਾ ਗਿਆ ਹੈ, ਜਿਥੇ ਮੈਡੀਕਲ, ਵੈਟਨਰੀ ਵਿਭਾਗਾਂ ਸਮੇਤ ਸਾਰੀਆਂ ਟੀਮਾਂ ਤਾਇਨਾਤ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਲੋੜ ਪੈਣ ਤੇ ਹੈਲਪ ਲਾਈਨ ਨੰਬਰ 1800-180-1852 ਜਾਂ 112 ਨੰਬਰ ਤੇ ਕਾਲ ਕੀਤੀ ਜਾ ਸਕਦੀ ਹੈ।

# ਭਾਖੜਾ ਡੈਮ ਦੇ ਖੋਲੇ ਗਏ ਫਲੱਡ ਗੇਟ, ਸਤਲੁਜ ਦਰਿਆ ਦੇ ਕਿਨਾਰੇ ਵਸੇ ਪਿੰਡਾਂ ’ਚ ਆਇਆ ਪਾਣੀ

## ਐਨ ਡੀ ਆਰ ਐੱਫ ਦੀ ਸਹਾਇਤਾ ਨਾਲ ਪ੍ਰਸ਼ਾਸਨ ਅਤੇ ਸਥਾਨਕ ਲੋਕਾਂ ਵਲੋ ਰਾਹਤ ਕਾਰਜ ਜਾਰੀ





**• ਸ਼੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਬੀਤੇ ਦਿਨੀਂ ਹਿਮਾਚਲ ਵਿਚ ਹੋਈ ਭਾਰੀ ਵਰਖਾ ਨਾਲ ਜਿੱਥੇ ਹਿਮਾਚਲ ਵਿਚ ਭਾਰੀ ਨੁਕਸਾਨ ਹੋਇਆ ਹੈ ਉਥੇ ਹੀ ਵਰਖਾ ਦਾ ਪਾਣੀ ਭਾਖੜਾ ਡੈਮ ਵਿੱਚ ਆਉਣ ਕਾਰਨ ਪਾਣੀ ਦਾ ਸਤਰ ਖਤਰੇ ਦੇ ਨਿਸ਼ਾਨ ਦੇ ਨਜ਼ਦੀਕ ਪਹੁੰਚ ਗਿਆ ਸੀ ਜਿਸ ਕਾਰਨ ਡੈਮ ਵਿਚ ਆਇਆ ਵਾਧੂ ਪਾਣੀ ਕੱਢਣ ਲਈ ਵਿਸ਼ਵ ਪ੍ਰਸਿੱਧ ਭਾਖੜਾ ਡੈਮ ਦੇ ਫਲੱਡ ਗੇਟ ਖੋਲਣੇ ਪੈ ਗਏ ਸਨ। ਡੈਮ ਵਿੱਚ ਵਾਧੂ ਪਾਣੀ ਆਉਣ ਕਾਰਨ ਜਿੱਥੇ ਬੀਤੇ ਕੱਲ ਤੋਂ ਫਲੱਡ ਗੇਟ ਖੋਲੇ ਗਏ ਸਨ, ਜਿਸ ਨਾਲ ਇਹ ਪਾਣੀ ਨੰਗਲ ਡੈਮ ਤੋਂ ਹੁੰਦਾ ਹੋਇਆ ਸਤਲੁਜ ਦਰਿਆ ਵਿਚ ਛੱਡਿਆ ਗਿਆ ਜਿਸ ਕਾਰਨ ਸਤਲੁਜ ਦਰਿਆ ਆਪਣੇ ਪੂਰੇ ਉਫਾਨ ਤੇ ਚਲਾ ਗਿਆ ਸੀ ਅਤੇ ਸਤਲੁਜ ਦੇ ਨਾਲ ਲਗਦੇ ਨੰਗਲ ਅਤੇ ਸ਼੍ਰੀ ਅਨੰਦਪੁਰ ਸਾਹਿਬ ਦੇ ਕਈ ਪਿੰਡਾ ਨੂੰ ਪਾਣੀ ਦੀ ਮਾਰ ਝੇਲਣੀ ਪਈ। ਹਿਮਾਚਲ ਪ੍ਰਦੇਸ਼ ਪੁਲਿਸ ਦੇ ਟਵਿਟਰ ਹੈਂਡਲ ਤੇ ਭਾਖੜਾ ਡੈਮ ਵਲੋ 8 ਫੁੱਟ ਫਲੱਡ ਗੇਟ ਖੋਲ ਕੇ ਵਾਧੂ ਪਾਣੀ ਛੱਡਣ ਦੀ ਜਾਣਕਾਰੀ ਦਿੱਤੀ ਗਈ ਅਤੇ ਸੁਰੱਖਿਅਤ ਜਗ?ਹਾ ਤੇ ਜਾਣ ਦੀ ਅਪੀਲ ਵੀ ਕੀਤੀ ਗਈ। ਦੂਜੇ ਪਾਸੇ ਪਾਣੀ ਦੀ ਮਾਰ ਹੇਠ ਆਏ ਨੰਗਲ ਅਤੇ ਸ਼੍ਰੀ ਅਨੰਦਪੁਰ ਸਾਹਿਬ ਦੇ ਪਿੰਡਾ ਵਿਚ ਕੈਬਿਨੇਟ ਮੰਤਰੀ ਹਰਜੋਤ ਸਿੰਘ ਬੈਂਸ ਬੀਤੇ ਕੱਲ ਤੋਂ ਹੀ ਬਚਾਅ ਕਾਰਜਾ ਦਾ ਜਾਇਜਾ ਲੈ ਰਹੇ ਸਨ ਅਤੇ ਬੁੱਧਵਾਰ ਤੜਕਸਾਰ ਤੋਂ ਹੀ ਵੱਖ ਵੱਖ ਪਿੰਡਾਂ ਵਿਚ ਜਾਕੇ ਸਤਿਥੀ ਦਾ ਜਾਇਜਾ ਲੈ ਰਹੇ ਸਨ।ਜੇਕਰ ਪ੍ਰਸ਼ਾਸ਼ਨ ਦੀ ਗੱਲ ਕਰੀਏ ਤਾਂ ਸਥਾਨਕ ਪ੍ਰਸ਼ਾਸ਼ਨ ਅਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਦੇ ਹੋਏ ਰਾਹਤ ਕਾਰਜਾ ਦਾ ਜਾਇਜਾ ਲੈ ਰਹੇ ਸਨ। ਇਸ ਮੌਕੇ ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਤੇ ਨੰਗਲ ਵਿਖੇ ਹੜ੍ਹ ਨਾਲ ਪ੍ਰਭਾਵਿਤ ਪਿੰਡਾਂ ਵਿਚੋਂ 200 ਤੋਂ ਵੱਧ ਲੋਕਾਂ ਨੂੰ ਕੱਢਿਆ ਗਿਆ ਹੈ ਅਤੇ ਬਚਾਅ ਕਾਰਜ ਜੰਗੀ ਪੱਧਰ ਉਤੇ ਜਾਰੀ ਹਨ।



ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪ੍ਰਭਾਵਿਤ ਪਿੰਡਾਂ ਵਿਖੇ ਲੋਕਾਂ ਨੂੰ ਗੁਰੂਦਵਾਰਿਆਂ ਰਾਹੀਂ ਅਨਾਊਂਸਮੈਂਟ ਕਰਕੇ ਅਲਰਟ ਕੀਤਾ ਜਾ ਰਿਹਾ ਹੈ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਪਾਣੀ ਦੀ ਮਾਰ ਤੋਂ ਬਚਾਇਆ ਜਾ ਸਕੇ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਇਸ ਸਮੇਂ 4 ਐਨ.ਡੀ.ਆਰ.ਐਫ਼ ਦੀਆਂ ਟੀਮਾਂ ਬਚਾਅ ਕਾਰਜ ਚਲਾ ਰਹੀਆਂ ਇਸ ਤੋਂ ਇਲਾਵਾ ਹੋਰ ਟੀਮਾਂ ਦੀ ਮੰਗ ਕੀਤੀ ਗਈ ਹੈ ਅਤੇ ਆਰਮੀ ਦੀ ਮਦੱਦ ਵੀ ਮੰਗੀ ਗਈ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਾਣੀ ਦੇ ਹੋਰ ਵੱਧਣ ਦੀ ਸੰਭਾਵਨਾ ਹੈ ਇਸ ਲਈ ਸਤਲੁੱਜ ਦਰਿਆ ਨਾਲ ਲਗਦੇ ਪਿੰਡਾਂ ਵਾਲ? ਐਮਰਜੈਂਸੀ ਹਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੀ ਸੁਰੱਖਿਆ ਲਈ ਰਾਹਤ ਕੈਂਪਾਂ ਵਿੱਚ ਪਹੁੰਚਣ। ਸ਼੍ਰੀ ਅਨੰਦਪੁਰ ਸਾਹਿਬ ਦੇ ਪਿੰਡ ਬੁਰਜ, ਗੱਜਪੁਰ, ਚੰਦਪੁਰ, ਹਰੀਵਾਲ, ਮਹਿਦਲੀ ਕਲਾਂ ਦਾ ਦੌਰਾ ਕਰਨ ਮੌਕੇ ਐਸ.ਡੀ.ਐਮ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਵਿਚ ਬੀਤੇ ਦੋ ਦਿਨਾਂ ਦੌਰਾਨ ਹੋਈ ਭਾਰੀ ਬਰਸਾਤ ਨਾਲ ਭਾਖੜਾ ਡੈਮ ਵਿਚ ਪਾਣੀ ਦਾ ਪੱਧਰ ਵੱਧ ਗਿਆ ਹੈ। ਡੈਮ ਤੋਂ ਵੱਧ ਮਾਤਰਾ ਵਿਚ ਪਾਣੀ ਛੱਡਿਆ ਜਾ ਰਿਹਾ ਹੈ, ਜਿਸ ਨਾਲ ਸਤਲੁਜ ਦਰਿਆਂ ਲਾਗਲੇ ਨੀਵੇਂ ਪਿੰਡ ਪ੍ਰਭਾਵਿਤ ਹੋਏ ਹਨ, ਇਨ੍ਹਾਂ ਲੋਕਾ ਦੀ ਜਾਲ ਮਾਲ ਦੀ ਰੱਖਿਆ ਕਰਨਾ ਸਰਕਾਰ ਤੇ ਪ੍ਰਸਾਸ਼ਨ ਦੀ ਜ਼ਿੰਮੇਵਾਰੀ ਹੈ।

# ਬਲਾਚੌਰ ਨਵਾਂਸ਼ਹਿਰ ਮੁੱਖ ਮਾਰਗ ’ਤੇ ਕਾਰ ਅਤੇ ਸਕੂਟੀ ਦੀ ਟੱਕਰ, ਔਰਤ ਦੀ ਮੌਤ, ਲੜਕੀ ਗੰਭੀਰ ਜ਼ਖਮੀ

**• ਬਲਾਚੌਰ/ਜਤਿੰਦਰਪਾਲ ਸਿੰਘ ਕਲੇਰ**

ਬਲਾਚੌਰ-ਨਵਾਂਸ਼ਹਿਰ ਮੁੱਖ ਮਾਰਗ ’ਤੇ ਅੱਜ ਬਾਅਦ ਦੁਪਹਿਰ ਕਰੀਬ 3 ਵਜੇ ਵਾਪਰੇ ਭਿਆਨਕ ਸੜਕ ਹਾਦਸੇ ’ਚ ਇਕ ਔਰਤ ਦੀ ਮੌਤ ਹੋ ਗਈ ਅਤੇ ਉਸ ਦੀ ਲੜਕੀ ਗੰਭੀਰ ਜ਼ਖਮੀ ਦੱਸੀ ਜਾਂਦੀ ਹੈ। ਜਿਸਨੂੰ ਨਵਾਂਸ਼ਹਿਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬਲਾਚੌਰ-ਨਵਾਂਸ਼ਹਿਰ ਮੁੱਖ ਸੜਕ ’ਤੇ ਪਿੰਡ ਗੜ੍ਹੀ ਕਾਨੂੰਗੋਆ ਨੇੜੇ ਸੰਤ ਗੁਰਮੇਲ ਸਿੰਘ ਚੈਰੀਟੇਬਲ ਹਸਪਤਾਲ ਦੇ ਸਾਹਮਣੇ ਮਾਂ-ਧੀ ਹਸਪਤਾਲ ਨੂੰ ਨਵਾਂਸ਼ਹਿਰ ਤੋਂ ਮੋੜਨ ਲਈ ਸਕੂਟੀ ’ਤੇ ਖੜ੍ਹੀਆਂ ਸਨ ਕਿ ਜਿਵੇਂ ਹੀ ਉਨ੍ਹਾਂ ਨੇ ਸਕੂਟੀ ਨੂੰ ਮੋੜ ਕੇ ਅੱਗੇ ਕਰ ਦਿੱਤਾ। ਨੈਸ਼ਨਲ ਹਾਈਵੇਅ ਦਾ ਕੱਟ ਮਾਰਿਆ ਤਾਂ ਪਿੱਛੇ ਤੋਂ ਇੱਕ ਮਰਸਡੀਜ਼ ਕਾਰ ਅਤੇ ਆਰ-26-ਵੀ ਕੇ-5983 ਤੇਜ਼ ਰਫ਼ਤਾਰ ਨਾਲ ਆ ਰਹੀ ਸੀ, ਜਿਸ ਨੇ ਉਨ੍ਹਾਂ ਦੀ ਸਕੂਟੀ ਨੰਬਰ ਪੀਬੀ-24-ਈ 0168 ਦੇ ਪਿੱਛੇ ਟੱਕਰ ਮਾਰ ਦਿੱਤੀ। ਔਰਤ ਅਮਰਜੀਤ ਕੌਰ (48) ਸਾਲਾ ਪਤਨੀ ਬਲਬੀਰ ਚੰਦ ਵਾਸੀ ਲਾਲੀਆ ਵਾਸੀ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਦੀ ਮੌਕੇ ’ਤੇ ਹੀ ਮੌਤ ਹੋ ਗਈ ਜਦਕਿ ਲੜਕੀ ਸੀਆ ਮਾਨ ਗੰਭੀਰ ਰੂਪ ’ਚ ਜ਼ਖਮੀ ਹੋ ਗਈ, ਜਿਸ ਨੂੰ ਨਵਾਂਸ਼ਹਿਰ ਦੇ ਨਿੱਜੀ ਹਸਪਤਾਲ ’ਚ ਦਾਖਲ ਕਰਵਾਇਆ ਗਿਆ ਹੈ। ਸਦਰ ਥਾਣਾ ਬਲਾਚੌਰ ਨੇ ਮੌਕੇ ’ਤੇ ਪਹੁੰਚ ਕੇ ਦੋਵੇਂ ਵਾਹਨਾਂ ਨੂੰ ਕਬਜ਼ੇ ’ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਐੱਸ.ਐੱਚ.ਓ ਬਲਾਚੌਰ ਜਨਰੈਲ ਸਿੰਘ ਨੇ ਦੱਸਿਆ ਕਿ ਪਰਿਵਾਰਕ ਮੈਂਬਰਾਂ ਦੇ ਬਿਆਨਾਂ ’ਤੇ ਮਾਮਲਾ ਦਰਜ ਕੀਤਾ ਜਾ ਰਿਹਾ ਹੈ। ਮ੍ਰਿਤਕ ਔਰਤ ਦੀ ਲਾਸ਼ ਨੂੰ ਬਲਾਚੌਰ ਦੇ ਸਰਕਾਰੀ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾਇਆ ਗਿਆ ਹੈ। ਔਰਤ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਿਸਾਂ ਨੂੰ ਸੌਂਪ ਦਿੱਤੀ ਜਾਵੇਗੀ। ਟੱਕਰ ਇੰਨੀ ਭਿਆਨਕ ਸੀ ਕਿ ਸਕੂਟੀ ਦੇ ਪਰਖੱਚੇ ਉੱਡ ਗਏ।



# ਵਿਧਾਇਕਾ ਅਰੁਨਾ ਚੌਧਰੀ ਵੱਲੋਂ ਹਡ ਪ੍ਰਭਾਵਿਤ ਪਿੰਡਾਂ ਦਾ ਦੌਰਾ, ਲੋਕਾਂ ਦਾ ਹਾਲਚਾਲ ਜਾਣਿਆਂ

**• ਦੀਨਾਨਗਰ/ਡਾ.ਰਮੇਸ਼ ਸਰੰਗਲ**

ਦਰਿਆ ਬਿਆਸ ਦੀ ਮਾਰ ਕਾਰਨ ਹਡ ਦੀ ਲਪੇਟ ਵਿੱਚ ਆਏ ਹਲਕਾ ਦੀਨਾਨਗਰ ਦੇ ਦਰਜਨ ਤੋਂ ਵੱਧ ਪਿੰਡਾਂ ਦੇ ਲੋਕਾਂ ਦਾ ਹਾਲਚਾਲ ਜਾਨਣ ਲਈ ਅੱਜ ਵਿਧਾਇਕਾ ਤੇ ਸਾਬਕਾ ਕੈਬਨਿਟ ਮੰਤਰੀ ਅਰੁਨਾ ਚੌਧਰੀ ਵੱਲੋਂ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਇਸ ਦੌਰਾਨ ਪਿੰਡ ਜਗਤਪੁਰ ਕਲਾਂ, ਟਾਂਡਾ, ਦਊਵਾਲ, ਸੈਦੋਵਾਲ, ਮੀਲਮਾਂ, ਭੱਟੀਆ, ਬਾਜ਼ੀਗਰ ਕਾਲੋਨੀ ਮੀਲਮਾਂ, ਗੁੰਝੀਆਂ ਬੇਟ, ਮੁੰਨਣਖੁਰਦ, ਭੁੰਡੇਵਾਲ, ਗੁਰੀਆ ਅਤੇ ਸੰਦਙਾਂ ਵਿਖੇ ਪਹੁੰਚ ਕੇ ਪਾਣੀ ਦੇ ਘੇਰੇ ਵਿੱਚ ਆਏ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਹੌਸਲਾ ਬਣਾਈ ਰੱਖਣ ਦੀ ਅਪੀਲ ਕੀਤੀ ਗਈ। ਵਿਧਾਇਕਾ ਨੇ ਤਹਿਸੀਲਦਾਰ ਗੁਰਦਾਸਪੁਰ ਹਿਰਦੇ ਲਾਲ ਕੋਲੋਂ ਸਥਿਤੀ ਦਾ ਜਾਇਜ਼ਾ ਲੈਣ ਉਪਰੰਤ ਕਿਹਾ ਕਿ ਉਹ ਇਸ ਔਖੀ ਘੜ?ੀ ਵਿੱਚ ਹਲਕੇ ਦੀ ਜਨਤਾ ਦੇ ਨਾਲ ਖੜ ਹਨ ਅਤੇ ਉਨ੍ਹਾਂ ਦੀ ਹਰ ਸੰਭਵ ਮਦਦ ਲਈ ਤਿਆਰ ਹਨ। ਉਨ੍ਹਾਂ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਹਦਾਇਤ ਕੀਤੀ ਕਿ ਉਹ ਸਾਰੇ ਕੰਮ ਛੱਡ ਕੇ ਹਡ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਅਤੇ ਉਨ੍ਹਾਂ ਨੂੰ ਜ਼ਰੂਰਤ ਦਾ ਸਮਾਨ ਮੁਹੱਈਆ ਕਰਵਾਉਣ। ਉਨ੍ਹਾਂ ਕਿਹਾ ਕਿ ਪੌਂਗ ਡੈਮ ਵੱਲੋਂ ਛੱਡੇ 1.40 ਲੱਖ ਕਿਊਸਿਕ ਪਾਣੀ ਨੇ ਸਥਿਤੀ ਹੋਰ ਵਿਗਾੜੀ ਹੈ ਅਤੇ ਇਸ ਵੇਲੇ ਦਰਜਨ ਤੋਂ ਵੱਧ ਪਿੰਡ ਪਾਣੀ ਵਿੱਚ ਡੁੱਬ ਗਏ ਹਨ ਜੋ ਚਿੰਤਾਜਨਕ ਸਥਿਤੀ ਹੈ। ਉਨ੍ਹਾਂ ਦੱਸਿਆ ਕਿ ਪਾਣੀ ਲਗਾਤਾਰ ਵੱਧਣ ਕਾਰਨ ਪ੍ਰਸ਼ਾਸਨ ਨੇ ਗੁਰਦਾਸਪੁਰ-ਮੁਕੇਰੀਆਂ ਮੁਕੇਰੀਆਂ ਪੁੱਲ ਨੂੰ ਬੰਦ ਕਰਕੇ ਗੁਰਦਾਸਪੁਰ-ਮੁਕੇਰੀਆਂ ਟਰੈਫ਼ਿਕ ਨੂੰ ਦੀਨਾਨਗਰ ਹਾਈਵੇ ਵੱਲ ਦੀ ਡਾਈਵਰਟ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਲੋਕ ਡਰਨ ਦੀ ਬਜਾਏ ਇੱਕ ਦੂਜੇ ਦੀ ਸਹਾਇਤਾ ਲਈ ਤਿਆਰ ਰਹਿਣ ਅਤੇ ਬਿਲਕੁੱਲ ਵੀ ਘਬਰਾਉਣ ਨਾ। ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਨੇਤਾ ਅਸ਼ੋਕ ਚੌਧਰੀ , ਹੀਰਾ ਲਾਲ, ਰੰਮੀ ਠਾਕੁਰ, ਜਿੰਦੀ ਲੁਬਾਣਾ, ਬਾਬਾ ਰਣਜੀਤ ਸਿੰਘ ਸਮੇਤ ਹੋਰ ਲੋਕ ਹਾਜ਼ਰ ਸਨ।





# ਸ੍ਰੀ ਦਸ਼ਮੇਸ਼ ਅਕੈਡਮੀ ਵਿਖੇ ਉਤਸ਼ਾਹ ਨਾਲ ਮਨਾਇਆ ਆਜ਼ਾਦੀ ਦਿਵਸ

■ ਆਜ਼ਾਦੀ ਘੁਲਾਟੀਆਂ ਵਲੋਂ ਦੇਸ਼ ਪ੍ਰਤੀ ਕੀਤੀਆ ਕੁਰਬਾਨੀਆਂ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਨੂੰ ਉਨਾਂ ਦੁਆਰਾ ਦੱਸੇ ਮਾਰਗ ਤੇ ਚੱਲਣ ਦੀ ਦਿੱਤੀ ਪ੍ਰੇਰਨਾ



**• ਸ੍ਰੀ ਅਨੰਦਪੁਰ ਸਾਹਿਬ/ ਦਵਿੰਦਰਪਾਲ ਸਿੰਘ**

ਸ੍ਰੀ ਦਸਮੇਸ਼ ਅਕੈਡਮੀ ਵਿਖੇ 77ਵਾਂ ਆਜ਼ਾਦੀ ਦਿਵਸ ਬਹੁਤ ਜ਼ੋਸ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਮੇਜਰ ਜਨਰਲ ਜੇ ਐਸ ਘੁੰਮਣ, ਵੀ ਐਸ ਐਮ (ਰਿਟਾ) ਚੈਅਰਮੈਨ, ਅਕੈਡਮੀ ਮੈਨੇਜਮੈਂਟ ਕਮੇਟੀ ਅਤੇ ਡਾਇਰੈਕਟਰ ਸ੍ਰੀ ਦਸਮੇਸ਼ ਅਕੈਡਮੀ, ਸ੍ਰੀ ਅਨੰਦਪੁਰ ਸਾਹਿਬ ਨੇ ਤਿਰੰਗਾ ਝੰਡਾ ਲਹਿਰਾਇਆ ਅਤੇ ਸਲਾਮੀ ਲਈ ਅਤੇ ਸਟਾਫ ਅਤੇ ਵਿਦਿਆਰਥੀਆਂ ਨੇ ਰਾਸਟਰੀ ਗੀਤ ਦਾ ਗਾਇਨ ਕੀਤਾ। ਮੇਜਰ ਜਨਰਲ ਜੇ ਐਸ ਘੁੰਮਣ ਨੇ ਆਜ਼ਾਦੀ ਦਿਵਸ ਦੇ ਮੌਕੇ ਸਮੂਹ ਦੇਸ਼ ਵਾਸੀਆਂ ਅਕੈਡਮੀ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਤੇ ਉਨਾਂ ਆਜ਼ਾਦੀ ਘੁਲਾਟੀਆਂ ਅਤੇ ਉਨਾਂ ਦੀਆ ਦੇਸ਼ ਪ੍ਰਤੀ ਕੀਤੀਆਂ ਗਈਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਨੂੰ ਉਨਾਂ ਦੁਆਰਾ ਦੱਸੇ ਮਾਰਗ ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਉਹਨਾਂ ਕਿਹਾ ਆਜਾਦੀ ਤੋ ਬਾਅਦ ਸਾਡੇ ਦੇਸ਼ ਨੇ ਹਰ ਇੱਕ ਖੇਤਰ ਵਿੱਚ ਬਹੁਤ ਤਰੱਕੀ ਕੀਤੀ ਅਤੇ ਹੋਰ ਤਰੱਕੀ ਕਰਨ ਦੀ ਰਾਹ ਤੇ ਜਾ ਰਿਹਾ ਹੈ। ਸਾਨੂੰ ਸਾਰਿਆਂ ਨੂੰ ਦੇਸ਼ ਦੀ ਉਨਤੀ ਵਿੱਚ ਪੂਰਨ ਸਹਿਯੋਗ ਦੇਣਾ ਚਾਹੀਦੀ ਹੈ ਜਿਹੜਾ ਕਿ ਸਾਡਾ ਫਰਜ਼ ਵੀ ਹੈ ਅਤੇ ਖਾਸ ਕਰਕੇ ਵਿਦਿਆਰਥੀ ਵਰਗ ਨੂੰ ਅਤੇ ਸਾਨੂੰ ਅਜਿਹੇ ਸੁ?ਭ ਮੌਕਿਆਂ ਤੇ ਆਪਣੇ ਰਾਸ਼ਟਰ ਦੀ ਤਰੱਕੀ ਲਈ ਪ੍ਰਣ ਕਰਨਾ ਚਾਹੀਦਾ ਹੈ। ਉਨਾਂ ਕਿਹਾ ਕਿ ਗਣਤੰਤਰ ਅਤੇ ਆਜ਼ਾਦੀ ਦਿਵਸ ਮਨਾਉਣ ਦਾ ਮੰਤਵ ਦੇਸ਼ ਦੇ ਨਾਗਰਿਕਾਂ ਅੰਦਰ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ ਹੈ ਅਤੇ ਆਪਣੇ ਦੇਸ਼ ਲਈ ਹਰ ਤਰਾਂ ਦੀ ਕੁਰਬਾਨੀ ਦੇਣ ਲਈ ਤਿਆਰ ਰਹਿਣ ਲਈ ਪ੍ਰੇਰਿਤ ਕਰਨਾ ਹੈ। ਉਹਨਾਂ ਇਸ ਸਮਾਰੋਹ ਵੱਖ ਵੱਖ ਪੇਸ਼ਕਾਰੀਆਂ ਕਰਨ ਵਾਲੇ ਵਿਦਿਆਰਥੀ ਦੀ ਸਲਾਘਾ ਕੀਤੀ ਅਤੇ ਉਹਨਾਂ ਨੂੰ ਵਧਾਈ ਦਿੱਤੀ।ਇਸ ਮੌਕੇ ਤੇ ਮਾਸਟਰ ਨਮਨ ਨੇ ਮਾਸਟਰ ਆਫ ਸਰਮਨੀ ਦੀ ਭੂਮਿਕਾ ਨਿਭਾਈ। ਇਸ ਮੌਕੇ ਤੇ ਮਾਸਟਰ ਕੰਵਲਦੀਪ ਸਿੰਘ ਨੇ ਅੰਗਰੇਜ਼ੀ ਵਿੱਚ ਅਤੇ ਮਾਸਟਰ ਜ਼ਸ਼ਨਦੀਪ ਸਿੰਘ ਨੇ ਹਿੰਦੀ ਵਿੱਚ ਅਤੇ ਮਹਿਕਪ੍ਰੀਤ ਕੌਰ ਨੇ ਪੰਜਾਬੀ ਭਾਸ਼ਾ ਵਿੱਚ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਕਰਨ ਵਾਲੇ ਯੋਧਿਆਂ ਨੂੰ ਸ਼ਰਧਾਜਲੀ ਦਿੱਤੀ ਅਤੇ ਇਸ ਦੇ ਨਾਲ ਹੀ ਆਜ਼ਾਦੀ ਦਿਵਸ ਨੂੰ ਮਨਾਉਣ ਅਤੇ ਇਸ ਦੀ ਮਹੱਤਵ ਬਾਰੇ ਭਰਪੂਰ ਜਾਣਕਾਰੀ ਦਿੱਤੀ ਅਤੇ ਆਪਣੇ ਦੇਸ਼ ਦੀ ਆਜ਼ਾਦੀ ਲਈ ਕੀਤੇ ਗਏ ਸੰਘਰਸ, ਕੁਰਬਾਨੀਆਂ ਆਦਿ ਬਾਰੇ ਵਿਸ਼ਥਾਰ ਪੂਰਵਕ ਚਾਨਣਾ ਪਾਇਆ ਅਤੇ ਸਾਨੂੰ ਆਪਣੇ ਸਮਾਜ ਅਤੇ ਦੇਸ਼ ਪ੍ਰਤੀ ਫਰਜ਼ ਨਿਭਾਉਣ ਲਈ ਵੀ ਕਿਹਾ। ਇਸ ਮੌਕੇ ਤੇ ਅਕੈਡਮੀ ਦੇ ਪ੍ਰਿੰਸੀਪਲ ਕਰਨਲ (ਰਿਟਾਇਡ) ਰਮਾ ਕਾਂਤ ਪਾਂਡੇ ਨੇ ਦੇਸ਼ ਦੀ ਆਜ਼ਾਦੀ ਤੋਂ ਬਾਅਦ 1947 ਤੋਂ 2023 ਤੱਕ ਦੇਸ਼ ਵਿੱਚ ਸਮਾਜਿਕ, ਆਰਥਿਕ ਸਾਇੰਸ ਅਤੇ ਤਕਨਾਲੌਜੀ ਅਤੇ ਹੋਰ ਖੇਤਰਾਂ ਵਿੱਚ ਤਰੱਕੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਅਸੀਂ ਦੇਸ਼ ਦੀ ਤਰੱਕੀ ਲਈ ਬਹੁਤ ਲੰਮਾ ਸਫਰ ਤਹਿ ਕਰ ਚੁੱਕੇ ਹਾਂ ਅਤੇ ਅਜੇ ਵੀ ਅਸੀਂ ਬਹੁਤ ਸਫਰ ਤਹਿ ਕਰਨਾ ਬਾਕੀ ਹੈ ਉਹਨਾਂ ਦੇਸ਼ ਦੇ ਵਿਦਿਆਰਥੀ ਵਰਗ ਨੂੰ ਦੇਸ਼ ਦੀ ਉਨਤੀ ਅਤੇ ਤਰੱਕੀ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਦੀ ਨਸੀਹਤ ਦਿੱਤੀ।

# ਆਜ਼ਾਦੀ ਦਿਹਾੜੇ ਮੌਕੇ ਵੱਖ-ਵੱਖ ਥਾਵਾਂ ਤੇ ਲਗਾਏ ਗਏ ਫਲਦਾਰ ਤੇ ਛਾਂਦਾਰ ਬੂਟੇ





**• ਸ੍ਰੀ ਅਨੰਦਪੁਰ ਸਾਹਿਬ,/ਦਵਿੰਦਰਪਾਲ ਸਿੰਘ**

## ਵਾਤਾਵਰਨ ਨੂੰ ਬਚਾਉਣ ਲਈ ਆਸਰਾ ਫਾਊਂਡੇਸ਼ਨ ਵਲੋਂ ਕੀਤੇ ਜਾ ਰਹੇ ਕਾਰਜ ਸ਼ਲਾਘਾਯੋਗ : ਐੱਸ ਐੱਚ ਓ ਹਰਕੀਰਤ ਸਿੰਘ

'ਆਜ਼ਾਦੀ ਦਾ ਅੰਮ੍ਰਿਤ ਮਹਾਉਤਸਵ' ਤਹਿਤ ਵਾਤਾਵਰਨ ਨੂੰ ਸਮਰਪਿਤ ਸੰਸਥਾ ÷ਆਸਰਾ ਫਾਊਂਡੇਸ਼ਨ÷ (ਰਜਿ:) ਸ੍ਰੀ ਅਨੰਦਪੁਰ ਸਾਹਿਬ ਵਲੋਂ ਆਜ਼ਾਦੀ ਦਿਹਾੜੇ ਦੀ 77ਵੀਂ ਵਰ੍ਹੇਗੰਢ ਮੌਕੇ ਬੀਤੇ ਦਿਨੀਂ 77 ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਸੀ। ਜਿਸਦੇ ਤਹਿਤ ਸੰਸਥਾ ਵੱਲੋਂ ਇਲਾਕੇ ਦੀਆਂ ਵੱਖ-ਵੱਖ ਥਾਵਾਂ ਤੇ ਫਲਦਾਰ ਤੇ ਛਾਂਦਾਰ ਬੂਟੇ ਲਗਾਏ ਗਏ। ਇਸੇ ਤਹਿਤ ਅੱਜ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਪੁਲਿਸ ਥਾਣਾ, ਡਾ.ਦਿਆਲ ਸਿੰਘ ਸਕੂਲ ਆਫ ਨਰਸਿੰਗ ਨਿੱਕੂਵਾਲ, ਸ਼ਿਵ ਮੰਦਿਰ ਸੱਧੇਵਾਲ, ਗੰਗੂਵਾਲ ਅਤੇ ਹੋਰ ਥਾਵਾਂ ਤੇ ਫਲਦਾਰ ਤੇ ਛਾਂਦਾਰ ਬੂਟੇ ਲਗਾਕੇ ਇਸ ਮੁਹਿੰਮ ਨੂੰ ਮੁਕੰਮਲ ਕੀਤਾ ਗਿਆ। ਸਥਾਨਕ ਪੁਲਿਸ ਥਾਣਾ ਵਿਖੇ ਬੂਟੇ ਲਗਾਉਣ ਮੌਕੇ ਥਾਣਾ ਮੁਖੀ ਹਰਕੀਰਤ ਸਿੰਘ ਨੇ ਆਸਰਾ ਫਾਊਂਡੇਸ਼ਨ ਦੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੰਸਥਾ ਪਿਛਲੇ ਲੰਮੇ ਸਮੇਂ ਤੋਂ ਵੱਖ-ਵੱਖ ਥਾਵਾਂ ਤੇ ਬੂਟੇ ਲਗਾਕੇ, ਵੰਡਕੇ ਅਤੇ ਪੌਣ ਪਾਣੀ ਦੀ ਸਾਂਭ ਸੰਭਾਲ ਬਾਰੇ ਲੋਕਾਂ ਨੂੰ ਜਾਗਰੂਕ ਕਰਕੇ ਵਾਤਾਵਰਨ ਦੀ ਸ਼ੁੱਧਤਾ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾ ਰਹੀ ਹੈ ਜੋ ਕਿ ਸ਼ਲਾਘਾਯੋਗ ਕੰਮ ਹੈ। ਇਸ ਮੌਕੇ ਸੰਸਥਾ ਦੇ ਪ੍ਰਧਾਨ ਨਵੀਨ ਕੁਮਾਰ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ ਤਾਂ ਜੋ ਸਾਨੂੰ ਅਤੇ ਸਾਡੀਆਂ ਆਉਣ ਵਾਲੀਆਂ ਪੀੜੀਆਂ ਨੂੰ ਸਾਫ ਸੁਥਰਾ ਤੇ ਸ਼ੁੱਧ ਪੌਣ ਪਾਣੀ ਮਿਲ ਸਕੇ। ਉਨ੍ਹਾਂ ਕਿਹਾ ਕਿ ਜੇਕਰ ਆਪਾਂ ਧਰਤੀ ਦੀ ਸੁਰੱਖਿਆ ਕਰਾਂਗੇ ਫਿਰ ਹੀ ਧਰਤੀ ਸਾਡੀ ਸੁਰੱਖਿਆ ਕਰੇਗੀ। ਇਸ ਮੌਕੇ ਐੱਸ ਆਈ ਸਰਬਜੀਤ ਸਿੰਘ, ਐੱਸ ਆਈ ਯੋਗਰਾਜ ਸਿੰਘ, ਹਰਜਾਪ ਸਿੰਘ, ਜਸਪਾਲ ਸਿੰਘ ਢਾਹੇ, ਹਰਿੰਦਰ ਸਿੰਘ ਵਾਲੀਆ, ਰਜਿੰਦਰ ਸਿੰਘ, ਬਲਰਾਮ ਪ੍ਰਾਸ਼ਰ, ਦਵਿੰਦਰਪਾਲ ਸਿੰਘ, ਅੰਕੁਸ਼ ਕੁਮਾਰ, ਮਾ.ਸੰਜੀਵ ਧਰਮਾਣੀ, ਜਸਦੀਪ ਸਿੰਘ ਧਾਰੀਵਾਲ, ਧੀਰਜ ਘਈ, ਦੁਰੋਹੀਨ ਘਈ, ਅਜੇ ਕੁਮਾਰ, ਕੰਵਲਜੋਤ ਸਿੰਘ ਆਦਿ ਹਾਜ਼ਰ ਸਨ।

# ਸ਼ਹੀਦੇ ਦੇ ਮਾਰਗ ਤੇ ਚੱਲ ਹੀ ਦੇਸ਼ ਤਰੱਕੀ ਦੇ ਰਾਹ ਤੇ ਜਾ ਸਕਦਾ : ਡਾ. ਸੁਖਵਿੰਦਰ ਸੁੱਖੀ



**ਨਵਾਂਸ਼ਹਿਰ/ਜਤਿੰਦਰਪਾਲ ਸਿੰਘ ਕਲੇਰ**

76 ਵਾਂ ਆਜਾਦੀ ਦਿਵਸ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ, ਬੰਗਾ ਤੋ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਸਹਿਤ ਆਪਣੇ ਹੋਰ ਸਾਥੀਆ ਨਾਲ ਕਾਫਲੇ ਦੇ ਰੂਪ ਵਿੱਚ ਖਟਕੜ ਕਲਾਂ ਪਹੁੰਚ ਕੇ ਉਥੇ ਉਨਾ ਨੇ ਸ਼ਹੀਦੇ ਆਜਮ ਸ ਭਗਤ ਸਿੰਘ , ਰਾਜਗੁਰੂ ਤੇ ਸੁਖਦੇਵ ਜੀ ਨੂੰ ਸ਼ਰਧਾਂ ਦਾ ਫੁੱਲ ਭੇਟ ਕੀਤਾ, ਇਸ ਮੌਕੇ ਤੇ ਡਾ. ਸੁੱਖੀ ਨੇ ਕਿਹਾ ਕਿ ਸਾਨੂੰ ਸ਼ਹੀਦਾ ਦੇ ਦੱਸੇ ਮਾਰਗ ਤੇ ਚੱਲਣ ਦੀ ਜਰੂਰਤ ਹੈ, ਉਨਾ ਕਿਹਾ ਕਿ ਅੱਜ ਦੀ ਨੌਜਵਾਨਾ ਪੀੜੀ ਨਸ਼ਿਆ ਦੀ ਦਲਦਲ ਵਿੱਚ ਫਸਦੀ ਜਾ ਰਹੀ ਹੈ, ਸਾਨੂੰ ਇਨਾ ਨੂੰ ਸਹੀ ਰਾਹ ਤੇ ਲਿਆਉਣ ਦੀ ਜਰੂਰਤ ਹੈ, ਉਨਾ ਕਿਹਾ ਕਿ ਮੌਕੇ ਦੀ ਆਮ ਆਦਮੀ ਪਾਰਟੀ ਗੱਲਾ ਨਾਲ ਹੀ ਸਾਰ ਰਹੀ ਹੈ, ਜਮੀਨੀ ਹਕੀਕਤ ਕੁਝ ਹੋਰ ਹੀ ਹੈ, ਉਨਾ ਕਿਹਾ ਕਿ ਆਮ ਆਦਮੀ ਪਾਰਟੀ ਨੇ ਆਪਣੇ ਚੋਣ ਮੈਨੀਫੈਸਟੋ ਵਿੱਚ ਕਈ ਵਾਅਦੇ ਕੀਤੇ ਸੀ ਜੋ ਅਜੇ ਤੱਕ ਪੂਰੇ ਨਹੀ ਕੀਤੇ, ਮਹਿਲਾਵਾਂ ਨੂੰ ਅਜੇ ਤੱਕ ਇਕ ਹਜਾਰ ਰੁ ਦੇਣ ਦਾ ਵਾਅਦਾ ਵੀ ਖੋਖਲਾ ਸਾਬਤ ਹੋਇਆ, ਉਨਾ ਕਿਹਾ ਕਿ ਇਸ ਸਰਕਾਰ ਨੇ ਸਿਰਫ ਵਾਅਦੇ ਹੀ ਕੀਤੇ ਹਨ, ਪੂਰਾ ਕੋਈ ਵੀ ਨਹੀ ਕੀਤਾ, ਉਨਾ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਆਪਣੇ ਕਾਰਜਕਾਲ ਵਿੱਚ ਬਿਨਾ ਭੇ✵◆▲✤ ਇਲਾਕੇ ਦੇ ਲੋਕਾ ਨੂੰ ਸੁਵਿਧਾਵਾ ਪ੍ਰਦਾਨ ਕੀਤੀਆ, ਨੌਜਵਾਨਾ ਨੂੰ ਰੋਜਗਾਰ ਮੁਹੱਈਆ ਕਰਵਾਇਆ, ਰੋਜਗਾਰ ਦੇ ਮੌਕੇ ਪ੍ਰਦਾਨ ਕੀਤੇ, ਉਨਾ ਕਿਹਾ ਕਿ ਆਉਣ ਵਾਲੀਆ ਚੋਣਾ ਵਿੱਚ ਫਿਰ ਅਕਾਲੀ ਦਲ ਭਾਰੀ ਬਹੁਮਤ ਨਾਲ ਜਿੱਤ ਹਾਸਿਲ ਕਰਕੇ ਸਤਾ ਵਿੱਚ ਆਉਣ ਗਏ ਇਸ ਮੌਕੇ ਉਹਨਾਂ ਨਾਲ ਇਲਾਕੇ ਤੋਂ ਸੀਨੀਅਰ ਅਕਾਲੀ ਆਗੂ ਅਤੇ ਲੌਕਾ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਈ।

# ਸਾਈਂ ਹਸਪਤਾਲ ਵਿਖੇ ਮਨਾਇਆ ਸੁਤੰਤਰਤਾ ਦਿਵਸ



**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਸਾਈਂ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੁਤੰਤਰਤਾ ਦਿਵਸ ਉਤਸ਼ਾਹ ਦੇ ਨਾਲ ਮਨਾਇਆ ਗਿਆ। ਇਸ ਮੌਕੇ ਡਾ. ਭਰਤ ਜਸਵਾਲ ਅਤੇ ਡਾ. ਸਾਰਿਕਾ ਜਸਵਾਲ ਨੇ ਸਾਰੇ ਦੇਸ਼ ਵਾਸੀਆਂ ਨੂੰ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਹਸਪਤਾਲ ਦੇ ਸਮੁਚੇ ਸਟਾਫ ਵਲੋਂ ਮਰੀਜਾਂ ਅਤੇ ਉਹਨਾਂ ਦੇ ਰਿਸ਼ਤੇਦਾਰਾਂ ਨਾਲ ਮਿਲਕੇ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ। ਇਸ ਮੌਕੇ ਸ਼?ਰੀਮਤੀ ਸਵਿੱਤਰੀ ਜਸਵਾਲ, ਮੇਧਾ ਜਸਵਾਲ, ਜੋਤਿਰਆਦਿਤਿਆ, ਰਾਜ ਕੁਮਾਰ, ਰੇਖਾ, ਦੀਪਿਕਾ, ਪੂਨਮ, ਇੰਦਰਜੀਤ, ਕਿਰਨ, ਨੀਲਮ, ਦਲਬੀਰ, ਕਾਵਿਆ, ਜੱਸੀ, ਗਗਨ ਭਾਟੀਆ, ਸੁਨੀਤਾ, ਲਕਸ਼ਮੀ, ਪ੍ਰੀਤੀ, ਸੋਮਾ, ਅਜੇ, ਮਮਤਾ ਆਦਿ ਹਾਜ਼ਰ ਸਨ।



**ਸੁਤੰਤਰਤਾ ਦਿਵਸ** ਮੌਕੇ ਸ.ਹਰਤੋਜ ਸਿੰਘ ਬੈਂਸ (ਸਕੂਲ ਸਿੱਖਿਆ, ਉਚੇਰੀ ਸਿੱਖਿਆ ਅਤੇ ਤਕਨੀਕੀ ਸਿੱਖਿਆ ਕੈਬਿਨੇਟ ਮੰਤਰੀ ਪੰਜਾਬ ਨੇ ਆਪਣੇ ਕਰ ਕਮਲਾਂ ਨਾਲ ਐਸ ਆਈ ਰਣਜੀਤ ਸਿੰਘ ਰੰਧਾਵਾ (ਜੋਨ ਇੰਚਾਰਜ ਪੀ ਸੀ ਆਰ ਨੰਬਰ 1) ਨੂੰ ਉਹਨਾਂ ਦੀ ਇਮਾਨਦਾਰੀ ਅਤੇ ਮਿਹਨਤ ਨਾਲ ਡਿਊਟੀ ਨਿਭਾਉਣ ਦੇ ਸਬੰਧ ਵਿੱਚ ਜਿਲਾ ਪ?ਸ਼ਾਸ਼ਨ ਲੁਧਿਆਣਾ ਵੱਲੋਂ ਦਿੱਤਾ ਸਨਮਾਨ ਚਿੰਨ੍ਹ ਦੇਕੇ ਸਨਮਾਨਿਤ ਕੀਤਾ ਗਿਆ ! ਇਸ ਮੌਕੇ ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਲੁਧਿਆਣਾ, ਪੁਲਸ ਕਮਿਸ਼ਨਰ ਸ. ਮਨਦੀਪ ਸਿੰਘ ਸਿੱਧੂ, ਡਿਪਟੀ ਕਮਿਸ਼ਨਰ ਸੁਰਭੀ ਮਲਿਕ, ਵਿਧਾਇਕ ਚੌਧਰੀ ਮਦਨ ਲਾਲ ਬੱਗਾ, ਵਿਧਾਇਕ ਕੁਲਵੰਤ ਸਿੰਘ ਸਿੱਧੂ, ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਵਿਧਾਇਕ ਰਾਜਿੰਦਰ ਪਾਲ ਕੌਰ, ਵਿਧਾਇਕ ਗੁਰਪ੍ਰੀਤ ਬੱਸੀ ਗੋਗੀ, ਵਿਧਾਇਕ ਸਾਹਨੇਵਾਲ ਸ. ਹਰਦੀਪ ਸਿੰਘ ਮੁੰਡਿਆਂ ਉਚੇਚੇ ਤੌਰ ਤੇ ਹਾਜ਼ਰ ਸਨ।

**(ਲੁਧਿਆਣਾ/ਸੁਖਚੈਨ ਮਹਿਰਾ)**

ਅਦਾਰਾ ਲੋਕ ਬਾਣੀ ਵਿੱਚ ਛਾਪੀਆਂ ਜਾਂਦੀਆਂ ਖਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇਨ੍ਹਾਂ ਤੱਥਾਂ ਦੀ ਪੜਤਾਲ, ਪੁਸ਼ਟੀ ਕਰ ਲੈਣ। ਰੋਜਾਨਾ ਲੋਕ ਬਾਣੀ 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ਼ ਜਲੰਧਰ ਕੋਰਟ ਵਿਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ ਖਬਰਾਂ ਪ੍ਰਤੀ ਜੁਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ।



# ਅਫਸਰ ਕਲੋਨੀ ਪਾਰਕ ਵਿੱਚ ਖੇਡਾਂ ਤੇ ਪੜ੍ਹਾਈ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਿਤ

• **ਸੰਗਰੂਰ/ਕੁਲਵਿੰਦਰ ਸਿੰਘ ਧੀਮਾਨ**

ਸਥਾਨਕ ਅਫ਼ਸਰ ਕਲੋਨੀ ਪਾਰਕ ਵਿਖੇ ਪਾਰਕ ਵੈਲਫੇਅਰ ਸੁਸਾਇਟੀ ਵੱਲੋਂ ਖੇਡਾਂ ਅਤੇ ਪੜ੍ਹਾਈ ਵਿੱਚ ਮੱਲਾਂ ਮਾਰਨ ਵਾਲੇ ਕਲੋਨੀ ਦੇ ਬਚਿਆਂ ਨੂੰ ਸਨਮਾਨਿਤ ਕੀਤਾ ਗਿਆ।ਮਾਸਟਰ ਪਰਮਵੇਦ ਦੀ ਪ੍ਰਧਾਨਗੀ ਵਿੱਚ ਹੋਏ ਇਸ ਸਨਮਾਨ ਸਮਾਗਮ ਦੇ ਮੁੱਖ ਮਹਿਮਾਨ ਜ਼ਿਲਾ ਖੇਡ ਅਫ਼ਸਰ ਸਰਦਾਰ ਨਵਦੀਪ ਸਿੰਘ ਔਜਲਾ ਸਨ ਤੇ ਉਨ੍ਹਾਂ ਨਾਲ ਸੁਪਰਡੈਂਟ ਰਾਜਵੀਰ ਸਿੰਘ ਜੀ ਨੇ ਵੀ ਸ਼ਿਰਕਤ ਕੀਤੀ।ਇਸ ਸਮਾਗਮ ਵਿੱਚ ਸਾਬਕਾ ਸਰਪੰਚ ਸੁਰਿੰਦਰ ਸਿੰਘ ਭਿੰਡਰ , ਪ੍ਰਿੰਸੀਪਲ ਪਰਵੀਨ ਮਨਚੰਦਾ ਵਿਸ਼ੇਸ਼ ਤੌਰ ਤੇ ਸ਼ਾਮਲ ਸਨ।ਮਾਸਟਰ ਪਰਮਵੇਦ ਨੇ ਹਾਜ਼ਰੀਨ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਬੱਚਿਆਂ ਦਾ ਸਨਮਾਨ ਕੀਤਾ ਜਾਵੇਗਾ ਜਿਨ੍ਹਾਂ ਨੇ ਖੇਡਾਂ ਵਿੱਚ ਘੱਟੋ ਘਟ ਜ਼ਿਲਾ ਪੱਧਰ 'ਤੇ ਪ੍ਰਾਪਤੀ ਕੀਤੀ ਹੈ ਅਤੇ ਪੜ੍ਹਾਈ ਵਿੱਚ ਜਿਸਨੇ ਆਪਣੀ ਜਮਾਤ ਵਿੱਚੋਂ ਪਹਿਲਾ ਜਾਂ ਦੂਜਾ ਸਥਾਨ ਪ੍ਰਾਪਤ ਕੀਤਾ ਹੈ।ਉਨ੍ਹਾਂ ਪਾਰਕ ਦੀ ਡਿਵੈਲਪਮੈਂਟ ਵਿੱਚ ਕਲੋਨੀ ਨਿਵਾਸੀਆਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ਤੇ ਅੱਗੇ ਤੋਂ ਇਸੇ ਤਰ੍ਹਾਂ ਸਹਿਯੋਗ ਦੀ ਆਸ ਪ੍ਰਗਟਾਈ । ਇਸ ਮੌਕੇ ਮੁਖ ਮਹਿਮਾਨ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ। ਪੜ੍ਹਾਈ ਵਿੱਚ ਮਹਾਰਤ ਤੇ ਸਿਹਤਮੰਦ ਸਰੀਰ ਵਾਲੇ ਬੱਚੇ ਜ਼ਿਕਰਯੋਗ ਪ੍ਰਾਪਤੀਆਂ ਕਰਦੇ ਹਨ।ਉਨ੍ਹਾਂ ਮੋਬਾਈਲ 'ਤੇ ਗੇਮਾਂ ਆਦਿ ਨਾ ਖੇਡਣ ਲਈ ਕਹਿੰਦਿਆਂ ਸਮੇਂ ਦਾ ਸਦਾ ਸਦਉਪਯੋਗ ਕਰਨ ਦਾ ਸੱਦਾ ਦਿੱਤਾ।ਸੁਰਿੰਦਰ ਸਿੰਘ ਭਿੰਡਰ , ਵੈਲਫੇਅਰ ਸੁਸਾਇਟੀ ਦੇ ਵਿਤ ਮੁਖੀ ਕ੍ਰਿਸ਼ਨ ਸਿੰਘ ਤੇ ਅਮ੍ਰਿਤਪਾਲ ਕੌਰ ਚਹਿਲ ਨੇ ਵੀ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਭਾਗ ਲੈਣ ਲਈ ਪ੍ਰੇਰਿਤ ਕੀਤਾ , ਉਨ੍ਹਾਂ ਵਾਧੂ ਸਮੇਂ ਵਿੱਚ ਓਪਨ ਜਿੰਮ ਤੇ ਕਸਰਤ ਕਰਨ ਲਈ ਵੀ ਆਖਿਆ। ਅਮ੍ਰਿਤ ਪਾਲ ਚਹਿਲ ਨੇ ਕਿਹਾ ਕਿ ਸਾਨੂੰ ਤੀਆਂ ਆਦਿ ਮਨਾਉਣ ਲਈ ਪਾਰਕ ਦੀ ਸੁਵਿਧਾ ਮਿਲ ਗਈ ਹੈ ,ਇਸ ਲਈ ਉਨ੍ਹਾਂ ਪ੍ਰਬੰਧਕਾਂ ਦਾ ਧੰਨਵਾਦ ਕੀਤਾ।ਇਸ ਮਗਰੋਂ ਬੰਗਲੌਰ ਵਿਖੇ ਹੋਈਆ ਨੈਸ਼ਨਲ ਪੱਧਰ ਦੀਆਂ ਖੇਡਾਂ ਵਿੱਚ ਸਕੇਟਿੰਗ ਹਾਕੀ ਵਿੱਚ ਗੋਲਡ ਮੈਡਲ ਪ੍ਰਾਪਤ ਕਰਨ ਵਾਲੇ ਗੁਰਸ਼ੇਰ ਸਿੰਘ ਰਾਓ ਜਿਸ ਦੀ ਤਿਆਰੀ ਅਜ ਦੇ ਮੁੱਖ ਮਹਿਮਾਨ ਨੇ ਖੁਦ ਕਰਵਾਈ ਸੀ,ਦਾ ਮੈਡਲ ਤੇ ਪੜ੍ਹਨ ਸਮੱਗਰੀ ਨਾਲ ਸਨਮਾਨ ਹੋਇਆ।ਜ਼ਿਕਰ ਯੋਗ ਹੈ ਕਿ ਗੁਰਸ਼ੇਰ ਸਿੰਘ ਰਾਓ ਇੰਟਰਨੈਸ਼ਨਲ ਸਕੇਟਿੰਗ ਹਾਕੀ ਖੇਡ ਵਿੱਚ ਚੁਣਿਆ ਗਿਆ ਹੈ ਤੇ ਸਤੰਬਰ ਵਿਚ ਚਾਈਨਾ ਖੇਡਣ ਜਾ ਰਿਹਾ ਹੈ। ਪੜ੍ਹਾਈ ਵਿੱਚ ਆਪਣੀ ਜਮਾਤ ਵਿੱਚ ਪਹਿਲਾ , ਦੂਜਾ ਸਥਾਨ ਪ੍ਰਾਪਤ ਕਰਨ ਬੱਚਿਆਂ ਕਸ਼ਿਸ਼ ਬਾਂਸਲ, ਅਰਨਵ,ਕਨਨ ਬਾਂਸਲ, ਹਿਮਾਨੀ,ਅੱਵਲ ਨੂਰ ਤੇ ਬੱਚੀ ਵੰਸ਼ਕਾ ਸਮੇਤ ਸਾਰੇ ਬੱਚਿਆਂ ਨੂੰ ਮੈਡਲਾਂ ਤੇ ਪੜ੍ਹਨ ਸਮੱਗਰੀ ਨਾਲ ਮੁਖ ਮਹਿਮਾਨ ਨਵਦੀਪ ਸਿੰਘ,ਸੁਪਰਡੈਂਟ ਰਾਜਵੀਰ ਸਿੰਘ, ਸੁਰਿੰਦਰ ਸਿੰਘ ਭਿੰਡਰ,ਕ੍ਰਿਸਨ ਸਿੰਘ, ਰਣਦੀਪ ਸਿੰਘ ਰਾਓ, ਇੰਦਰਜੀਤ ਸਿੰਘ ਰਾਓ ,ਗੁਰਤੇਜ ਸਿੰਘ ਚਹਿਲ, ਪ੍ਰਿੰਸੀਪਲ ਪਰਵੀਨ ਮਨਚੰਦਾ, ਰਜਿੰਦਰ ਛਾਬੜਾ, ਜੰਗ ਸਿੰਘ,ਕਮਿਕਰ ਸਿੰਘ,ਹਰਬੰਸ ਲਾਲ ਜਿੰਦਲ, ਨਾਜ਼ਰ ਸਿੰਘ, ਰਜੇਸ਼ ਕੁਮਾਰ, ਰਮੇਸ਼ ਕੁਮਾਰ, ਭੁਪਿੰਦਰ ਫ਼ੌਜੀ ,ਜਸਪ੍ਰੀਤ ਸਿੰਘ,ਸੰਦੀਪ ਭੂਲਣ, ਸੁਭਾਸ਼ ਬਾਂਸਲ, ਵਰਿੰਦਰ ਬਾਂਸਲ,ਪ੍ਰੋਫੈਸਰ ਸੰਤੋਖ ਕੌਰ,ਅਮ੍ਰਿਤ ਪਾਲ ਕੌਰ, ਹਰਜੀਤ ਕੌਰ, ਸੁਨੀਤਾ ਰਾਣੀ, ਬਲਜਿੰਦਰ ਕੌਰ ,ਕਮਲਾ ਰਾਣੀ, ਕਮਲੇਸ਼ ਰਾਣੀ ,ਪੂਨਮ ,ਰੀਤੂ ,ਮਾਸਟਰ ਪਰਮਵੇਦ ਸਮੇਤ ਸਮੂਹ ਹਾਜ਼ਰੀਨ ਨੇ ਸਮੂਹਿਕ ਰੂਪ ਵਿੱਚ ਸਨਮਾਨਿਤ ਕੀਤਾ।

# ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਵਿਖੇ 77 ਵਾਂ ਸੁਤੰਤਰਤਾ ਦਿਵਸ ਸ਼ਾਨੋ-ਸ਼ੌਕਤ ਨਾਲ ਮਨਾਇਆ



• **ਸੰਗਰੂਰ/ਕੁਲਵਿੰਦਰ ਸਿੰਘ ਧੀਮਾਨ**

ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਪਟਿਆਲਾ ਵਿਖੇ 77 ਵਾਂ ਸੁਤੰਤਰਤਾ ਦਿਵਸ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਸਕੂਲ ਪ੍ਰਿੰਸੀਪਲ ਡਾ.ਰਜਨੀਸ਼ ਗੁਪਤਾ ਜੀ ਨੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਸੰਗੀਤ ਅਧਿਆਪਕ ਸ.ਪਰਗਟ ਸਿੰਘ ਦੀ ਯੋਗ ਅਗਵਾਈ ਵਿੱਚ ਵਿਦਿਆਰਥੀਆਂ ਦੀ ਬਰਾਸ ਬੈਂਡ ਦੀ ਟੀਮ ਨੇ ਮਾਰਚ ਪਾਸਟ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ.ਰਜਨੀਸ਼ ਗੁਪਤਾ ਜੀ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜਿੱਥੇ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਇਸਦੇ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਭਾਰਤ ਦੇਸ਼ ਨੂੰ ਅਜ਼ਾਦ ਕਰਵਾਉਣ ਵਾਲੇ ਸ਼ਹੀਦਾਂ ਨੂੰ ਸਾਡਾ ਫ਼ੀਲਖ਼ਾਨਾ ਪਰਿਵਾਰ ਕੋਟਿ -ਕੋਟਿ ਪ੍ਰਣਾਮ ਕਰਦਾ ਹੈ। ਇਸ ਮੌਕੇ ਤੇ ਸਕੂਲ ਦੇ ਐਨ.ਐਸ.ਐਸ ਇੰਚਾਰਜ਼ ਮਨੋਜ ਥਾਪਰ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਸ਼ਹੀਦਾਂ ਦੀ ਵਿਚਾਰਧਾਰਾ ਤੇ ਚਲਣਾ ਚਾਹੀਦਾ ਹੈ ਅਤੇ ਚੰਗਾ ਤੇ ਉਸਾਰੂ ਸਾਹਿਤ ਪੜ੍ਹਨ ਦੀ ਆਦਤ ਪਾਉਣੀ ਚਾਹੀਦੀ ਹੈ। ਮੀਡੀਆ ਕੋਆਰਡੀਨੇਟਰ ਅਕਸ਼ੈ ਕੁਮਾਰ ਨੇ ਮੰਚ ਸੰਚਾਲਨ ਕੀਤਾ। ਇਸ ਮੌਕੇ ਕੰਵਰਜੀਤ ਸਿੰਘ ਧਾਲੀਵਾਲ, ਬਲਵਿੰਦਰ ਸਿੰਘ ਜੱਸਲ, , ਚਰਨਜੀਤ ਸਿੰਘ, ਮਨਦੀਪ ਸਿੰਘ , ਅਨੁਪਮਾ ਗੁਪਤਾ, ਸੁਰਿੰਦਰ ਕੌਰ, ਸਿਮਰਨਪ੍ਰੀਤ ਕੌਰ,ਕਰਮਜੀਤ ਕੌਰ ਆਦਿ ਸਮੂਹ ਸਟਾਫ਼ ਮੈਂਬਰਾਨ ਮੌਜੂਦ ਸਨ ।

**ਫ਼ੀਲਖ਼ਾਨਾ ਪਰਿਵਾਰ ਅਜ਼ਾਦੀ ਲਈ ਕੁਰਬਾਨੀ ਦੇਣ ਵਾਲੇ ਸ਼ਹੀਦਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦਾ ਹੈ- ਡਾ.ਰਜਨੀਸ਼ ਗੁਪਤਾ**

# ਪੰਜਾਬ ਵਿੱਚ ਡਰੋਨ ਛਿੜਕਾਅ ਜਾਗਰੂਕਤਾ ਮੁਹਿੰਮ ਲਾਂਚ

• **ਬਠਿੰਡਾ**

ਖੇਤੀਬਾੜੀ ਵਿੱਚ ਡਰੋਨ ਦੀ ਵੱਧ ਰਹੀ ਮਹੱਤਤਾ ਨੂੰ ਉਜਾਗਰ ਕਰਨ ਲਈ ਸਿੰਜੈਂਟਾ ਇੰਡੀਆ ਨੇ ਪੰਜਾਬ ਅਤੇ ਹਰਿਆਣਾ ਵਿੱਚ ਇੱਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ। ਇੱਕੋ ਸਮੇਂ 100 ਡਰੋਨਾਂ ਦੀ ਵਰਤੋਂ ਕਰਕੇ ਸਿੰਜੇਂਟਾ ਦੇ ਉੱਨਤ ਫਸਲ ਸੁਰੱਖਿਆ ਹੱਲ 'ਇੰਸਿਪੀਓ' ਦਾ ਛਿੜਕਾਅ ਕਰਨ ਦਾ ਲਾਈਵ ਡੈਮੋ ਦਿਖਾਇਆ ਗਿਆ। ਇਸ ਦੇ ਜ਼ਰੀਏ, ਸਿੰਜੇਂਟਾ ਨੇ ਟਿਕਾਊ ਖੇਤੀ ਨੂੰ ਅੱਗੇ ਵਧਾਉਣ ਲਈ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਹੈ। ਮੁੱਖ ਮਹਿਮਾਨ ਅਤੇ ਮੁੱਕੇਬਾਜ਼ੀ ਵਿੱਚ ਓਲੰਪਿਕ ਕਾਂਸੀ ਤਮਗਾ ਜੇਤੂ ਵਿਜੇਂਦਰ ਸਿੰਘ ਨੇ ਸਿੰਜੈਂਟਾ ਇੰਡੀਆ ਵੱਲੋਂ ਕਿਸਾਨਾਂ ਨੂੰ ਖੇਤੀ ਵਿੱਚ ਡਰੋਨ ਤਕਨੀਕ ਦੀ ਵਰਤੋਂ ਬਾਰੇ ਜਾਗਰੂਕ ਕਰਨ ਲਈ ਕੀਤੇ ਜਾ ਰਹੇ ਨਿਵੇਕਲੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ, 'ਡਰੋਨ ਦੀ ਵਰਤੋਂ ਖੇਤੀਬਾੜੀ ਲਈ ਗੇਮ-ਚੇਂਜਰ ਸਾਬਤ ਹੋਵੇਗੀ। ਇਹ ਨਾ ਸਿਰਫ਼ ਸਾਡੇ ਨੌਜਵਾਨਾਂ ਲਈ ਰੁਜ਼ਗਾਰ ਅਤੇ ਉੱਦਮ ਦੇ ਨਵੇਂ ਮੌਕੇ ਪੈਦਾ ਕਰੇਗਾ, ਸਗੋਂ ਸਾਡੇ ਕਿਸਾਨਾਂ ਦੀ ਕੁਸ਼ਲਤਾ ਨੂੰ ਵੀ ਵਧਾਏਗਾ ਅਤੇ ਪੈਦਾਵਾਰ ਵਧਾਉਣ ਵਿੱਚ ਮਦਦ ਕਰੇਗਾ।'

ਸੁਸ਼ੀਲ ਕੁਮਾਰ, ਕੰਟਰੀ ਹੈੱਡ ਅਤੇ ਮੈਨੇਜਿੰਗ ਡਾਇਰੈਕਟਰ, ਸਿੰਜੇਂਟਾ ਇੰਡੀਆ ਨੇ ਖੇਤੀਬਾੜੀ ਨੂੰ ਟਿਕਾਊ ਬਣਾਉਣ ਵਿੱਚ ਤਕਨਾਲੋਜੀ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਖੇਤੀ ਉਤਪਾਦਕਤਾ ਨੂੰ ਹੁਲਾਰਾ ਦੇਣ ਅਤੇ ਕਿਸਾਨਾਂ ਦੇ ਸਸ਼ਕਤੀਕਰਨ ਵਿੱਚ ਡਰੋਨਾਂ ਦੀ ਵਧ ਰਹੀ ਭੂਮਿਕਾ ਦੇ ਮੱਦੇਨਜ਼ਰ, ਸਿੰਜੈਂਟਾ ਇੰਡੀਆ ਦੀ ਇਸ ਪਹਿਲਕਦਮੀ ਦਾ ਉਦੇਸ਼ ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਨੂੰ ਆਧੁਨਿਕ ਖੇਤੀ ਅਭਿਆਸਾਂ ਦੇ ਲਾਭ ਅਤੇ ਉਪਯੋਗ ਪ੍ਰਦਾਨ ਕਰਕੇ ਖੇਤੀਬਾੜੀ ਵਿੱਚ ਕ੍ਰਾਂਤੀ ਲਿਆਉਣਾ ਹੈ ਅਤੇ ਇਸ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। 'ਸਿੰਜੈਂਟਾ ਇੰਡੀਆ' ਦੀ ਡਰੋਨ ਸਪਰੇਅ ਪਹਿਲਕਦਮੀ ਵਿੱਚ ਦੇਸ਼ ਭਰ ਵਿੱਚ 500 ਖੇਤੀਬਾੜੀ ਡਰੋਨਾਂ ਦੀ ਇੱਕ ਪ੍ਰਭਾਵਸ਼ਾਲੀ ਫਲੀਟ ਤਾਇਨਾਤ ਕਰਨਾ ਸ਼ਾਮਲ ਹੈ, ਜਿਸ ਨਾਲ ਇਹ ਭਾਰਤ ਵਿੱਚ ਸਭ ਤੋਂ ਵੱਡਾ ਖੇਤੀ ਡਰੋਨ ਫਲੀਟ ਬਣ ਗਿਆ ਹੈ।



# ਸੁਸ਼ਮਾ ਗਰੁੱਪ ਨੇ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਇਆ



• **ਚੰਡੀਗੜ੍ਹ**



ਸੁਸ਼ਮਾ ਗਰੁੱਪ ਦੇ ਰਿਹਾਇਸ਼ੀ ਪ੍ਰਾਜੈਕਟਾਂ ਵਿੱਚ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਗਰੁੱਪ ਦੇ ਸਾਰੇ ਰਿਹਾਇਸ਼ੀ ਪ੍ਰੋਜੈਕਟਾਂ ਵਿੱਚ ਵੱਖ-ਵੱਖ ਪ੍ਰੋਗਰਾਮ ਕਰਵਾਏ ਗਏ। ਸੁਸ਼ਮਾ ਗਰੁੱਪ ਦੇ ਕਾਰਜਕਾਰੀ ਨਿਰਦੇਸ਼ਕ ਪ੍ਰਤੀਕ ਮਿੱਤਲ ਨੇ ਕਿਹਾ ਕਿ ਇਹ ਦੇਖ ਕੇ ਖੁਸ਼ੀ ਹੋਈ ਕਿ ਬੱਚੇ ਆਜ਼ਾਦੀ ਦੀ ਮਹੱਤਤਾ ਤੋਂ ਜਾਣੂ ਹਨ। ਇਹ ਸੱਚਮੁੱਚ ਰਾਸ਼ਟਰੀ ਸਵੈਮਾਣ, ਏਕਤਾ ਅਤੇ ਆਜ਼ਾਦੀ ਦੀ ਅਟੱਲ ਭਾਵਨਾ ਨੂੰ ਦਰਸਾਉਂਦਾ ਹੈ। ਪ੍ਰੋਗਰਾਮਾਂ ਦਾ ਮੁੱਖ ਆਕਰਸ਼ਣ ਸ਼ਹਿਰ ਵਾਸੀਆਂ ਦੀ ਸਰਗਰਮ ਸ਼ਮੂਲੀਅਤ ਸੀ। ਲੋਕ ਆਪਣੀ ਦੇਸ਼ ਭਗਤੀ ਅਤੇ ਦੇਸ਼ ਪ੍ਰਤੀ ਪਿਆਰ ਦਿਖਾਉਣ ਲਈ ਇਕੱਠੇ ਹੋਏ। ਉਨ੍ਹਾਂ ਦੇ ਯਤਨਾਂ ਸਦਕਾ ਸੁਸ਼ਮਾ ਗਰੁੱਪ ਦੇ ਰਿਹਾਇਸ਼ੀ ਪ੍ਰਾਜੈਕਟਾਂ ਵਿੱਚ ਅਨੇਕਤਾ ਵਿੱਚ ਏਕਤਾ ਦੀ ਭਾਵਨਾ ਦੇਖਣ ਨੂੰ ਮਿਲੀ।

# ਭਗਵੰਤ ਮਾਨ ਝੂਠੇ ਵਾਅਦੇ ਕਰਨ ਵਿੱਚ ਮਾਹਿਰ : ਜੈਵੀਰ ਸ਼ੇਰਗਿੱਲ

• **ਚੰਡੀਗੜ੍ਹ**

ਭਾਜਪਾ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਝੂਠੇ ਵਾਅਦੇ ਕਰਨ ਵਿਚ ਮਾਹਿਰ ਦੱਸਦਿਆਂ, ਕਿਹਾ ਕਿ ਮੁੱਖ ਮੰਤਰੀ ਵਲੋਂ ਬੀਤੇ ਦਿਨ ਪਟਿਆਲਾ ਵਿਖੇ ਆਜ਼ਾਦੀ ਦਿਵਸ ਮੌਕੇ ਦਿੱਤੇ ਆਪਣੇ ਭਾਸ਼ਣ ਦੌਰਾਨ ਪੰਜਾਬ ਨੂੰ ਅਗਲੇ ਆਜ਼ਾਦੀ ਦਿਹਾੜੇ ਤੱਕ ਨਸ਼ਾ ਮੁਕਤ ਸੂਬਾ ਬਣਾਉਣ ਸਬੰਧੀ ਦਾਅਵਾ ਉਨ੍ਹਾਂ ਦੀਆਂ (ਮਾਨ ਦੀ) ਖੋਖਲੀਆਂ ਗੱਲਾਂ ਨੂੰ ਸਪੱਸ਼ਟ ਤੌਰ 'ਤੇ ਉਜਾਗਰ ਕਰਦਾ ਹੈ, ਜਿਨ੍ਹਾਂ ਨੇ ਸੱਤਾ 'ਚ ਆਉਣ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਜੇਕਰ ਉਨ੍ਹਾਂ ਦੀ ਸਰਕਾਰ ਆਉਂਦੀ ਹੈ ਤਾਂ ਉਹ 3 ਮਹੀਨਿਆਂ ਦੇ ਅੰਦਰ ਨਸ਼ੇ ਨੂੰ ਖਤਮ ਕਰ ਦੇਣਗੇ। ਇੱਥੇ ਜਾਰੀ ਇੱਕ ਬਿਆਨ ਵਿੱਚ ਸ਼ੇਰਗਿੱਲ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਅਲਾਮਤ ਨੇ ਖਤਰਨਾਕ ਰੂਪ ਧਾਰਨ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਅਗਲੇ ਮਹੀਨੇ ਮਾਨ ਸਰਕਾਰ ਆਪਣੇ ਕਾਰਜਕਾਲ ਦਾ ਡੇਢ ਸਾਲ ਪੂਰਾ ਕਰ ਲਵੇਗੀ ਅਤੇ ਇਹ ਸ਼ਰਮਨਾਕ ਹੈ ਕਿ ਮੁੱਖ ਮੰਤਰੀ ਨੂੰ ਨਸ਼ਿਆਂ ਦੇ ਖਾਤਮੇ ਲਈ ਅਜੇ ਹੋਰ ਸਾਲ ਦੀ ਲੋੜ ਹੈ। ਉਹ ਮਾਨ ਤੋਂ ਪੁੱਛਣਾ ਚਾਹੁੰਦੇ ਸਨ ਕਿ ਉਨ੍ਹਾਂ ਦੀ ਸਰਕਾਰ ਹੁਣ ਤੱਕ ਕੀ ਕਰ ਰਹੀ ਸੀ। ਸ਼ੇਰਗਿੱਲ ਨੇ ਜ਼ੋਰ ਦਿੰਦਿਆਂ ਕਿਹਾ ਕਿ ਨਸ਼ਿਆਂ ਨਾਲ ਨਜਿੱਠਣ ਲਈ ਸਰਕਾਰ ਦੀ ਗੈਰ-ਸੰਜੀਦਗੀ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਸੱਤਾ ਵਿਚ ਇੰਨਾ ਸਮਾਂ ਬਿਤਾਉਣ ਤੋਂ ਬਾਅਦ ਵੀ ਮੁੱਖ ਮੰਤਰੀ ਕੋਲ ਇਸ ਤੋਂ ਵੱਧ ਕਹਿਣ ਨੂੰ ਕੁਝ ਨਹੀਂ ਹੈ ਕਿ ਨਸ਼ੇ ਖਿਲਾਫ ਕਾਰਵਾਈ ਕਰਨ ਦਾ ਖਾਕਾ ਤਿਆਰ ਹੈ। ਸ਼ੇਰਗਿੱਲ ਨੇ ਮੁੱਖ ਮੰਤਰੀ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ 'ਆਪ' ਸਰਕਾਰ ਦੀ ਦੋਸ਼-ਖੇਡ ਦੀ ਸਿਆਸਤ ਅਤੇ ਪੰਜਾਬ ਪ੍ਰਤੀ ਉਦਾਸੀਨ ਰਵੱਈਆ ਸੂਬੇ 'ਚ ਨਸ਼ਾਖੋਰੀ ਅਤੇ ਤਸਕਰੀ ਦੀ ਅੱਗ ਨੂੰ ਭੜਕਾ ਰਿਹਾ ਹੈ। ਪੰਜਾਬ ਭਾਜਪਾ ਦੇ ਪਰਮਾਨੇਂਟ ਇਨਵਾਇਟੀ ਮੈਂਬਰ ਸ਼ੇਰਗਿੱਲ ਨੇ ਦੁੱਖ ਪ੍ਰਗਟ ਕੀਤਾ ਕਿ ਮੀਡੀਆ ਰਿਪੋਰਟਾਂ ਅਨੁਸਾਰ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਭਿਆਨਕ ਕਾਰਜਕਾਲ ਦੌਰਾਨ ਨਸ਼ਿਆਂ ਦੇ ਓਵਰਡੋਜ਼ ਨਾਲ 200 ਤੋਂ ਵੱਧ ਮੌਤਾਂ ਹੋਈਆਂ ਹਨ। ਸਮੱਸਿਆ ਦੀ ਗੰਭੀਰਤਾ ਇਸ ਗੱਲ ਤੋਂ ਜ਼ਾਹਰ ਹੁੰਦੀ ਹੈ ਕਿ ਲਗਭਗ ਹਰ ਦੂਜੇ ਦਿਨ ਸੂਬੇ ਦੇ ਕਿਸੇ ਨਾ ਕਿਸੇ ਜ਼ਿਲੇ 'ਚੋਂ ਨਸ਼ੇ ਦੀ ਓਵਰਡੋਜ਼ ਨਾਲ ਮੌਤਾਂ ਹੋ ਰਹੀਆਂ ਹਨ। ਜਿਸ 'ਤੇ ਉਨ੍ਹਾਂ ਸਵਾਲ ਕੀਤਾ ਕਿ 'ਆਪ' ਸਰਕਾਰ ਵੱਲੋਂ ਕੀਤੇ ਬਦਲਾਅ ਦਾ ਵਾਅਦਾ ਕਿੱਥੇ ਹੈ। ਸ਼ੇਰਗਿੱਲ ਨੇ ਅੱਗੇ ਕਿਹਾ ਕਿ 'ਆਪ' ਸਰਕਾਰ ਨਸ਼ਿਆਂ ਅਤੇ ਖਾਸ ਕਰਕੇ ਚਿੱਟੇ ਵਿਰੁੱਧ ਕੋਈ ਠੋਸ ਕਾਰਵਾਈ ਕਰਨ 'ਚ ਨਾਕਾਮ ਰਹੀ ਹੈ, ਜੋ ਸੂਬੇ ਲਈ ਘਾਤਕ ਸਿੱਧ ਹੋ ਰਿਹਾ ਹੈ। ਨਸ਼ਿਆਂ ਦੇ ਖਾਤਮੇ ਲਈ ਪੂਰੀ ਤਰ੍ਹਾਂ ਨਾਲ 'ਆਪ' ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਉਨ੍ਹਾਂ ਮੁੱਖ ਮੰਤਰੀ ਨੂੰ ਠੋਸ ਅੰਕੜੇ ਪੇਸ਼ ਕਰਨ ਲਈ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਹੁਣ ਤੱਕ ਨਸ਼ਿਆਂ ਦੇ ਕਾਰੋਬਾਰ 'ਚ ਕਿੰਨੀਆਂ ਵੱਡੀਆਂ ਮੱਛੀਆਂ ਫੜੀਆਂ ਹਨ। ਜ਼ਿਕਰਯੋਗ ਹੈ ਕਿ 6 ਦਸੰਬਰ, 2022 ਨੂੰ ਸੁਪਰੀਮ ਕੋਰਟ ਨੇ ਵੀ ਪੰਜਾਬ ਸਰਕਾਰ ਦੀ ਡਰੱਗ ਤਸਕਰੀ ਨਾਲ ਨਜਿੱਠਣ 'ਚ ਨਾਕਾਮੀ ਲਈ ਖਿਚਾਈ ਕੀਤੀ ਸੀ। ਇਸ ਤੋਂ ਇਲਾਵਾ 11 ਅਗਸਤ, 2023 ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਵੀ ਪੰਜਾਬ ਵਿੱਚ ਨਸ਼ਿਆਂ ਦੀ ਤਸਕਰੀ ਅਤੇ ਸੇਵਨ ਵਿੱਚ ਹੋ ਰਹੇ ਵਾਧੇ 'ਤੇ ਚਿੰਤਾ ਪ੍ਰਗਟਾਈ ਸੀ। ਸ਼ੇਰਗਿੱਲ ਨੇ ਕਿਹਾ ਕਿ ਨਸ਼ਿਆਂ ਦੇ ਪ੍ਰਸਾਰ ਨੂੰ ਰੋਕਣ ਲਈ ਸਖ਼ਤ ਕਾਰਵਾਈ ਕਰਨ ਦੀ ਬਜਾਏ 'ਆਪ' ਸਰਕਾਰ ਦੀ ਮਾੜੀ ਕਾਰਗੁਜ਼ਾਰੀ ਨਸ਼ਿਆਂ ਅਤੇ ਇਸ ਦੀ ਤਸਕਰੀ ਨੂੰ ਵਧਾ ਰਹੀ ਹੈ।



# ਕੇਂਦਰੀ ਵਿਦਿਆਲਿਆ ਉੱਭਾਵਾਲ ਵਿਖੇ ਆਜ਼ਾਦੀ ਦਿਵਸ ਬੜੀ ਧੂਮ ਧਾਮ ਨਾਲ ਮਨਾਇਆ



• **ਸੰਗਰੂਰ/ਕੁਲਵਿੰਦਰ ਸਿੰਘ ਧੀਮਾਨ**

ਕੇਂਦਰੀ ਵਿਦਿਆਲਿਆ ਉੱਭਾਵਾਲ ਵਿਖੇ ਆਜ਼ਾਦੀ ਦਾ ਸਤਤਰਵਾਂ ਦਿਹਾੜਾ ਬੜੀ ਧੂਮ ਧਾਮ ਨਾਲ ਲਾਈਨ ਕਲੱਬ ਸੰਗਰੂਰ ਰੋਇਲ ਨਾਲ ਮਿਲ ਕੇ ਮਨਾਇਆ ਗਿਆ। ਇਸ ਸਮਾਗਮ ਵਿਚ ਲਾਈਨ ਕਲੱਬ ਦੇ ਪ੍ਰਧਾਨ ਸ਼?ਰੀ ਅੰਕੁਸ਼ ਕੌਸ਼ਲ, ਸੈਕਟਰੀ ਬੂਪੈਸ਼ ਭਾਰਦਵਾਜ,ਕੈਸ਼ੀਅਰ ਰਾਜ਼ੀਵ ਸ਼ਰਮਾ ਅਤੇ ਹੋਰ ਮੈਂਬਰ ਪੁੱਜੇ ਝੰਡਾ ਲਹਿਰਾਉਣ ਦੀ ਰਸਮ ਸ਼?ਰੀ ਮਤੀ ਅੰਜਨਾ ਗੰਗਵਾਰ ਪ੍ਰਿੰਸੀਪਲ ਅਤੇ ਅੰਕੁਸ਼ ਕੌਸ਼ਲ ਪ੍ਰਧਾਨ ਨੇ ਅਦਾ ਕੀਤੀ, ਪ੍ਰਿੰਸੀਪਲ ਮੈਡਮ ਨੇ ਆਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਵਿਦਿਆਰਥੀਆਂ ਨੂੰ ਆਜ਼ਾਦੀ ਦੀ ਮਹੱਤਤਾ ਬਾਰੇ ਦੱਸਿਆ ਅਤੇ ਸਾਰਿਆਂ ਨੂੰ ਆਪਣਾ ਕੰਮ ਲੱਗਣ ਅਤੇ ਇਮਾਨਦਾਰੀ ਨਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਸਮਾਗਮ ਵਿਚ ਬੱਚਿਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਦੀ ਸ਼ਲਾਘਾ ਸਾਰੇ ਮਹਿਮਾਨਾਂ ਨੇ ਕੀਤੀ ਇਸ ਸਮਾਗਮ ਦੌਰਾਨ ਕੇਂਦਰੀ ਵਿਦਿਆਲਿਆ ਦੇ ਸਾਰੇ ਵਿਦਿਆਰਥੀ ਜੋ ਰਿਜਨਲ ਸਪੋਰਟਸ ਮੀਟ ਵਿੱਚ ਜੇਤੂ ਰਹੇ ਹਨ ਉਹਨਾਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ ਸਕੂਲ ਅਤੇ ਕਲੱਬ ਵਲੋਂ ਯੋਗਾ ਕੋਚ ਸ਼੍ਰੀਮਤੀ ਕਿਰਨ ਦੀਪ ਮਸਤਾਨਾ ਨੂੰ ਖੇਡਾਂ ਦੀ ਤਿਆਰੀ ਲਈ ਵਿਸ਼ੇਸ਼ ਯੋਗਦਾਨ ਲਈ ਅਤੇ ਸ਼੍ਰੀ ਵਿਕਾਸ ਗੁਪਤਾ ਮੈਥ ਅਧਿਆਪਕ ਨੂੰ ਦਸਵੀਂ ਜਮਾਤ ਦੇ ਸ਼ਾਨਦਾਰ ਨਤੀਜੇ ਲਈ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਸਮਾਗਮ ਦੇ ਅਖੀਰ ਵਿੱਚ ਕਲੱਬ ਦੇ ਪ੍ਰਧਾਨ ਅਤੇ ਸ਼੍ਰੀ ਸ਼ਾਂਤੀ ਸਰੂਪ ਜੀ ਦੁਆਰਾ ਸਾਰਿਆਂ ਦਾ ਧੰਨਵਾਦ ਕੀਤਾ ਗਿਆ ਉਪਰੰਤ ਸਾਰਿਆਂ ਨੂੰ ਮਠਿਆਈਆਂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਇਸ ਸਮਾਗਮ ਵਿਚ ਲਾਇਨ ਕਲੱਬ ਅਤੇ ਰਿਜਨਲ ਚੇਅਰਮੈਨ ਸ੍ਰੀ ਅਸ਼ੋਕ ਗਰਗ ਵਿਸ਼ੇਸ਼ ਤੌਰ ਤੇ ਪੁੱਜੇ ਅਤੇ ਸਾਰਿਆਂ ਨੂੰ ਆਜ਼ਾਦੀ ਦੇ ਪਵਿੱਤਰ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ ਇਸ ਦੌਰਾਨ ਸ੍ਰੀ ਅਸ਼ੋਕ ਗਰਗ ਸੀ ਏ, ਸ੍ਰੀ ਡੀ ਪੀ ਬਾਤਿਸ਼, ਡਾਕਟਰ ਸਾਹਨੀ, ਸ਼੍ਰੀ ਦਵਿੰਦਰ ਕੌਸ਼ਲ, ਸ੍ਰੀ ਮਨੀਸ਼ ਗਰਗ, ਸ਼੍ਰੀ ਰਾਜੀਵ ਜਿੰਦਲ (ਇਤਿਹਾਸਕਾਰ) ਅਤੇ ਸਕੂਲ ਦੇ ਸਾਰੇ ਅਧਿਆਪਕ ਮੌਜੂਦ ਰਹੇ।

# ਸੈਕੜੇ ਸਾਥੀਆ ਦੇ ਨਾਲ ਗੁਰਪ੍ਰੀਤ ਗੁੱਜਰ ਪਹੁੰਚਿਆ ਖਟਕੜ ਕਲਾ ਸ਼ਹੀਦਾ ਨੂੰ ਕੀਤਾ ਪ੍ਰਣਾਮ



• **ਬਲਾਚੌਰ /ਕਾਠਗੜ /ਜਤਿੰਦਰਪਾਲ ਸਿੰਘ ਕਲੇਰ**

ਮਨਾਏ ਜਾ ਰਹੇ 76ਵੇ ਆਜਾਦੀ ਦਿਵਸ ਮੌਕੇ ਸ਼ਹੀਦਾ ਨੂੰ ਪ੍ਰਣਾਮ ਕਰਨ ਦੇ ਲਈ ਬਲਾਚੌਰ ਤੋ ਸ਼੍ਰੋਮਣੀ ਅਕਾਲੀ ਦੇ ਯੂਥ ਆਗੂ ਗੁਰਪ੍ਰੀਤ ਗੁੱਜਰ ਆਪਣੇ ਸੈਕੜੇ ਸਾਥੀਆ ਦੇ ਨਾਲ ਖਟਕੜ ਕਲਾਂ ਪਹੁੰਚੇ ਉਨਾ ਦੇ ਨਾਲ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਸਾਂਸਦ ਹਲਕਾ ਸ਼?ਰੀ ਅਨੰਦਪੁਰ ਸਾਹਿਬ ਨੇ ਵੀ ਵਿਸ਼ੇਸ਼ ਤੌਰ ਤੇ ਪਹੁੰਚੇ੍ ਜਿੰਨਾ ਨੇ ਖਟਕੜਾ ਕਲਾਂ ਵਿੱਚ ਪਹੁੰਚ ਕੇ ਸ਼ਹੀਦਾ ਭਗਤ ਸਿੰਘ ਸੁਖਦੇਵ ਤੇ ਰਾਜਗੁਰੂ ਨੂੰ ਸ਼ਰਧਾਂਜਲੀ ਭੇਟ ਕੀਤੀ । ਗੁਰਪ੍ਰੀਤ ਸਿੰਘ ਗੁੱਜਰ ਨੇ ਕਿਹਾ ਕਿ ਸਾਨੂੰ ਸ਼ਹੀਦਾ ਦੇ ਦੱਸੇ ਮਾਰਗ ਤੇ ਚੱਲਣਾ ਚਾਹੀਦਾ ਹੈ । ਉਨਾ ਦੀ ਕੁਰਬਾਨੀ ਸਦਕਾ ਹੀ ਅਸੀ ਅੱਜ ਆਜਾਦੀ ਦਾ ਨਿੱਘ ਮਾਣ ਰਹੇ ਹਾਂ੍ ਉਨਾ ਕਿਹਾ ਅੱਜ ਸਾਨੂੰ ਵਿਸ਼ਵ ਦੇ ਨਕਸ਼ੇ ਤੇ ਨਿਵੇਕਲੀ ਪਛਾਣ ਬਣਾਉਣ ਦੇ ਲਈ ਦੁਨੀਆ ਦੇ ਤਾਕਤਵਰ ਤੇ ਵੱਡੇ ਰਾਸ਼ਟਰਾਂ ਕਤਾਰ ਵਿੱਚ ਖੜੇ ਹੋਣ ਦਾ ਮੌਕਾ ਮਿਲਿਆ ਹੈ੍ ਸਾਨੂੰ ਭਾਰਤ ਵਾਸੀ ਹੋਣ ਦਾ ਮਾਣ ਹੈ੍ ਇਸ ਮੌਕੇ ਤੇ ਇਲਾਕੇ ਭਰ ਤੋਂ ਨੌਜਵਾਨਾਂ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤਾ।

# ਪਿੰਡ ਦਾ ਸਰਪੰਚ ਹੌਣਾ ਬਹੁਤ ਹੀ ਵੱਡੀ ਜ਼ਿੰਮੇਵਾਰੀ ਹੁੰਦੀ ਹੈ : ਬਾਲ ਕ੍ਰਿਸ਼ਨ ਬਾਗੋਵਾਲ

• **ਬਲਾਚੌਰ/ਜਤਿੰਦਰ ਪਾਲ ਸਿੰਘ ਕਲੇਰ**



ਪਿੰਡ ਦਾ ਸਰਪੰਚ ਹੋਣਾ ਇੱਕ ਅਹਿਮ ਜਿੰਮੇਵਾਰੀ ਹੈ ਜੋ ਪੂਰੇ ਪਿੰਡ ਵਲੋਂ ਬੜੀ ਹੀ ਉਮੀਦ ਨਾਲ? ਕਿਸੇ ਇੱਕ ਵਿਅਕਤੀ ਨੂੰ ਦੇ ਦਿੱਤੀ ਜਾਂਦੀ ਹੈ।ਪਿੰਡ ਵਾਸੀਆਂ ਦੀਆਂ ਬਹੁਤ ਆਸ਼ਾਵਾਂ ਵੀ ਹੁੰਦੀਆਂ ਹਨ।ਮੇਰੇ ਪਿੰਡ ਨੇ 5 ਸਾਲ ਪਹਿਲਾਂ ਇਹ ਜਿੰਮੇਵਾਰੀ ਸਰਬਸਮਤੀ ਕਰਕੇ ਬੜੀ ਹੀ ਉੱਮੀਦ ਨਾਲ ਮੈਨੂੰ ਦਿੱਤੀ ਸੀ।ਇਸ ਸਬੰਧੀ ਜਾਣਕਾਰੀ ਸਾਝੀ ਕਰਦਿਆਂ ਸਰਪੰਚ ਬਾਲ ਕ੍ਰਿਸ਼ਨ ਦੱਸਿਆ ਕੀ ਪਿੰਡ ਦੇ ਹੁਕਮ ਨੂੰ ਸਿਰ ਮੱਥੇ ਲਾ ਮੈਂ ਵੀ ਪਿਛਲੇ 5 ਸਾਲਾਂ ਵਿੱਚ ਪਿੰਡ ਦੀ ਤਰੱਕੀ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜੋ ਮੈਂ ਕਰ ਸਕਦਾ ਸੀ , ਤੇ ਪਿੰਡ ਲਈ ਜੋ ਵੀ ਕਰ ਸਕਿਆ ਹਾਂ ਓਹ ਤੁਹਾਡੇ ਸਾਹਮਣੇ ਹੈ। ਬਹੁਤ ਕਮੀਆਂ ਵੀ ਰਹੀਆਂ ਹੋਣਗੀਆਂ ,ਅਣਜਾਣੇ ਵਿੱਚ ਸ਼ਾਇਦ ਮੇਰੇ ਵਲੋਂ ਕਿਸੇ ਦਾ ਦਿਲ ਵੀ ਦੁਖਿਆ ਹੋਵੇ ਜਾ ਕਿਸੇ ਦੀ ਉਮੀਦ ਉੱਤੇ ਖਰਾ ਨਾ ਉੱਤਰ ਸਕਿਆ ਹੋਵਾਂ , ਤਾਂ ਦਿਲੋਂ ਖ਼?ਮਾ ਦਾ ਜਾਚਕ ਹਾਂ ਜੋ ਮਾਣ ਤੁਸੀ ਮੈਨੂੰ ਬਖਸ਼ਿਆ ਮੈਂ ਤਾਂ ਸ਼ਾਇਦ ਉਸ ਦੇ ਕਾਬਿਲ ਵੀ ਨਹੀਂ ਸੀ , ਪਰ ਪਿੰਡ ਦੇ ਬਜ਼ੁਰਗਾਂ ਦੇ ਅਸ਼ੀਰਵਾਦ ,ਮਾਵਾਂ ਦੇ ਪਿਆਰ ਤੇ ਨੌਜਵਾਨਾਂ ਦੇ ਸਾਥ ਨਾਲ ਹੀ ਇਹ 5 ਸਾਲ ਪਿੰਡ ਦੀ ਸੇਵਾ ਕਰ ਸਕਿਆ ਹਾਂ ਮੇਰਾ ਰੋਮ ਰੋਮ ਤੁਹਾਡਾ ਕਰਜ਼ਾਈ ਹੈ ਜੋ ਤੁਸੀ ਮੈਨੂੰ ਇਸ ਮਾਣ ਸਨਮਾਨ ਨਾਲ ਨਵਾਜਿਆ ।ਮੈਂ ਤੇ ਮੇਰਾ ਪਰਿਵਾਰ ਪਿੰਡ ਦੇ ਹਰ ਇੱਕ ਬਾਸ਼ਿੰਦੇ ਦਾ ਦਿੱਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਤੌ ਧੰਨਵਾਦ ਕਰਦਾ ਹਾਂ ਮੈ ਆਸ ਕਰਦਾ ਹਾਂ ਕੀ ਅੱਗੇ ਆਉਣ ਵਾਲੇ ਸਮੇ ਵਿੱਚ ਵੀ ਤੁਸੀ ਸਾਰੇ ਹੀ ਪਿੰਡ ਵਾਸੀ ਮੈਨੂੰ ਅਤੇ ਮੇਰੇ ਪਰਿਵਾਰ ਨੂੰ ਇਸ ਤਰ੍ਹਾਂ ਹੀ ਸਹਿਯੋਗ ਦੇਂਦੇ ਰਹੌ ਗੇ ਜਿਸ ਲਈ ਮੈ ਸਾਰੀ ਉਮਰ ਤੁਹਾਡਾ ਰਿਣੀ ਰਹਾਂਗਾ।



# ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਆਈ.ਟੀ.ਆਈ ਗਰਾਊਂਡ ਵਿਖੇ ਲਹਿਰਾਇਆ ਤਿਰੰਗਾ



• ਸਹੀਦ ਭਗਤ ਸਿੰਘ ਨਗਰ

ਐਨ.ਆਰ.ਆਈ. ਅਫੇਅਰਜ਼ ਅਤੇ ਪ੍ਰਬੰਧਕੀ ਸੁਧਾਰ ਮੰਤਰੀ, ਪੰਜਾਬ ਸ. ਕੁਲਦੀਪ ਸਿੰਘ ਧਾਲੀਵਾਲ ਨੇ ਆਈ.ਟੀ.ਆਈ ਗਰਾਊਂਡ ਵਿਖੇ ਜ਼ਿਲ੍ਹਾ ਪੱਧਰੀ ਅਜ਼ਾਦੀ ਦਿਵਸ ਸਮਾਗਮ ਵਿੱਚ ਕੌਮੀ ਝੰਡਾ ਲਹਿਰਾਇਆ। ਇਸ ਤੋਂ ਪਹਿਲਾਂ ਉਹ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਅਤੇ ਉਨ੍ਹਾਂ ਦੇ ਪਿਤਾ ਸ. ਕਿਸ਼ਨ ਸਿੰਘ ਨੂੰ ਉਨ੍ਹਾਂ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਬਣੀਆਂ ਯਾਦਗਾਰਾਂ ਵਿਖੇ ਨਤਮਸਤਕ ਹੋਣ ਪੁੱਜੇ।ਆਈ.ਟੀ.ਆਈ ਗਰਾਊਂਡ ਵਿਖੇ ਝੰਡਾ ਲਹਿਰਾਉਣ ਉਪਰੰਤ ਉਨ੍ਹਾਂ ਨੇ ਪਰੇਡ ਦਾ ਨਿਰੀਖਣ ਕੀਤਾ ਤੇ ਮਾਰਚ ਪਾਸਟ ਤੋਂ ਸਲਾਮੀ ਵੀ ਲਈ। ਇਸ ਮੌਕੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਐਸ ਐਸ ਪੀ ਡਾ ਅਖਿਲ ਚੌਧਰੀ ਵੀ ਮੌਜੂਦ ਸਨ। ਉਨ੍ਹਾਂ ਇਸ ਮੌਕੇ ਦੇਸ਼ ਦੀ ਆਜ਼ਾਦੀ ਵਿੱਚ ਪੰਜਾਬੀਆਂ ਦੇ ਲਾ-ਮਿਸਾਲ ਯੋਗਦਾਨ ਅਤੇ ਸਭ ਤੋਂ ਵੱਧ ਕੁਰਬਾਨੀਆਂ ਨੂੰ ਯਾਦ ਕਰਦਿਆਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਕਰਕੇ ਹੀ ਅਸੀਂ ਅੱਜ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਮਿਲ ਜੁਲ ਕੇ ਦੇਸ਼ ਦੀ ਉਨਤੀ ਵਿੱਚ ਸਾਥ ਦੇਣਾ ਚਾਹੀਦਾ ਹੈ ਅਤੇ ਸ਼ਹੀਦਾਂ ਵਲੋਂ ਦਿੱਤੀਆਂ ਗਈਆਂ ਕੁਰਬਾਨੀਆਂ ਨੂੰ ਵੀ ਹਮੇਸ਼ਾ ਯਾਦ ਰੱਖਣ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵਲੋਂ ਪਿਛਲੇ ਇਕ ਸਾਲ ਦੇ ਦੌਰਾਨ 30 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਸਿਹਤ ਸੇਵਾਵਾਂ ਦੇਣ ਲਈ 583 ਆਮ ਆਦਮੀ ਚੱਲ ਰਹੇ ਹਨ ਅਤੇ 75 ਹੋਰ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਰਹੇ ਹਨ। ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਦੀ ਸ਼ੁਰੂਆਤ ਕਰਕੇ 400 ਤੋਂ ਵੱਧ ਭ੍ਰਿਸ਼ਟਾਚਾਰੀਆਂ ਵਿਰੁੱਧ ਕਾਰਵਾਈ ਕੀਤੀ ਗਈ।ਉਨ੍ਹਾਂ ਨੇ ਸਰਕਾਰ ਵਲੋਂ ਪਿੱਛਲੇ ਸਮੇਂ ਦੌਰਾਨ ਕੀਤੀਆਂ ਗਈਆਂ ਉਪਲਬੱਧਦੀਆਂ ਸਬੰਧੀ ਵਿਸਥਾਰ ਦੇ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ 28 ਤੋਂ 30 ਸਤੱਬਰ ਤੱਕ ਖਟਕੜ ਕਲਾਂ ਵਿਖੇ ਇਨਕਲਾਬ ਫੈਸਟੀਵਲ ਵੀ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਭਾਰੀ ਸੰਖਿਆ ਦੇ ਵਿੱਚ ਲੋਕ ਇਕੱਠੇ ਹੋਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਅੱਜ ਪੰਜਾਬ ਬਿਜਲੀ, ਖੇਤੀਬਾੜੀ, ਸਿੱਖਿਆ, ਲਾਅ ਐਂਡ ਆਡਰ, ਨਾਗਰਿਕ ਸੇਵਾਵਾਂ, ਬੁਨਿਆਦੀ ਢਾਂਚੇ, ਸ਼ਹਿਰੀ ਵਿਕਾਸ, ਪਿੰਡਾਂ ਦੇ ਸਰਵਪੱਖੀ ਵਿਕਾਸ, ਪੰਚਾਇਤੀ ਜ਼ਮੀਨਾਂ 'ਤੋਂ ਨਾਜਾਇਜ਼ ਕਬਜੇ ਛੁਡਾਉਣ, ਸਿਹਤ, ਨਿਵੇਸ਼ ਪੱਖੀ ਮਾਹੌਲ ਸਿਰਜਣ ਅਤੇ ਉਦਯੋਗ ਦੇ ਖੇਤਰ ਵਿੱਚ ਨਾਮਣਾ ਖੱਟ ਰਿਹਾ ਹੈ।ਗਮ ਦੌਰਾਨ ਉਨ੍ਹਾਂ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵੱਲੋਂ ਲੋੜਵੰਦਾਂ ਨੂੰ ਟਰਾਈਸਾਈਕਲ ਅਤੇ ਸਿਲਾਈ ਮਸ਼ੀਨਾਂ ਵੀ ਭੇਟ ਕੀਤੀਆਂ।

### ■ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵਲੋਂ ਪੇਸ਼ ਕੀਤੇ ਗਏ ਸਭਿਆਚਾਰਕ ਪ੍ਰੋਗਰਾਮ

# ਲਿਟਲ ਸਟਾਰ ਅਤੇ ਹਾਈਟਸ ਐਂਡ ਹਾਈਟਸ ਸਕੂਲ ਵਿਖੇ ਅਜਾਦੀ ਦਿਵਸ ਮਨਾਇਆ

• ਸੰਗਰੂਰ/ਕੁਲਵਿੰਦਰ ਸਿੰਘ ਧੀਮਾਨ



ਲਿਟਲ ਸਟਾਰ ਬਚਪਨ ਪਲੇਅ ਸਕੂਲ ਅਤੇ ਹਾਈਟਸ ਐਂਡ ਹਾਈਟਸ ਪਬਲਿਕ ਸਕੂਲ ਵਿੱਚ 15 ਅਗਸਤ ਮਨਾਇਆ ਗਿਆ। ਇਹ ਪ੍ਰੋਗਰਾਮ ਚੇਅਰਮੈਨ ਸ਼੍ਰੀ ਸੰਜੇ ਸਿੰਗਲਾ ਅਤੇ ਪ੍ਰਿੰਸੀਪਲ ਪ੍ਰਿੰਅਕਾ ਬਾਂਸਲ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਦੀ ਸ਼ੁਰੂ ਚੇਅਰਮੈਨ ਸ਼੍ਰੀ ਸੰਜੇ ਸਿੰਗਲਾ ਨੇ ਪੂਰਬ ਸੰਧਿਆ ਸਮੇਂ ਤਿਰੰਗਾ ਲਹਿਰਾ ਕੇ ਕੀਤੀ । ਪ੍ਰਿੰਸੀਪਲ ਪ੍ਰਿੰਅਕਾ ਬਾਂਸਲ ਨੇ ਵਿਦਿਆਰਥੀਆਂ ਨੂੰ 15 ਅਗਸਤ ਦੀ ਮਹੱਤਤਾ ਬਾਰੇ ਦੱਸਿਆ। ਓਹਨਾ ਨੇ ਦੱਸਿਆ ਕਿ ਇਸ ਬਾਰ 73ਵਾਂ ਸੁਤੰਤਰਤਾ ਦਿਵਸ ਮਨਾਇਆ ਜਾ ਰਿਹਾ ਹੈ । ਅਸੀ ਆਪਣੇ ਦੇਸ਼ ਭਗਤਾਂ ਦੀ ਕੁਰਬਾਨੀ ਅਤੇ ਉਹਨਾਂ ਦੇ ਝੱਲੇ ਹੋਏ ਤਸੀਹੇ ਕਦੇ ਭੁੱਲ ਨਹੀਂ ਸਕਦੇ । ਵਿਦਿਆਰਥੀਆਂ ਨੇ ਵੀ ਡਾਂਸ ਅਤੇ ਜੈ ਹੋ ਗੀਤ ਤੇ ਸਕੇਟਿੰਗ ਦੁਆਰਾ ਆਪਣੇ ਦੇਸ਼ ਪ੍ਰਤੀ ਪਿਆਰ ਜ਼ਾਹਿਰ ਕੀਤਾ ਅਤੇ ਹੋਰ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਕੀਤੀਆਂ। ਛੋਟੇ ਬੱਚਿਆਂ ਨੇ crafting ਰਾਹੀਂ ਬਹੁਤ ਸੁੰਦਰ ਝੰਡੇ ਬਣਾਏ। ਵਿਦਿਆਰਥੀ ਵੱਖ ਵੱਖ ਅਜ਼ਾਦੀ ਸੈਲਾਨੀਆਂ ਦੀਆ ਡਰੈੱਸਾਂ ਪਾ ਕੇ ਆਏ। ਅਧਿਆਪਕਾਂ ਨੇ ਭਾਸ਼ਣ ਦੇ ਕੇ ਬੱਚਿਆਂ ਨੂੰ ਸੰਬੋਧਨ ਕੀਤਾ। ਇਸ ਸਮੇਂ ਸਮੂਹ ਸਟਾਫ਼ ਮੈਂਬਰ ਬਲਜਿੰਦਰ ਕੌਰ, ਹੀਨਾ ਗਰਗ, ਆਸ਼ਾ ਰਾਣੀ, ਕਰੁਨੇਸ਼ਦੀਪ, ਲਖਵਿੰਦਰ ਕੌਰ, ਮਨਪ੍ਰੀਤ ਕੌਰ, ਸੋਨਮ ਸ਼ਰਮਾ , ਸੋਮਾ ਕੌਰ , ਊਸ਼ਾ ਰਾਣੀ, ਸੀ?ਫਾਲੀ ਅੱਗਰਵਾਲ , ਸ੍ਰਿਸ਼ਟੀ ਵਰਮਾ , ਦੀਵਿਆ ਸ਼ਰਮਾ , ਸਮੀਨਾ ਖਾਂ , ਰਮਾ ਰਾਣੀ ਮੌਜੂਦ ਰਹੇ।

# ਅੱਜ ਕੀਤਾ ਜਾਵੇਗਾ ਕਾਂਗਰਸ ਪਾਰਟੀ ਵੱਲੋਂ ਨਵਾਂਸ਼ਹਿਰ ਵਿਖੇ ਧਰਨਾ-ਅਜੇ ਮੰਗੂਪੁਰ

ਬਲਾਚੌਰ/ਜਤਿੰਦਰ ਪਾਲ ਸਿੰਘ ਕਲੇਰ



ਸੁੱਤੀ ਪਈ 'ਆਪ ਸਰਕਾਰ' ਨੂੰ ਜਗਾਉਣ ਲਈ ਧਰਨੇ ਦੀ ਸੱਟ ਮਾਰਨੀ ਹੀ ਪੈਂਦੀ, ਇਹੋ ਕਹਿਣਾਂ ਹੈ ਕਾਂਗਰਸ ਪਾਰਟੀ ਦੇ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਸਰਗਰਮ ਪ੍ਰਧਾਨ ਅਜੇ ਮੰਗੂਪੁਰ ਦਾ। ਬੀਤੇ ਸਮੇਂ ਦੌਰਾਨ ਆਏ ਹੜ੍ਹਾਂ ਕਾਰਨ ਸੂਬਾ ਪੰਜਾਬ ਦਾ ਜੋ ਹਾਲ ਹੋਇਆ ਉਸ ਬਾਰੇ ਅਸੀਂ ਸਾਰੇ ਚੰਗੀ ਤਰਾਂ ਜਾਣੂ ਹਾਂ ਪਰੰਤੂ ਦੋਆਬੇ ਦੇ ਲੋਕਾਂ ਨਾਲ ਲੱਗਦਾ ਆਪ ਸਰਕਾਰ ਨੂੰ ਕੁੱਝ ਖਾਸ ਲਗਾਵ ਨਹੀ ਹੈ ਸ਼ਾਇਦ ਇਸੇ ਕਰਕੇ ਉੱਥੇ ਦੇ ਹੜ੍ਹ ਪੀੜਤਾਂ ਦੀ ਮਦਦ ਕਰਨ ਲਈ ਢਿੱਲ ਵਰਤੀ ਗਈ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨੂੰ ਜਗਾਉਣ ਲਈ ਸਿਰਫ ਇੱਕ ਇੱਕ ਤਰੀਕਾ, ਉਹ ਹੈ 'ਧਰਨਾ'। ਇਨ੍ਹਾਂ ਹੜ੍ਹ ਪੀੜਤਾਂ ਦੀ ਅਵਾਜ਼ ਨੂੰ ਅੱਖਾਂ ਮੀਚੇ ਸੁੱਤੀ ਪਈ ਮੌਜੂਦਾ ਸਰਕਾਰ ਤੱਕ ਪਹੁੰਚਾਉਣ ਲਈ ਅੱਜ ਦਿਨ ਵੀਰਵਾਰ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਜੀ ਦੀ ਅਗਵਾਈ ਹੇਠ ਨਵਾਂਸ਼ਹਿਰ ਵਿਖੇ ਜ਼ਿਲਾ ਕਾਂਗਰਸ ਕਮੇਟੀ ਦਫਤਰ ਵਿਖੇ ਇੱਕ ਵਿਸ਼ਾਲ ਧਰਨਾ ਆਯੋਜਿਤ ਕੀਤਾ ਜਾ ਰਿਹੈ। ਅਜੇ ਮੰਗੂਪੁਰ ਨੇ ਕਿਹਾ ਕਿ ਘਰਾਂ ਵਿੱਚ ਆਪਣੇ ਮੱਥੇ ਉੱਤੇ ਹੱਥ ਧਰ ਕੇ ਬੈਠਣ ਨਾਲ ਸਮਾਂ ਨਹੀ ਬਦਲ ਜਾਣਾਂ, ਸਾਨੂੰ ਘਰਾਂ ਤੋਂ ਬਾਹਰ ਨਿਕਲਣਾਂ ਪੈਣਾਂ, ਆਪਣਾ ਹੱਕ ਲੈਣ ਲਈ ਧੱਕੇਸ਼ਾਹੀ ਆਪ ਸਰਕਾਰ ਦੇ ਗਲ੍ਹ ਵਿੱਚ ਗੂੱਠਾ ਦੇਣਾ ਪੈਣੇ। ਅੱਜ ਹੋਣ ਵਾਲੇ ਇਸ ਧਰਨੇ ਵਿੱਚ ਸਮੂਹ ਕਾਂਗਰਸੀ ਅਹੁਦੇਦਾਰਾਂ, ਆਗੂਆਂ ਅਤੇ ਵਰਕਰਾਂ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ ਤਾਂ ਜੋ ਜਲਦ ਤੋਂ ਜਲਦ "ਆਪ ਸਰਕਾਰ' ਆਪਣੀ ਗਲਤੀ ਨੂੰ ਸੁਧਾਰਦੇ ਹੋਏ ਇਨਾਂ ਹੜ ਪੀੜਤਾਂ ਨੂੰ ਮੁਆਵਜ਼ਾ ਦੇ ਬਣਦਾ ਹੱਕ ਇਨ੍ਹਾਂ ਨੂੰ ਦੇਵੇ।

# ਐਮ ਬੀ ਬੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮੁੱਤੋ ਗਊਸ਼ਾਲਾ ਵਿਖੇ ਅਜਾਦੀ ਦਿਹਾੜਾ ਬੜੇ ਹੀ ਧੂਮਧਾਮ ਨਾਲ ਮਨਾਇਆ



• ਬਲਾਚੌਰ /ਕਾਠਗੜ੍ਹ/ਜਤਿੰਦਰ ਪਾਲ ਸਿੰਘ ਕਲੇਰ

ਅੱਜ ਮੁੱਤੋਂ ਮੰਡ ਗਊਸ਼ਾਲਾ ਦੇ ਐਮ ਬੀ ਬੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਮਹਾਰਾਜ ਬ੍ਰਹਮਾ ਨੰਦ ਭੂਰੀ ਦੀ ਸੰਪਰਦਾਇ ਵਲੋਂ ਚਲਾਏ ਜਾ ਰਹੇ ਸੀਨੀਅਰ ਸੈਕੰਡਰੀ ਸਕੂਲ ਵਿਖੇ 76 ਵੀ ਵਰੇਗੰਢ ਬੜੀ ਬੜੇ ਹੀ ਧੂਮਧਾਮ ਨਾਲ ਮਨਾਈ ਗਈ ਇਸ ਮੌਕੇ ਸੁਆਮੀ ਜਗਦੀਸ਼ ਮੂੰਨੀ ਵਲੋਂ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਸਕੂਲ ਦੇ ਬੱਚਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਵਲੋਂ ਬੱਚਿਆਂ ਨੂੰ ਇਸ ਅਜ਼ਾਦੀ ਦਿਵਸ ਮੌਕੇ ਇਤਿਹਾਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਕੀ ਕਿਵੇ ਸਾਡਾ ਦੇਸ਼ ਅਜਾਦ ਹੌਈਆ ਸੀ ਅਤੇ ਇਸ ਮੌਕੇ ਸਕੂਲ ਦੇ ਬੱਚਿਆਂ ਵਲੋਂ ਰੰਗਾਂ ਰੰਗ ਪ੍ਰੋਗਰਾਮ ਪੇਸ਼ ਕੀਤੇ ਅਤੇ ਦੇਸ਼ ਭਗਤੀ ਨਾਲ ਸਬੰਧਤ ਝਾਕੀਆਂ ਕੱਢਿਆ ਗਈਆਂ ਅਤੇ ਦੇਸ਼ ਭਗਤੀ ਦੇ ਗੀਤ ਗਾਏ ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਸਕੂਲ ਦੇ ਅਧਿਆਪਕਾਂ ਵਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਸਕੂਲ ਸਟਾਫ਼ ਅਤੇ ਅਵਿਨਾਸ਼ ਚੰਦਰ ਅਤੇ ਕੁਲਵਿੰਦਰ ਮੰਡ ਸੁਖਦੇਵ ਸਿੰਘ ਬਿੰਦਰ ਚੌਧਰੀ ਆਦਿ ਹਾਜ਼ਰ ਰਹੇ।

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697 , 97806-00998

# 77ਵੇਂ ਸੁਤੰਤਰਤਾ ਦਿਵਸ ਦੀ ਪੂਰਵ ਸੰਧਿਆ ਤੇ ਸ਼ਾਨਦਾਰ ਪ੍ਰੋਗਰਾਮ ਆਯੋਜਿਤ



**• ਸੁਨਾਮ/ਕੁਲਵਿੰਦਰ ਸਿੰਘ ਧੀਮਾਨ**

ਅਕੈਡਮਿਕ ਵਰਲਡ ਸਕੂਲ ਖੋਖਰ ਵਿਖੇ 77ਵੇਂ ਸੁਤੰਤਰਤਾ ਦਿਵਸ ਦੀ ਪੂਰਵ ਸੰਧਿਆ ਤੇ ਸ਼ਾਨਦਾਰ ਪ੍ਰੋਗਰਾਮ ਆਯੋਜਿਤ ਕੀਤਾ ਗਿਆ ।ਜਿਸ ਦਾ ਆਰੰਭ ਸਕੂਲ ਦੇ ਚੇਅਰਮੈਨ ਸੰਜੇ ਸਿੰਗਲਾ ਦੁਆਰਾ ਰਾਸ਼ਟਰੀ ਗਾਨ ਅਤੇ ਤਿਰੰਗਾ ਲਹਿਰਾਉਣ ਨਾਲ ਕੀਤਾ ਗਿਆ । ਅਧਿਆਪਕਾਂ ਦੁਬਾਰਾ ਭਾਸ਼ਣ ਦਿੱਤੇ ਗਏ ਜਿਸ ਵਿੱਚ ਬੱਚਿਆਂ ਨੂੰ ਆਜ਼ਾਦੀ ਦਿਵਸ ਬਾਰੇ ਗਿਆਨ ਦਿੱਤਾ ਗਿਆ ਅਤੇ ਦਸਿਆ ਗਿਆ ਕਿ ਆਜ਼ਾਦੀ ਦੀ ਸਾਡੇ ਜੀਵਨ ਵਿਚ ਕੀ ਮਹੱਤਤਾ ਹੈ ਅਤੇ ਜੇਕਰ ਸਾਡਾ ਦੇਸ਼ ਆਜ਼ਾਦ ਨਾ ਹੁੰਦਾ ਤਾ ਸਾਡੇ ਕੀ ਹਲਾਤ ਹੋਣੇ ਸਨ। ਬੱਚਿਆਂ ਨੂੰ ਇਹ ਵੀ ਦਸਿਆ ਗਿਆ ਕਿ ਕਿਸ ਤਰ੍ਹਾਂ ਸੁਤੰਤਰਤਾ ਲਈ ਸਾਡੇ ਦੇਸ਼ ਭਗਤਾਂ ਤੇ ਸੂਰਮਿਆ ਨੇ ਆਪਣੀਆਂ ਜਾਨਾਂ ਦੀਆਂ ਕੁਰਬਾਨੀਆਂ ਦਿੱਤੀਆਂ ਅਤੇ ਦੇਸ਼ ਨੂੰ ਅੰਗਰੇਜ਼ਾਂ ਦੀ ਗੁਲਾਮੀ ਤੋਂ ਆਜ਼ਾਦ ਕਰਵਾਇਆ। ਇਸ ਮੌਕੇ ਆਜ਼ਾਦੀ ਦਿਵਸ ਨਾਲ ਸਬੰਧਿਤ ਬੱਚਿਆਂ ਦੇ ਡਰਾਇੰਗ ਮੁਕਾਬਲੇ ਕਰਵਾਏ ਗਏ ਜਿਸ ਵਿਚ ਬੱਚਿਆਂ ਨੇ ਸਾਡੇ ਦੇਸ਼ ਭਗਤਾਂ ਦੀਆਂ, ਕੌਮੀ ਝੰਡੇ ਦੀਆਂ ਲਾਲ ਕਿਲੇ ਦੀਆਂ ਆਦਿ ਤਸਵੀਰਾਂ ਅਤੇ ਪੇਂਟਿੰਗਾਂ ਬਣਾਈਆਂ ।ਬੱਚਿਆਂ ਦੇ ਭਾਸ਼ਣ ਮੁਕਾਬਲੇ ਕਰਵਾਏ ਗਏ ਜਿਸ ਵਿਚ ਉਹਨਾਂ ਨੇ ਸਾਡੇ ਸ਼ਹੀਦਾਂ ਦੀਆਂ ਕੁਰਬਾਨੀਆਂ ਬਾਰੇ ਦੱਸਿਆ । ਬੱਚਿਆਂ ਦੁਆਰਾ ਦੇਸ਼ ਭਗਤੀ ਦੇ ਗੀਤ ਪੇਸ਼ ਕੀਤੇ ਗਏ ਅਤੇ ਗਰੁੱਪ ਡਾਂਸ ਪੇਸ਼ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਤਰੁਨਾ ਅਰੋੜਾ ਨੇ ਬੱਚਿਆਂ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਬੱਚਿਆਂ ਨੂੰ ਆਜ਼ਾਦੀ ਦਾ ਮਹੱਤਵ ਸਮਝਾਇਆ ਅਤੇ ਦਸਿਆ ਕਿ ਸਾਨੂੰ ਹਮੇਸ਼ਾ ਆਪਣੇ ਦੇਸ਼ ਦੀ ਅਤੇ ਦੇਸ਼ ਭਗਤਾਂ ਦੀ ਇੱਜ਼ਤ ਕਰਨੀ ਚਾਹੀਦੀ ਹੈ ਜਿੰਨਾ ਦੇ ਸਦਕਾ ਅੱਜ ਅਸੀਂ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਸਕੂਲ ਦੇ ਚੇਅਰਮੈਨ ਸੰਜੇ ਸਿੰਗਲਾ ਨੇ ਸਮੂਹ ਸਟਾਫ਼ , ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਆਜ਼ਾਦੀ ਦਿਵਸ ਦੀਆਂ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਸਾਡੇ ਸਭਦੇ ਦਿਲਾਂ ਵਿੱਚ ਦੇਸ਼ਭਗਤੀ ਦਾ ਭਾਵ ਹੋਣਾ ਚਾਹੀਦਾ ਹੈ ਇਸ ਮੌਕੇ ਸਕੂਲ ਦੇ ਸਾਰੇ ਅਧਿਆਪਕ ਵੰਦਨਾ,ਸੁਰਭੀ,ਰਾਜਿੰਦਰ,ਕਮਲਜੀਤ, ਨਿਸ਼ੂ, ਮਾਨਸੀ, ਗੋਬਿੰਦ, ਸਰਬਜੀਤ, ਮਨਪ੍ਰੀਤ, ਮਨਦੀਪ, ਅਲਕਾ, ਹਰਪ੍ਰੀਤ, ਸ਼ਿਖਾ, ਮਾਇਆ, ਸੰਦੀਪ, ਮਮਤਾ, ਆਦਿ ਸ਼ਾਮਿਲ ਸਨ।

# ਸਬ ਡਵੀਜ਼ਨ ਬਲਾਚੌਰ ਵਿੱਚ ਸ਼ਾਨੋ ਸ਼ੌਕਤ ਨਾਲ ਮਨਾਇਆ ਜਾਂਦਾ ਅਜ਼ਾਦੀ ਦਿਵਸ

## ਅੱਜ ਦੇ ਇਸ ਸਮਾਗਮ ਦੇ ਮੁੱਖ ਮਹਿਮਾਨ ਐਸਡੀਐਮ ਬਲਾਚੌਰ ਵਿਕਰਮਜੀਤ ਸਿੰਘ ਪਾਂਥੇ ਨੇ ਫਹਿਰਾਇਆ ਤਿਰੰਗਾ ਝੰਡਾ



**• ਬਲਾਚੌਰ/ਜਤਿੰਦਰ ਪਾਲ ਸਿੰਘ ਕਲੇਰ**

ਸਬ ਡਵੀਜ਼ਨ ਬਲਾਚੌਰ ਦੀ ਦਾਣਾ ਮੰਡੀ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ , ਸਕੂਲੀ ਬੱਚਿਆਂ ਅਤੇ ਵੱਡੀ ਗਿਣਤੀ 'ਚ ਇਕੱਤਰ ਹੋਏ ਲੋਕਾਂ ਵੱਲੋਂ ਆਜ਼ਾਦੀ ਦੇ 76ਵੇਂ ਦਿਵਸ ਨੂੰ ਬੜੀ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ ।ਇਸ ਸਮਾਗਮ ਦੇ ਮੁੱਖ ਮਹਿਮਾਨ ਉਪ ਮੰਡਲ ਮੈਜਿਸਟ?ਰੇਟ ਬਲਾਚੌਰ ਵਿਕਰਮਜੀਤ ਸਿੰਘ ਪਾਂਥੇ ਵਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਇਸ ਉਪਰੰਤ ਸਕੂਲੀ ਐਮ.ਆਰ. ਸਿਟੀ ਸਕੂਲ ਬਲਾਚੌਰ ਦੀਆ ਸਕੂਲੀ ਬੱਚੀਆਂ ਨੇ ਰਾਸ਼ਟਰੀ ਗੀਤ ਗਾਇਆ । ਇਸ ਉਪਰੰਤ ਪੰਜਾਬ ਪੁਲਿਸ ਦੀ ਟੁਕੜੀ ਜਿਸ ਦੀ ਅਗਵਾਈ ਪ੍ਰੇਡ ਕਮਾਂਡਰ ਏਐਸਆਈ ਰਾਮ ਪਾਲ ,ਐਨਸੀਸੀ ਕੈਡਿਟ ਬੀਏਵੀ ਸਕੂਲ ਬਲਾਚੌਰ ਪਰੇਡ ਕਮਾਂਡਰ ਚੰਦਰੇਸ਼ ਸੌਰੀ ਸਮੇਤ ਹੋਰ ਵੀ ਵੱਖ ਵੱਖ ਸਕੂਲਾਂ ਦੇ ਬੱਚਿਆ ਵਲੋਂ ਮਾਰਚ ਪਾਸਟ ਕੀਤਾ ਗਿਆ ਅਤੇ ਭਾਰਤ ਦੇਸ਼ ਦੀ ਸ਼ਾਨ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਗਈ ਅਤੇ ਇਸ ਉਪਰੰਮ ਮੁੱਖ ਮਹਿਮਾਨ ਵਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ ।ਇਸ ਉਪਰੰਤ ਆਪਣੇ ਭਾਸ਼ਨ ਵਿੱਚ ਮੁੱਖ ਮਹਿਮਾਨ ਐਸਡੀਐਮ ਬਲਾਚੌਰ ਵਿਕਰਮਜੀਤ ਸਿੰਘ ਪਾਂਥੇ ਵਲੋਂ ਅਜ਼ਾਦੀ ਦੇ ਇਸ 76 ਵੇਂ ਦਿਹਾੜੇ ਉਪਰ ਸਾਰਿਆ ਨੂੰ ਵਧਾਈ ਦਿੱਤੀ ਗਈ । ਉਹਨਾਂ ਆਖਿਆ ਕਿ ਅੱਜ ਅਸੀਂ ਜਿਸ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਇਹ ਅਜ਼ਾਦੀ ਸੂਰਵੀਰਾਂ ਯੋਧਿਆਂ ਵਲੋਂ ਦਿੱਤੀਆਂ ਕੁਰਬਾਨੀਆਂ ਨਾਲ ਹੀ ਮਿਲੀ ਹੈ, ਜਿਸ ਲਈ ਦੇਸ਼ ਤੋਂ ਜ਼ਾਨਾ ਕੁਰਬਾਨ ਕਰਨ ਵਾਲੇ ਸੂਰਮਿਆਂ ਨੂੰ ਹਮੇਸ਼ਾ ਹੀ ਯਾਦ ਰੱਖਿਆ ਜਾਵੇਗਾ ।ਇਸ ਮੌਕੇ ਦੇਸ਼ ਭਗਤਾ ਵਲੋਂ ਅਜ਼ਾਦੀ ਵਿੱਚ ਪਾਏ ਅਹਿਮ ਯੋਗਦਾਨ ਨੂੰ ਯਾਦ ਕੀਤਾ ਗਿਆ । ਇਸ ਮੌਕੇ ਦੇਸ਼ ਦੀ ਸਰਹੱਦਾ ਉੱਪਰ ਰਾਖੀ ਕਰਨ ਵਾਲਿਆਂ , ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ ਲਈ ਸ਼ਹੀਦ ਹੋਏ ਜਵਾਨਾਂ ਦੇ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ ਅਤੇ ਇਸ ਦੇ ਨਾਲ ਹੀ ਪੜਾਈ ਵਿੱਚ ਮੱਲਾ ਮਾਰਨ ਵਾਲੇ ਹੋਣਹਾਰ ਵਿਦਿਆਰਥੀਆਂ ਦਾ ਵੀ ਸਨਮਾਨ ਕੀਤਾ ਗਿਆ । ਇਸ ਮੌਕੇ ਬਲਾਚੌਰ ਹਲਕੇ ਦੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਵਲੋਂ ਦੇਸ਼ ਭਗਤੀ ਗੀਤ ,ਕੋਰੀਓਗ੍ਰਾਫੀ ,ਲਿਟਲ ਸਟਾਰ ਮਾਡਲ ਹਾਈ ਸਕੂਲ ਨਾਨੋਵਾਲ ,ਸਰਕਾਰੀ ਸਕੂਲ ਲੜਕੀਆ ਬਲਾਚੌਰ ਵਲੋਂ ਗਿੱਧਾ ,ਬੀਏਵੀ ਸਕੂਲ ਬਲਾਚੌਰ ਵਲੋਂ ਭੰਗੜਾ ਅਤੇ ਡੰਬਲ ਸ਼ੋਅ , ਐਮ.ਆਰ. ਸਿਟੀ ਸਕੂਲ ਬਲਾਚੌਰ ਵਲੋਂ ਰਾਸ਼ਟਰੀ ਗੀਤ , ਸਰਕਾਰੀ ਸਕੂਲ ਲੜਕੀਆ ਬਰਾਂਸ ਬੈਂਡ ,ਸਰਕਾਰੀ ਸਕੂਲ ਮਹਿੰਦੀਪੁਰ ਵਲੋਂ ਐਰੋਬਿਕਸ ਨਾਲ ਅਜ਼ਾਦੀ ਦਿਵਸ ਦੇ ਇਸ ਰੰਗਾਰੰਗ ਪ੍ਰੋਗਰਾਮ ਨੂੰ ਚਾਰ ਚੰਨ ਲਾਏ। ਇਸ ਮੌਕੇ ਬਲਾਚੌਰ ਹਲਕੇ ਦੇ ਪੱਤਰਕਾਰਾਂ ਨੂੰ ਸੱਦਾ ਪੱਤਰ ਜ਼ਰੂਰ ਦਿੱਤੇ ਗਏ, ਪਰੰਤੂ ਪੱਤਰਕਾਰਾਂ ਨੂੰ ਬਿਠਾਉਣ ਲਈ ਕੋਈ ਵੀ ਕੁਰਸੀਆ ਨਹੀਂ ਲਗਵਾਈਆਂ ਗਈਆਂ ਸਨ, ਜਦੋਂ ਕਿ ਭਾਰੀ ਗਰਮੀ ਤੇ ਹੁੰਮਸ ਵਾਲੇ ਮੌਸਮ ਵਿਚ ਨਾ ਕੁਰਸੀਆ ਨਾ ਪਾਣੀ ਤੇ ਨਾ ਪੱਖਾ ਲਗਾਇਆ ਗਿਆ ਸੀ ।ਪੱਤਰਕਾਰ ਕਵਰੇਜ ਕਰਨ ਲਈ ਉੱਥੇ ਪੁੱਜੇ ਸੀ, ਉਥੇ ਉਚਿਤ ਪ੍ਰਬੰਧ ਨਾ ਹੋਣ ਕਾਰਨ ਕੁੱਝ ਪੱਤਰਕਾਰ ਉਥੋਂ ਰਵਾਨਾ ਹੋ ਗਏ। ਜਦੋਂ ਪ੍ਰਸ਼ਾਸਨ ਵੱਲੋਂ ਪੱਤਰਕਾਰਾਂ ਨੂੰ ਸੱਦਾ ਪੱਤਰ ਦਿੱਤਾ ਗਿਆ ਸੀ ਤਾਂ ਉਨ੍ਹਾਂ ਲਈ ਬੈਠਣ ਦਾ ਉਚਿਤ ਪ੍ਰਬੰਧ ਵੀ ਕਰਨਾ ਚਾਹੀਦਾ ਸੀ, ਜੋ ਉੱਥੇ ਦੇਖਣ ਨੂੰ ਨਹੀਂ ਮਿਲਿਆ। ਜਿਸ ਲਈ ਕੁਝ ਪੱਤਰਕਾਰਾਂ ਨੇ ਇਹ ਗੱਲ ਪ੍ਰਸ਼ਾਸਨ ਤੇ ਧਿਆਨ ਵਿੱਚ ਲਿਆਂਦੀ ਪਰੰਤੂ ਉਨ੍ਹਾਂ ਨੇ ਵੀ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ। ਜਦੋਂ ਪ੍ਰਸ਼ਾਸਨ ਕੋਲ ਕਿਸੇ ਨੂੰ ਸੱਦਾ ਪੱਤਰ ਦਿੱਤਾ ਜਾਂਦਾ ਹੈ ਤਾਂ ਉਨ੍ਹਾਂ ਦੇ ਬੈਠਣ ਲਈ ਉਚਿਤ ਪ੍ਰਬੰਧ ਵੀ ਕਰਨੇ ਜ਼ਰੂਰੀ ਹੁੰਦੇ ਹਨ, ਸਿਰਫ਼ ਮੌਜੂਦਾ ਸਰਕਾਰ ਦੇ ਨੁਮਾਇੰਦਿਆਂ ਨੂੰ ਬਿਠਾਉਣ ਲਈ ਭੱਬਾ ਭਾਰ ਹੋ ਜਾਂਦੇ ਹਨ ਜਦੋਂ ਕਿ ਪੱਤਰਕਾਰ ਭਾਈਚਾਰਾ ਸਾਰਾ ਸਾਲ ਪ੍ਰਸ਼ਾਸਨ ਅਤੇ ਮੌਜੂਦਾ ਸਰਕਾਰ ਦੀਆਂ ਖਬਰਾਂ ਲਗਾਉਣ ਵਾਲੇ ਪੱਤਰਕਾਰ ਭਾਈਚਾਰੇ ਨੂੰ ਉਨ੍ਹਾਂ ਦਾ ਬਣਦਾ ਮਾਣ ਸਤਿਕਾਰ ਕਿਉਂ ਨਹੀਂ ਦਿੱਤਾ ਜਾਂਦਾ। ਇਸ ਮੌਕੇ ਡੀਐਸਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾ ਹੇਠ ਐਸਐਚਓ ਸਿਟੀ ਸੁਰਿੰਦਰ ਕੁਮਾਰ ਵਲੋਂ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਹੋਏ ਸਨ ।

# ਭਾਈ ਸਰਵਣ ਸਿੰਘ ਦੇ ਹਜ਼ੂਰੀ ਕੀਰਤਨੀ ਜੱਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਕੀਤਾ ਨਿਹਾਲ

**• ਲੁਧਿਆਣਾ**



ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਬੀਤੀ ਸ਼ਾਮ ਗੁਰ ਦਸ਼ਮੇਸ਼ ਸੇਵਾ ਸੁਸਾਇਟੀ ਵੱਲੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਦਸ਼ਮੇਸ਼ ਪਿਤਾ ਸ਼?ਰੀ ਗੁਰੂ ਗੋਬਿੰਦ ਸਾਹਿਬ ਜੀ ਦੇ ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਹਫਤਾਵਾਰੀ ਕੀਰਤਨ ਸਮਾਗਮ ਆਯੋਜਿਤ ਗਿਆ ।ਜਿਸ ਵਿੱਚ ਵਿਸ਼ੇਸ਼ ਤੌਰ ਤੇ ਆਪਣੇ ਕੀਰਤਨੀ ਜੱਥੇ ਸਮੇਤ ਹਾਜ਼ਰੀ ਭਰਨ ਲਈ ਭਾਈ ਸਰਵਣ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ਼?ਰੀ ਦਰਬਾਰ ਸਾਹਿਬ (ਸ਼੍ਰੀ ਅੰਮ੍ਰਿਤਸਰ ਸਾਹਿਬ) ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਨੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਗੁਰ ਦਸ਼ਮੇਸ਼ ਸੇਵਾ ਸੁਸਾਇਟੀ ਵਲੋਂ ਗੁਰਦੁਆਰਾ ਸਾਹਿਬ ਵਿਖੇ ਆਯੋਜਿਤ ਕੀਤੇ ਗਏ ਕੀਰਤਨ ਸਮਾਗਮ ਨੂੰ ਇੱਕ ਉਪਦੇਸ਼ਕ ਸਮਾਗਮ ਦੱਸਦਿਆਂ ਸਮਾਗਮ ਅੰਦਰ ਜੁੜ ਬੈਠੀਆਂ ਸੰਗਤਾਂ ਨੂੰ ਧਰਮ ਦੇ ਮਾਰਗ ਉਪਰ ਚੱਲਣ ,ਬਾਣੀ ਤੇ ਬਾਣੇ ਦੇ ਧਾਰਨੀ ਬਣਨ ਦੀ ਤਾਕੀਦ ਵੀ ਕੀਤੀ ।ਇਸ ਦੌਰਾਨ ਭਾਈ ਸਰਵਣ ਸਿੰਘ ਜੀ ਦੇ ਕੀਰਤਨੀ ਜੱਥੇ ਦੇ ਸਮੂਹ ਮੈਂਬਰਾਂ ਨੂੰ ਸਿਰਪਾਉ ਬਖਸ਼ਿਸ਼ ਕਰਕੇ ਸਨਮਾਨਿਤ ਵੀ ਕੀਤਾ ਗਿਆ ।ਕੀਰਤਨ ਸਮਾਗਮ ਅੰਦਰ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ.ਇੰਦਰਜੀਤ ਸਿੰਘ ਮੱਕੜ ,ਗੁਰ ਦਸ਼ਮੇਸ਼ ਸੇਵਾ ਸੁਸਾਇਟੀ ਦੇ ਪ੍ਰਮੁੱਖ ਮੈਂਬਰ ਇੰਦਰਬੀਰ ਸਿੰਘ ਬੱਤਰਾ,ਹਰਪਾਲ ਸਿੰਘ ਬੱਤਰਾ,, ਰਵਿੰਦਰਦਰਪਾਲ ਸਿੰਘ ਡੰਗ, ਗੁਰਦੀਪ ਸਿੰਘ ਡੀਮਾਰਟੇ,ਰਜਿੰਦਰ ਸਿੰਘ ਡੰਗ,ਮਨਜੀਤ ਸਿੰਘ ਨਾਟੀ ,ਗੁਰਬਚਨ ਸਿੰਘ,ਹਰਪਾਲ ਸਿੰਘ ਖਾਲਸਾ,ਹਰਪ੍ਰੀਤ ਸਿੰਘ ਨੀਟਾ, ਸ.ਪ੍ਰੇਮ ਸਿੰਘ ,ਅਵਤਾਰ ਸਿੰਘ ਮਿੱਡਾ , ਦਵਿੰਦਰ ਸਿੰਘ ਬਿੱਟੂ ,ਹਰਚਰਨ ਸਿੰਘ ਕਾਲੜਾ,ਕਵੰਲਪ੍ਰੀਤ ਸਿੰਘ ਸੋਢੀ,ਚਰਨਜੀਤ ਸਿੰਘ ਚੰਨਾ, ਇੰਦਰਜੀਤ ਸਿੰਘ ਛਾਬੜਾ, ਵਿਜੈ ਕੁਮਾਰ ਸੂਦ, ਹਰਮੀਤ ਸਿੰਘ ਡੰਗ,ਮਹਿੰਦਰ ਸਿੰਘ ਡੰਗ, ਜਗਜੀਤ ਸਿੰਘ ਆਹੂਜਾ, ਜਗਦੇਵ ਸਿੰਘ ਕਲਸੀ, ,ਬਲਜੀਤ ਸਿੰਘ ਬਾਵਾ ,ਅਵਤਾਰ ਸਿੰਘ ਬੀ.ਕੇ, ਵਿਸ਼ੇਸ਼ ਤੋਂਰ ਤੇ ਹਾਜਰ ਸਨ ।



publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008







# ਸੰਤ ਬਾਬਾ ਨਿਧਾਨ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ ਕਰਵਾਇਆ ਕੀਰਤਨ ਸਮਾਗਮ

• ਲੁਧਿਆਣਾ

ਪੰਥ ਦੀ ਮਹਾਨ ਸ਼ਖਸ਼ੀਅਤ ਸੰਤ ਬਾਬਾ ਨਿਧਾਨ ਸਿੰਘ ਜੀ ਸੇਵਾ ਤੇ ਸਿਮਰਨ ਦੇ ਮੁਜੱਸਮਾ ਸਨ। ਜਿੰਨਾ ਨੇ ਆਪਣਾ ਸਮੁੱਚਾ ਜੀਵਨ ਗੁਰੂ ਘਰ ਵਿੱਚ ਲੰਗਰ ਦੀ ਸੇਵਾ ਨੂੰ ਸਮਰਪਿਤ ਕੀਤਾ । ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ.ਭੁਪਿੰਦਰ ਸਿੰਘ ਮੁੱਖ ਸੇਵਾਦਾਰ ਨਿਸ਼ਕਾਮ ਨਾਮ ਸਿਮਰਨ ਸੇਵ ਸੁਸਾਇਟੀ ਨੇ ਅੱਜ ਗੁਰਦੁਆਰਾ ਸ਼?ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਸੰਤ ਬਾਬਾ ਨਿਧਾਨ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਵੱਲੋ ਆਯੋਜਿਤ ਕੀਤੇ ਗਏ ਹਫਤਾਵਾਰੀ ਕੀਰਤਨ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਇੱਕਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਉਨ੍ਹਾਂ ਨੇ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਆਰੰਭੀ ਲੰਗਰਾਂ ਦੀ ਸੇਵਾ ਨੂੰ ਪੂਰੀ ਲਗਨ ਤੇ ਸ਼ਰਧਾ ਭਾਵਨਾ ਨਾਲ ਚਲਾਉਣ ਵਾਲੇ ਸੰਤ ਬਾਬਾ ਨਿਧਾਨ ਸਿੰਘ ਜੀ ਦਾ ਜੀਵਨ ਸਮੁੱਚੀ ਕੌਮ ਦੇ ਲਈ ਪ੍ਰੇਨਾ ਦਾ ਸਰੋਤ ਹੈ।। ਇਸ ਲਈ ਮੌਜੂਦਾ ਸਮੇਂ ਦੀ ਨੌਜਵਾਨ ਪੀੜ੍ਹੀ ਤੇ ਬੱਚਿਆਂ ਨੂੰ ਬਾਬਾ ਜੀ ਦੇ ਜੀਵਨ ਤੇ ਫਲਸਫੇ ਤੋ ਵੱਧ ਤੋ ਵੱਧ ਜਾਣੂ ਕਰਵਾਉਣ ਦੀ ਲੋੜ ਹੈ ਤਾਂ ਹੀ ਉਹ ਸੇਵਾ ਕਾਰਜਾਂ ਨਾਲ ਜੁੜ ਸਕਣਗੇ। ਇਸ ਤੋ ਪਹਿਲਾਂ ਕੀਰਤਨ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਸੁਖਦੇਵ ਸਿੰਘ ਪਾਰਸ ਪਟਿਆਲੇ ਵਾਲੇ ਅਤੇ ਭਾਈ ਸਿਮਰਨਜੀਤ ਸਿੰਘ ਖਾਲਸਾ ਦੇ ਕੀਰਤਨੀ ਜੱਥਿਆਂ ਨੇ ਸਾਂਝੇ ਰੂਪ ਵਿੱਚ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ਅਤੇ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਕਿਹਾ ਕਿ ਮੌਜੂਦਾ ਸਮੇਂ ਅੰਦਰ ਗੁਰੂ ਸਾਹਿਬ ਵੱਲੋਂ ਬਖਸ਼ੇ ਸੇਵਾ ਤੇ ਸਿਮਰਨ ਦੇ ਸੰਕਲਪ ਨੂੰ ਸੰਭਾਲਣ ਦੀ ਮੁੱਖ ਜ਼ਰੂਰਤ ਹੈ ਤਾਂ ਹੀ ਹਰ ਬੱਚਾ ਤੇ ਨੌਜਵਾਨ ਆਪਣੇ ਅੰਦਰ ਸੰਤ ਬਾਬਾ ਨਿਧਾਨ ਸਿੰਘ ਜੀ ਵਾਲੀ ਸੋਚ ਤੇ ਗੁਰਸਿੱਖੀ ਵਾਲਾ ਜ਼ਜਬਾ ਪੈਦਾ ਕਰਕੇ ਗੁਰੂ ਵਾਲਾ ਬਣ ਸਕਦਾ ਹੈ।

# ਜਲੰਧਰ ਵਿਖੇ ਆਜ਼ਾਦੀ ਦਿਹਾੜੇ ਮੌਕੇ ਲਹਿਰਾਇਆ ਤਿਰੰਗਾ

• ਜਲੰਧਰ

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ਼?ਰੀ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਕਿਹਾ ਕਿ ਪੰਜਾਬ ਨੂੰ ਖੁਸ਼ਹਾਲ ਤੇ ਹੱਸਦਾ ਵੱਸਦਾ ਬਣਾਉਣ ਲਈ ਪੰਜਾਬ ਸਰਕਾਰ ਮੁੱਖ ਮੰਤਰੀ ਸ਼?ਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਅੱਜ ਇਥੇ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਆਜ਼ਾਦੀ ਦਿਹਾੜੇ ਸਬੰਧੀ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਉਹਨਾਂ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ। ਆਪਣੇ ਸੰਬੋਧਨ ਦੌਰਾਨ ਡਿਪਟੀ ਸਪੀਕਰ ਸ਼?ਰੀ ਰੋੜੀ ਨੇ ਦੁਨੀਆਂ ਦੇ ਕੋਨੇ-ਕੋਨੇ ਵਿੱਚ ਵੱਸਦੇ ਭਾਰਤੀਆਂ ਨੂੰ ਆਜ਼ਾਦੀ ਦਿਹਾੜੇ ਦੀ ਮੁਬਾਰਕਬਾਦ ਦਿੰਦਿਆਂ ਆਜ਼ਾਦੀ ਦੀ ਲੜਾਈ ਵਿੱਚ ਪੰਜਾਬ ਦੇ ਲੋਕਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਨਮਨ ਕੀਤਾ । ਉਹਨਾਂ ਕਿਹਾ ਕਿ "ਸਾਨੂੰ ਮਾਣ ਹੈ ਕਿ ਘੱਟ ਗਿਣਤੀ ਹੋਣ ਦੇ ਬਾਵਜੂਦ ਦੇਸ਼ ਦੀ ਆਜ਼ਾਦੀ ਦੇ ਘੋਲ ਵਿੱਚ ਪੰਜਾਬੀਆਂ ਦਾ ਸੱਭ ਤੋਂ ਵੱਧ ਯੋਗਦਾਨ ਹੈ"।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਅਨੁਸਾਰ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਮੁੱਖ ਮੰਤਰੀ ਸ਼?ਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਅਨੇਕਾਂ ਕ੍ਰਾਂਤੀਕਾਰੀ ਫੈਸਲੇ ਲਏ ਹਨ। ਉਹਨਾਂ ਦੱਸਿਆ ਕਿ ਸ਼ਹੀਦਾਂ ਅਤੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਜਾਨਾਂ ਵਾਰਨ ਵਾਲੇ ਯੋਧਿਆਂ ਦੀ ਯਾਦ ਵਿੱਚ "ਸ਼ਹੀਦ ਭਗਤ ਸਿੰਘ ਰਾਜ ਯੁਵਾ ਪੁਰਸਕਾਰ " ਮੁੜ ਸ਼ੁਰੂ ਕੀਤਾ ਗਿਆ ਹੈ । ਇਸ ਤੋਂ ਇਲਾਵਾ ਡਿਊਟੀ ਦੌਰਾਨ ਸ਼ਹੀਦ ਹੋਏ ਸੈਨਿਕਾਂ ਦਾ ਮਾਣ ਭੱਤਾ ਵਧਾ ਕੇ 1 ਕਰੋੜ ਰੁਪਏ ਕਰਨ ਦੇ ਨਾਲ-ਨਾਲ ਆਜ਼ਾਦੀ ਘੁਲਾਟੀਆਂ ਦੀ ਮਹੀਨਾਵਾਰ ਪੈਨਸ਼ਨ ਵੀ 12 ਹਜ਼ਾਰ ਰੁਪਏ ਕੀਤੀ ਗਈ ਹੈ । ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨਾਲ ਸੱਭ ਤੋਂ ਵੱਡਾ ਵਾਅਦਾ ਪੂਰਾ ਕਰਦਿਆਂ 90 ਫੀਸਦੀ ਖਪਤਕਾਰਾਂ ਨੂੰ ਮੁਫਤ ਬਿਜਲੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਇਕ ਸਾਲ ਦੌਰਾਨ ਹੀ 30 ਹਜਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

ਸ੍ਰੀ ਰੋੜੀ ਨੇ ਸਿਹਤ ਅਤੇ ਸਿੱਖਿਆ ਦੇ ਖੇਤਰ ਨੂੰ ਪੰਜਾਬ ਸਰਕਾਰ ਦੀ ਤਰਜੀਹ ਦੱਸਦਿਆਂ ਕਿਹਾ ਕਿ ਲੋਕਾਂ ਨੂੰ ਉਹਨਾਂ ਦੇ ਘਰ ਦੇ ਨੇੜੇ ਸਿਹਤ ਸਹੂਲਤਾਂ ਦੇਣ ਲਈ 76 ਹੋਰ ਆਮ ਆਦਮੀ ਕਲੀਨਿਕ ਖੋਲੇ ਗਏ ਹਨ ਅਤੇ 117 ਸਕੂਲਾਂ ਆਫ ਐਮੀਨੈਂਸ ਸ਼ੁਰੂ ਕੀਤੇ ਗਏ ਹਨ ਉਹਨਾਂ ਇਹ ਵੀ ਦੱਸਿਆ ਕਿ ਐਨ. ਡੀ. ਏ ਅਤੇ ਸਿਵਲ ਸੇਵਾਵਾਂ ਪ੍ਰੀਖਿਆ ਦੀ ਤਿਆਰੀ ਲਈ ਪੰਜਾਬ ਸਰਕਾਰ ਵੱਲੋਂ ਮੁਫਤ ਕੋਚਿੰਗ ਸੈਂਟਰ ਖੋਲੇ ਜਾ ਰਹੇ ਹਨ । ਡਿਪਟੀ ਸਪੀਕਰ ਨੇ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ "ਖੇਡਾਂ ਵਤਨ ਪੰਜਾਬ ਦੀਆਂ " ਸ਼ੁਰੂ ਕਰਨ ਅਤੇ ਨਵੀਂ ਖੇਡ ਨੀਤੀ ਤਹਿਤ ਉਭਰਦੇ ਖਿਡਾਰੀਆਂ ਦੇ ਹੁਨਰ ਨੂੰ ਤਰਾਸ਼ਣ ਲਈ ਕੀਤੇ ਜਾ ਰਹੇ ਯਤਨਾਂ ਦਾ ਵੀ ਜ਼ਿਕਰ ਕੀਤਾ । ਸ਼?ਰੀ ਰੋੜੀ ਨੇ ਖੇਤੀਬਾੜੀ ਦੇ ਖੇਤਰ ਵਿੱਚ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਅਤੇ 14 ਹਜ਼ਾਰ ਦੇ ਕਰੀਬ ਬੰਦ ਪਏ ਨਹਿਰੀ ਖਾਲੇ ਮੁੜ ਸ਼ੁਰੂ ਕਰਨ ਨੂੰ ਸਿੰਚਾਈ ਖੇਤਰ ਵਿੱਚ ਵੱਡੀ ਤਬਦੀਲੀ ਕਰਾਰ ਦਿੱਤਾ । ਉਹਨਾਂ ਇਹ ਵੀ ਦੱਸਿਆ ਕਿ ਪੰਚਾਇਤੀ ਜਮੀਨਾਂ ਤੋਂ ਕਬਜ਼ੇ ਹਟਾਉਣ ਦੀ ਮੁਹਿੰਮ ਤਹਿਤ 11665 ਏਕੜ ਪੰਚਾਇਤੀ ਜ਼ਮੀਨ ਖਾਲੀ ਕਰਵਾਈ ਗਈ ਹੈ । ਦੁਆਬੇ ਦਾ ਦਿਲ ਕਹੇ ਜਾਂਦੇ ਜਲੰਧਰ ਦੇ ਵਿਕਾਸ ਦੀ ਗੱਲ ਕਰਦਿਆਂ ਡਿਪਟੀ ਸਪੀਕਰ ਨੇ ਦੱਸਿਆ ਕਿ 93 ਕਰੋੜ ਦੀ ਲਾਗਤ ਨਾਲ ਜਿਥੇ ਸ਼ਹਿਰੀ ਖੇਤਰਾਂ ਵਿੱਚ 261 ਵਿਕਾਸ ਪ੍ਰੋਜੈਕਟ ਚੱਲ ਰਹੇ ਹਨ, ਉਥੇ ਹੀ ਸਮਾਰਟ ਵਿਲੇਜ ਕੰਪੇਨ ਤਹਿਤ 169 ਕਰੋੜ ਰੁਪਏ ਖਰਚ ਕੀਤੇ ਗਏ ਹਨ । ਉਹਨਾਂ ਦੱਸਿਆ ਕਿ ਪਿੰਡਾਂ ਅੰਦਰ ਤਲਾਬ ਬਣਾ ਕੇ ਪਾਣੀ ਦੀ ਸਾਂਭ-ਸੰਭਾਲ ਲਈ 38 ਤਲਾਬ ਬਣਾਏ ਜਾ ਚੁੱਕੇ ਹਨ । ਇਸ ਤੋਂ ਪਹਿਲਾਂ ਡਿਪਟੀ ਸਪੀਕਰ ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ ਗਈ ।

# ਮਨਦੀਪ ਸਿੰਘ ਢਿੱਲੋਂ ਨੇ ਬਤੌਰ ਐਸ.ਡੀ.ਐਮ ਸੰਭਾਲਿਆ ਅਹੁਦਾ

• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ



ਮਨਦੀਪ ਸਿੰਘ ਢਿੱਲੋਂ ਪੀ.ਸੀ.ਐਸ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਦੇ ਐਸ.ਡੀ.ਐਮ ਵੱਜੋ ਅਹੁਦਾ ਸੰਭਾਲ ਲਿਆ ਹੈ, ਉਹ ਮਨੀਸ਼ਾ ਰਾਣਾ ਆਈ.ਏ.ਐਸ ਦੇ ਸਥਾਨ ਤੇ ਆਏ ਹਨ। ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਾਫ ਸੁਥਰਾ ਪ੍ਰਸਾਸ਼ਨ ਦੇਣਾ ਅਤੇ ਲੋਕਾਂ ਦੀਆਂ ਮੁਸ਼ਕਿਲਾ ਹੱਲ ਕਰਨਾ ਪ੍ਰਸਾਸ਼ਨ ਦੀ ਜਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆ ਮੁਸਕਿਲਾ ਤੇ ਸਮੱਸਿਆਵਾ ਦਾ ਹੱਲ ਸਮੇ ਸਿਰ ਹੋਵੇਗਾ। ਐਸ.ਡੀ.ਐਮ ਮਨਦੀਪ ਸਿੰਘ ਨੇ ਅਹੁਦਾ ਸੰਭਾਲਣ ਤੋ ਬਾਅਦ ਅਧਿਕਾਰੀਆਂ ਨਾਲ ਸੰਭਾਵੀ ਹੜ੍ਹਾ ਦੇ ਪ੍ਰਬੰਧਾ ਸਬੰਧੀ ਮੀਟਿੰਗ ਕੀਤੀ ਅਤੇ ਕਿਹਾ ਕਿ ਹੜਾ ਦੀ ਸਥਿਤੀ ਨਾਲ ਨਜਿੱਠਣ ਅਤੇ ਚੋਕਸੀ ਰੱਖਣ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਵੱਲੋਂ ਮੀਟਿੰਗ ਵਿਚ ਹੜਾ ਦੀ ਸਥਿਤੀ ਵਿਚ ਪ?ਸਾਸ਼ਨ ਅਤੇ ਪੁਲਿਸ ਦੇ ਆਮ ਲੋਕਾਂ ਨਾਲ ਤਾਲਮੇਲ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਇਸ ਉਪਰੰਤ ਸ.ਢਿੱਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਤਹਿਸੀਲਦਾਰ ਬਾਦਲ ਦੀਨ, ਨਾਇਬ ਤਹਿਸੀਲਦਾਰ ਵਿਕਾਸਦੀਪ ਅਤੇ ਬੀ.ਡੀ.ਪੀ.ਓ ਈਸ਼ਾਨ ਚੋਧਰੀ ਸਮੇਤ ਅਧਿਕਾਰੀਆਂ ਨਾਲ ਸੰਭਾਵੀ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਨ ਲਈ ਰਵਾਨਾ ਹੋ ਗਏ। ਜਿੱਥੇ ਉਨ੍ਹਾਂ ਨੇ ਪ੍ਰਭਾਵਿਤ ਖੇਤਰਾਂ ਵਿਚ ਰਹਿ ਰਹੇ ਲੋਕਾਂ ਨੂੰ ਹਰ ਸੰਭਵ ਮੱਦਦ ਸਮੇਂ ਸਿਰ ਪਹੁੰਚਾਉਣ ਦਾ ਭਰੋਸਾ ਦਿੱਤਾ।

# ਅਜ਼ਾਦੀ ਦਿਹਾੜੇ ਮੌਕੇ ਸਿਹਤ ਵਿਭਾਗ ਦੇ ਕਰਮਚਾਰੀਆਂ ਦਾ ਵਿਸ਼ੇਸ਼ ਸਨਮਾਨ



• ਸ੍ਰੀ ਆਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ

ਪਿਛਲੇ ਦਿਨਾਂ ਤੋਂ ਹਿਮਾਚਲ ਪ੍ਰਦੇਸ਼ ਵਿਚ ਪੈ ਰਹੀ ਭਾਰੀ ਬਾਰਿਸ਼ ਕਾਰਨ ਇਲਾਕੇ ਭਰ ਵਿਚ ਆਏ ਹੜਾਂ ਦੌਰਾਨ ਹੜ ਪ੍ਰਭਾਵਿਤ ਇਲਾਕਿਆਂ ਵਿਚ ਮੈਡੀਕਲ ਸੇਵਾਵਾਂ ਨਿਭਾਉਣ ਬਦਲੇ ਆਜ਼ਾਦੀ ਦੇ ਸ਼ੁਭ ਦਿਹਾੜੇ ਮੌਕੇ ਹੈਲਥ ਇੰਸਪੈਕਟਰ ਸੁਖਬੀਰ ਸਿੰਘ ਮਹੈਣ, ਮਲਟੀਪਰਪਜ਼ ਹੈਲਥ ਵਰਕਰ ਜਸਦੀਪ ਸਿੰਘ ਧਾਲੀਵਾਲ, ਡਾ. ਮੇਧਾ, ਕ੍ਰਿਸ਼ਨਾ ਦੇਵੀ ਨੂੰ ਨੰਗਲ ਦੇ ਐਸ ਡੀ ਐਮ ਉਦੇਦੀਪ ਸਿੰਘ ਵੱਲੋਂ ਵਿਸ਼ੇਸ਼ ਤੋਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਨਮਾਨ ਕੀਤੇ ਅਧਿਕਾਰੀਆਂ ਨੇ ਕਿਹਾ ਕਿ ਸਰਕਾਰ ਵਲੋ ਦਿੱਤੇ ਇਸ ਸਨਮਾਨ ਨਾਲ ਸਾਡੀ ਟੀਮ ਨੂੰ ਇਕ ਨਵੀਂ ਉਰਜਾ ਮਿਲੇਗੀ ਅਤੇ ਅਸੀਂ ਆਉਣ ਵਾਲੇ ਸਮੇ ਵਿੱਚ ਸਮਾਜ ਲਈ ਹੋਰ ਵੱਧ ਚੜ੍ਹ ਕੇ ਸੇਵਾਂਵਾਂ ਨਿਭਾਉਣ ਲਈ ਵਚਨਬੱਧ ਹੋਵਾਂਗੇ। ਇਸ ਮੌਕੇ ਆਪ ਆਗੂ ਡਾ.ਸੰਜੀਵ ਗੌਤਮ, ਦੀਪਕ ਸੋਨੀ ਆਦਿ ਵੀ ਹਾਜ਼ਰ ਸਨ।

# ਪਾਣੀ ਵਧਣ ਕਾਰਨ 2 ਦਿਨ ਸਕੂਲ ਰਹਿਣਗੇ ਬੰਦ

• ਸ਼੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ

ਸਤਲੁਜ ਦਰਿਆ ਵਿੱਚ ਪਾਣੀ ਵਧ ਜਾਣ ਕਾਰਨ 17 ਅਤੇ 18 ਅਗਸਤ ਨੂੰ ਸਕੂਲ ਬੰਦ ਰੱਖਣ ਦਾ ਫੈਸਲਾ ਕੀਤਾ ਗਿਆ ਹੈ। ਸਹਾਇਕ ਕਮਿਸ਼ਨਰ ਰੂਪਨਗਰ ਵਲੋਂ ਜਾਰੀ ਕੀਤੇ ਗਏ ਹੁਕਮਾਂ ਮੁਤਾਬਕ ਸ਼?ਰੀ ਅਨੰਦਪੁਰ ਸਾਹਿਬ ਦੇ ਸਰਕਾਰੀ ਆਦਰਸ਼ ਸਕੂਲ ਲੋਦੀਪੁਰ, ਸਰਕ?ਾਰੀ ਮਿਡਲ ਸਕੂਲ ਲੋਦੀਪੁਰ,ਸਰਕ?ਾਰੀ ਹਾਈ ਸਕੂਲ ਜਿੰਦਵੜੀ,ਸਰਕਾਰੀ ਹਾਈ ਸਕੂਲ ਦਸਗਰਾਈ, ਮਿਡਲ ਸਕੂਲ ਗੱਜਪੁਰ ,ਸਰਕਾਰੀ ਹਾਈ ਸਕੂਲ ਚੰਦਪੁਰਬੇਲਾ,ਸ਼ਾਹਪੁਰ ਬੇਲਾ, ਬ੍ਰਹਮਪੁਰ, ਮਾਣਕਪੁਰ, ਭਲਾਣ, ਭਨਾਮ, ਪਲਾਸੀ, ਬੇਲਾ ਰਾਮਗੜ੍ਹ, ਸਰਕਾਰੀ ਮਿਡਲ ਸਕੂਲ ਬੇਲਾ ਧਿਆਨੀ ਬੰਦ ਰਹਿਣਗੇ।

# ਜੈਪੁਰ ਵਿਖੇ ਸ਼ਬਦ ਲੰਗਰ ਦੀਆਂ ਤਿਆਰੀਆਂ ਮੁਕੰਮਲ

ਲੁਧਿਆਣਾ

ਸਿੱਖ ਕੌਮ ਦੇ ਮਹਾਨ ਵਿਦਵਾਨ ਸੇਵਾਦਾਰ ਏ ਕੌਮ ਡਾਕਟਰ ਸਰੂਪ ਸਿੰਘ ਅਲੱਗ ਵਲੋਂ ਅਰੰਭੇ ਸ਼ਬਦ ਲੰਗਰ ਜੋ ਕੇ 20 ਅਗਸਤ ਨੂੰ ਜੈਪੁਰ ਵਿਖੇ ਲਗਾਏ ਜਾਣੇ ਹਨ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਅਲੱਗ ਸ਼ਬਦ ਯਗ ਟਰੱਸਟ ਦੇ ਪ੍ਰਕਾਸ਼ਨਾ ਸਕੱਤਰ ਡਾਕਟਰ ਰਮਿੰਦਰਦੀਪ ਸਿੰਘ ਅਲੱਗ ਨੇ ਦੱਸਿਆ ਕਿ ਬਹੁਤ ਵਡੀ ਤਾਦਾਦ ਵਿਚ ਹਿੰਦੀ, ਪੰਜਾਬੀ ਤੇ ਅੰਗਰੇਜ਼ੀ ਦੀਆਂ ਪੁਸਤਕਾਂ ਜੈਪੁਰ ਪਹੁੰਚ ਗਈਆਂ ਹਨ ਜੋ ਕਿ ਉਥੇ ਦੇ ਵੱਖ ਵੱਖ ਗੁਰਦੁਆਰਿਆਂ ਵਿੱਚ ਭੇਟਾ ਰਹਿਤ ਵੰਡੀਆਂ ਜਾਣਗੀਆਂ। ਜਨਰਲ ਸਕੱਤਰ ਸ ਸੁਖਿੰਦਰ ਪਾਲ ਸਿੰਘ ਅਲੱਗ ਤੇ ਪ੍ਰਕਾਸ਼ਨਾ ਸਕੱਤਰ ਡਾਕਟਰ ਰਮਿੰਦਰਦੀਪ ਸਿੰਘ ਅਲੱਗ ਉਚੇਚੇ ਤੌਰ ਤੇ ਜੈਪੂਰ ਵਿਖੇ ਜਾ ਕੇ ਆਪ ਇਹ ਲੰਗਰ ਵਰਤਾਉਣ ਦੀ ਸੇਵਾ ਨਿਭਾਉਣਗੇ ਤੇ ਉਥੇ ਦੀ ਸੰਗਤ ਨੂੰ ਇਸ ਵਿਲੱਖਣ ਸੇਵਾ ਬਾਰੇ ਜਾਣਕਾਰੀ ਸਾਂਝੀ ਕਰਨਗੇ। ਯਾਦ ਰਹੇ ਕਿ ਡਾਕਟਰ ਸਰੂਪ ਸਿੰਘ ਅਲੱਗ ਪਹਿਲੇ ਸਿੱਖ ਹੋਏ ਹਨ ਜਿਨ੍ਹਾਂ ਨੇ ਸ਼ਬਦ ਲੰਗਰਾਂ ਦੀ ਸੇਵਾ ਸ਼ੁਰੂ ਕੀਤੀ ਤੇ ਲੱਖਾਂ ਪੁਸਤਕਾਂ ਪ੍ਰਕਾਸ਼ਿਤ ਕਰਵਾ ਕੇ ਭੇਟਾ ਰਹਿਤ ਸਾਰੀ ਦੁਨੀਆਂ ਵਿੱਚ ਸ਼ਬਦ ਲੰਗਰ ਲਾਏ।

# ਮੈਡੀਟੇਸ਼ਨ ਤੁਹਾਨੂੰ ਹੁਨਰ ਜਾਂ ਆਤਮ ਵਿਸ਼ਵਾਸ ਪ੍ਰਾਪਤ ਕਰਨ ਵਿੱਚ ਕਿਵੇਂ ਮਦਦ ਕਰਦਾ ਹੈ

• ਵਿਜੈ ਗਰਗ



**ਸਵੈ-ਸ਼ੱਕ** ਇੱਕ ਆਮ ਅਤੇ ਸਧਾਰਣ ਭਾਵਨਾ ਹੈ ਜੋ ਕਿਸੇ ਨੂੰ ਵੀ ਪ੍ਰਭਾਵਿਤ ਕਰ ਸਕਦੀ ਹੈ, ਭਾਵੇਂ ਉਹਨਾਂ ਦੀਆਂ ਪ੍ਰਾਪਤੀਆਂ, ਹੁਨਰ ਜਾਂ ਆਤਮ ਵਿਸ਼ਵਾਸ ਦੀ ਪਰਵਾਹ ਕੀਤੇ ਬਿਨਾਂ। ਇਹ ਤੁਹਾਨੂੰ ਤੁਹਾਡੀਆਂ ਕਾਬਲੀਅਤਾਂ, ਫੈਸਲਿਆਂ ਅਤੇ ਕੀਮਤ 'ਤੇ ਸਵਾਲ ਕਰ ਸਕਦਾ ਹੈ, ਅਤੇ ਤੁਹਾਨੂੰ ਤੁਹਾਡੇ ਟੀਚਿਆਂ ਅਤੇ ਸੁਪਨਿਆਂ ਦਾ ਪਿੱਛਾ ਕਰਨ ਤੋਂ ਰੋਕ ਸਕਦਾ ਹੈ।ਹਾਲਾਂਕਿ, ਸਵੈ-ਸੰਦੇਹ ਮਨ ਦੀ ਇੱਕ ਸਥਾਈ ਜਾਂ ਸਥਿਰ ਅਵਸਥਾ ਨਹੀਂ ਹੈ। ਤੁਸੀਂ ਇੱਕ ਹੋਰ ਸਕਾਰਾਤਮਕ ਅਤੇ ਯਥਾਰਥਵਾਦੀ ਸਵੈ-ਚਿੱਤਰ ਪੈਦਾ ਕਰਕੇ ਇਸ ਨੂੰ ਦੂਰ ਕਰ ਸਕਦੇ ਹੋ, ਅਤੇ ਅਜਿਹਾ ਕਰਨ ਦੇ ਸਭ ਤੋਂ ਪ੍ਰਭਾਵਸ਼ਾਲੀ ਤਰੀਕਿਆਂ ਵਿੱਚੋਂ ਇੱਕ ਹੈ ਧਿਆਨ। ਧਿਆਨ ਕੀ ਹੈ? ਧਿਆਨ ਕਿਸੇ ਚੁਣੀ ਹੋਈ ਵਸਤੂ, ਵਿਚਾਰ, ਜਾਂ ਸੰਵੇਦਨਾ, ਜਿਵੇਂ ਕਿ ਤੁਹਾਡੇ ਸਾਹ, ਮੰਤਰ, ਜਾਂ ਧੁਨੀ 'ਤੇ ਤੁਹਾਡਾ ਧਿਆਨ ਕੇਂਦਰਿਤ ਕਰਨ ਦਾ ਅਭਿਆਸ ਹੈ।ਇਹ ਤੁਹਾਡੇ ਮਨ ਨੂੰ ਸ਼ਾਂਤ ਕਰਨ, ਤੁਹਾਡੇ ਸਰੀਰ ਨੂੰ ਆਰਾਮ ਦੇਣ, ਅਤੇ ਮੌਜੂਦਾ ਪਲ ਬਾਰੇ ਤੁਹਾਡੀ ਜਾਗਰੂਕਤਾ ਨੂੰ ਵਧਾਉਣ ਵਿੱਚ ਤੁਹਾਡੀ ਮਦਦ ਕਰ ਸਕਦਾ ਹੈ। ਮੈਡੀਟੇਸ਼ਨ ਤੁਹਾਨੂੰ ਮਾਨਸਿਕਤਾ ਨੂੰ ਵਿਕਸਤ ਕਰਨ ਵਿੱਚ ਵੀ ਮਦਦ ਕਰ ਸਕਦਾ ਹੈ, ਜੋ ਤੁਹਾਡੇ ਵਿਚਾਰਾਂ ਅਤੇ ਭਾਵਨਾਵਾਂ ਨੂੰ ਨਿਰਣਾ ਜਾਂ ਪ੍ਰਤੀਕਿਰਿਆ ਕੀਤੇ ਬਿਨਾਂ ਦੇਖਣ ਦੀ ਯੋਗਤਾ ਹੈ।ਸਾਵਧਾਨਤਾ ਤੁਹਾਨੂੰ ਨਕਾਰਾਤਮਕ ਅਤੇ ਵਿਗੜੇ ਵਿਸ਼ਵਾਸਾਂ ਨੂੰ ਪਛਾਣਨ ਅਤੇ ਚੁਣੌਤੀ ਦੇਣ ਵਿੱਚ ਮਦਦ ਕਰ ਸਕਦੀ ਹੈ ਜੋ ਤੁਹਾਡੇ ਸਵੈ-ਸ਼ੱਕ ਨੂੰ ਵਧਾਉਂਦੇ ਹਨ। ਮਨਨ ਕਰਨਾ ਤੁਹਾਨੂੰ ਸਵੈ-ਸ਼ੱਕ ਨੂੰ ਦੂਰ ਕਰਨ ਵਿੱਚ ਕਿਵੇਂ ਮਦਦ ਕਰਦਾ ਹੈ? ਮੈਡੀਟੇਸ਼ਨ ਕਈ ਤਰੀਕਿਆਂ ਨਾਲ ਸਵੈ-ਸ਼ੱਕ ਨੂੰ ਦੂਰ ਕਰਨ ਵਿੱਚ ਤੁਹਾਡੀ ਮਦਦ ਕਰ ਸਕਦਾ ਹੈ।ਪਹਿਲਾਂ, ਇਹ ਤੁਹਾਡੇ ਤਣਾਅ ਅਤੇ ਚਿੰਤਾ ਨੂੰ ਘਟਾ ਸਕਦਾ ਹੈ, ਜੋ ਅਕਸਰ ਘੱਟ ਸਵੈ-ਮਾਣ ਅਤੇ ਅਸੁਰੱਖਿਆ ਨਾਲ ਜੁੜੇ ਹੁੰਦੇ ਹਨ। ਤੁਹਾਡੇ ਕੋਰਟੀਸੋਲ ਦੇ ਪੱਧਰਾਂ ਨੂੰ ਘਟਾ ਕੇ ਅਤੇ ਤੁਹਾਡੇ ਪੈਰਾਸਿਮਪੈਥੈਟਿਕ ਨਰਵਸ ਸਿਸਟਮ ਨੂੰ ਸਰਗਰਮ ਕਰਕੇ, ਧਿਆਨ ਤੁਹਾਨੂੰ ਚੁਣੌਤੀਆਂ ਦੇ ਸਾਮ?ਹਣੇ ਵਧੇਰੇ ਸ਼ਾਂਤ, ਸੰਤੁਲਿਤ, ਅਤੇ ਲਚਕੀਲਾ ਮਹਿਸੂਸ ਕਰ ਸਕਦਾ ਹੈ। ਦੂਜਾ, ਸਿਮਰਨ ਤੁਹਾਡੀ ਸਵੈ-ਦਇਆ ਨੂੰ ਵਧਾ ਸਕਦਾ ਹੈ, ਜੋ ਕਿ ਆਪਣੇ ਆਪ ਨੂੰ ਦਿਆਲਤਾ, ਸਮਝ ਅਤੇ ਮਾਫੀ ਨਾਲ ਪੇਸ਼ ਕਰਨ ਦੀ ਯੋਗਤਾ ਹੈ।ਆਪਣੇ ਪ੍ਰਤੀ ਵਧੇਰੇ ਸਹਿਯੋਗੀ ਅਤੇ ਦੋਸਤਾਨਾ ਰਵੱਈਆ ਪੈਦਾ ਕਰਕੇ, ਤੁਸੀਂ ਆਪਣੀ ਸਵੈ-ਆਲੋਚਨਾ ਨੂੰ ਘਟਾ ਸਕਦੇ ਹੋ ਅਤੇ ਆਪਣੇ ਸਵੈ-ਵਿਸ਼ਵਾਸ ਨੂੰ ਵਧਾ ਸਕਦੇ ਹੋ। ਤੀਜਾ, ਧਿਆਨ ਤੁਹਾਡੇ ਬੋਧਾਤਮਕ ਅਤੇ ਭਾਵਨਾਤਮਕ ਹੁਨਰ ਨੂੰ ਸੁਧਾਰ ਸਕਦਾ ਹੈ, ਜਿਵੇਂ ਕਿ ਧਿਆਨ, ਯਾਦਦਾਸ਼ਤ, ਰਚਨਾਤਮਕਤਾ ਅਤੇ ਹਮਦਰਦੀ।ਆਪਣੀਆਂ ਮਾਨਸਿਕ ਅਤੇ ਸਮਾਜਿਕ ਯੋਗਤਾਵਾਂ ਨੂੰ ਵਧਾ ਕੇ, ਤੁਸੀਂ ਵੱਖ-ਵੱਖ ਕੰਮਾਂ ਅਤੇ ਸਥਿਤੀਆਂ ਵਿੱਚ ਬਿਹਤਰ ਪ੍ਰਦਰਸ਼ਨ ਕਰ ਸਕਦੇ ਹੋ, ਅਤੇ ਵਧੇਰੇ ਯੋਗ ਅਤੇ ਮੁੱਲਵਾਨ ਮਹਿਸੂਸ ਕਰ ਸਕਦੇ ਹੋ। ਸਿਮਰਨ ਕਿਵੇਂ ਸ਼ੁਰੂ ਕਰੀਏ? ਜੇ ਤੁਸੀਂ ਸਿਮਰਨ ਲਈ ਨਵੇਂ ਹੋ, ਤਾਂ ਇਹ ਡਰਾਉਣਾ ਜਾਂ ਗੁੰਝਲਦਾਰ ਲੱਗ ਸਕਦਾ ਹੈ, ਪਰ ਅਜਿਹਾ ਹੋਣਾ ਜ਼ਰੂਰੀ ਨਹੀਂ ਹੈ! ਤੁਸੀਂ ਇੱਕ ਸਧਾਰਨ ਅਤੇ ਛੋਟੇ ਅਭਿਆਸ ਨਾਲ ਸ਼ੁਰੂ ਕਰ ਸਕਦੇ ਹੋ ਜੋ ਤੁਹਾਡੇ ਪੱਧਰ ਅਤੇ ਤਰਜੀਹ ਦੇ ਅਨੁਕੂਲ ਹੋਵੇ।ਸ਼ੁਰੂ ਕਰਨ ਲਈ, ਬਿਨਾਂ ਕਿਸੇ ਰੁਕਾਵਟ ਦੇ ਇੱਕ ਆਰਾਮਦਾਇਕ ਅਤੇ ਸ਼ਾਂਤ ਜਗ?ਹਾ ਲੱਭੋ। ਆਪਣੀ ਰੀੜ੍ਹ ਦੀ ਹੱਡੀ ਸਿੱਧੀ ਅਤੇ ਮੋਢਿਆਂ ਨੂੰ ਢਿੱਲੇ ਰੱਖ ਕੇ, ਆਰਾਮਦੇਹ ਆਸਣ ਵਿੱਚ ਬੈਠੋ ਜਾਂ ਲੇਟ ਜਾਓ। ਆਪਣੀਆਂ ਅੱਖਾਂ ਬੰਦ ਕਰੋ ਜਾਂ ਆਪਣੀ ਨਿਗਾਹ ਨੂੰ ਨੀਵਾਂ ਕਰੋ, ਅਤੇ ਆਪਣੇ ਮਨ ਅਤੇ ਸਰੀਰ ਨੂੰ ਸੈਟਲ ਕਰਨ ਲਈ ਕੁਝ ਡੂੰਘੇ ਸਾਹ ਲਓ। ਆਪਣੇ ਧਿਆਨ ਲਈ ਇੱਕ ਫੋਕਸ ਚੁਣੋ ਜਿਵੇਂ ਕਿ ਤੁਹਾਡਾ ਸਾਹ, ਇੱਕ ਸ਼ਬਦ, ਇੱਕ ਆਵਾਜ਼, ਜਾਂ ਇੱਕ ਸੰਵੇਦਨਾ। ਆਪਣਾ ਧਿਆਨ ਇਸ ਫੋਕਸ ਵੱਲ ਲਿਆਓ ਅਤੇ ਜਿੰਨਾ ਸੰਭਵ ਹੋ ਸਕੇ ਉੱਥੇ ਰੱਖੋ। ਜੇ ਤੁਹਾਡਾ ਮਨ ਭਟਕਦਾ ਹੈ, ਜੋ ਕਿ ਆਮ ਹੈ, ਬਸ ਇਸ ਨੂੰ ਧਿਆਨ ਵਿੱਚ ਰੱਖੋ ਅਤੇ ਨਿਰਣੇ ਕੀਤੇ ਬਿਨਾਂ ਫੋਕਸ ਵੱਲ ਵਾਪਸ ਜਾਓ। ਤੁਸੀਂ ਜਿੰਨਾ ਚਿਰ ਚਾਹੋ ਇਹ ਕਰ ਸਕਦੇ ਹੋ; 5-10 ਮਿੰਟਾਂ ਨਾਲ ਸ਼ੁਰੂ ਕਰੋ ਅਤੇ ਹੌਲੀ-ਹੌਲੀ ਮਿਆਦ ਵਧਾਓ ਕਿਉਂਕਿ ਤੁਸੀਂ ਵਧੇਰੇ ਆਰਾਮਦਾਇਕ ਹੋ ਜਾਂਦੇ ਹੋ। ਜਦੋਂ ਤੁਸੀਂ ਧਿਆਨ ਨੂੰ ਖਤਮ ਕਰਨ ਲਈ ਤਿਆਰ ਹੋ, ਤਾਂ ਹੌਲੀ-ਹੌਲੀ ਆਪਣੀਆਂ ਅੱਖਾਂ ਖੋਲ੍ਹੋ ਅਤੇ ਧਿਆਨ ਦਿਓ ਕਿ ਤੁਸੀਂ ਕਿਵੇਂ ਮਹਿਸੂਸ ਕਰਦੇ ਹੋ। ਧਿਆਨ ਨੂੰ ਆਦਤ ਕਿਵੇਂ ਬਣਾਈਏ? ਸਵੈ-ਸ਼ੱਕ ਨੂੰ ਦੂਰ ਕਰਨ ਲਈ ਇਕਸਾਰਤਾ ਇੱਕ ਮੁੱਖ ਕਾਰਕ ਹੈ, ਅਤੇ ਧਿਆਨ ਇਸਦੇ ਲਾਭਾਂ ਨੂੰ ਪ੍ਰਾਪਤ ਕਰਨ ਲਈ ਇੱਕ ਪ੍ਰਭਾਵਸ਼ਾਲੀ ਸਾਧਨ ਹੋ ਸਕਦਾ ਹੈ। ਹਾਲਾਂਕਿ, ਜੇਕਰ ਤੁਹਾਡੇ ਕੋਲ ਵਿਅਸਤ ਸਮਾਂ, ਧਿਆਨ ਭਟਕਣਾ, ਜਾਂ ਵਿਰੋਧ ਹੈ ਤਾਂ ਨਿਯਮਤ ਧਿਆਨ ਦੀ ਆਦਤ ਸਥਾਪਤ ਕਰਨਾ ਮੁਸ਼ਕਲ ਹੋ ਸਕਦਾ ਹੈ। ਧਿਆਨ ਨੂੰ ਆਦਤ ਬਣਾਉਣ ਵਿੱਚ ਮਦਦ ਕਰਨ ਲਈ ਇੱਥੇ ਕੁਝ ਸੁਝਾਅ ਦਿੱਤੇ ਗਏ ਹਨ: ਆਪਣੇ ਅਭਿਆਸ ਲਈ ਇੱਕ ਖਾਸ ਸਮਾਂ ਅਤੇ ਸਥਾਨ ਨਿਰਧਾਰਤ ਕਰੋ, ਤੁਹਾਨੂੰ ਪ੍ਰੇਰਿਤ ਕਰਨ ਲਈ ਇੱਕ ਰੀਮਾਈਂਡਰ ਜਾਂ ਅਲਾਰਮ ਦੀ ਵਰਤੋਂ ਕਰੋ, ਇੱਕ ਛੋਟੇ ਟੀਚੇ ਨਾਲ ਸ਼ੁਰੂ ਕਰੋ ਅਤੇ ਹੌਲੀ ਹੌਲੀ ਇਸਨੂੰ ਵਧਾਓ, ਆਪਣੀ ਤਰੱਕੀ ਨੂੰ ਟਰੈਕ ਕਰੋ ਅਤੇ ਪ੍ਰਾਪਤੀਆਂ ਲਈ ਆਪਣੇ ਆਪ ਨੂੰ ਇਨਾਮ ਦਿਓ, ਅਤੇ ਇੱਕ ਸਹਾਇਤਾ ਪ੍ਰਣਾਲੀ ਜਾਂ ਭਾਈਚਾਰਾ ਲੱਭੋਤੁਹਾਨੂੰ ਉਤਸ਼ਾਹਿਤ ਕਰੋ ਅਤੇ ਤੁਹਾਨੂੰ ਜਵਾਬਦੇਹ ਠਹਿਰਾਓ।

# ਵੱਖ-ਵੱਖ ਟੀਮਾਂ ਵੱਲੋਂ ਫਿਲੌਰ ਤੋਂ ਲੋਹੀਆਂ ਤੱਕ ਧੁੱਸੀ ਬੰਨ੍ਹ ਦਾ ਕੀਤਾ ਨਿਰੀਖਣ



■ ਕਿਸੇ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਪ੍ਰਸ਼ਾਸ਼ਨ ਮੁਸਤੈਦ
■ ਡਿਪਟੀ ਕਮਿਸ਼ਨਰ ਵਲੋਂ ਡਰੇਨਜ ਵਿਭਾਗ ਨੂੰ ਬੰਨ੍ਹ ਤੇ ਲਗਾਤਾਰ ਗਸ਼ਤ ਦੇ ਹੁਕਮ
■ ਦਰਿਆ ਕੰਢੇ ਵਸੇ ਲੋਕਾਂ ਨੂੰ ਸੁਚੇਤ ਰਹਿਣ ਲਈ ਕਿਹਾ

• ਜਲੰਧਰ/ ਫਿਲੌਰ

ਹਿਮਾਚਲ ਵਿਖੇ ਭਾਰੀ ਮੀਂਹ ਕਾਰਨ ਸਤਲੁਜ ਦਰਿਆ ਵਿਚ ਪਾਣੀ ਦਾ ਪੱਧਰ ਵਧਣ ਦੇ ਖਦਸ਼ੇ ਦੇ ਮੱਦੇਨਜਰ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਵੱਲੋਂ ਕਿਹਾ ਗਿਆ ਹੈ ਕਿ ਜ਼ਿਲ੍ਹਾ ਪ੍ਰ?ਸ਼ਾਸ਼ਨ ਪੂਰੀ ਤਰ੍ਹਾਂ ਮੁਸਤੈਦ ਹੈ ਅਤੇ ਫਿਲੌਰ ਤੋਂ ਲੋਹੀਆਂ ਤੱਕ ਸਤਲੁਜ ਦੇ ਲਗਭਗ 90 ਕਿਲੋਮੀਟਰ ਲੰਬੇ ਖੇਤਰ ਦੇ ਕੰਢੇ ਧੁੱਸੀ ਬੰਨ੍ਹ ਉੱਪਰ ਐਸ ਡੀ ਐਮਜ / ਤਹਿਸੀਲਦਾਰਾਂ ਤੇ ਡਰੇਨਜ ਵਿਭਾਗ ਦੇ ਅਧਿਕਾਰੀਆਂ ਵੱਲੋਂ ਦੌਰਾ ਕਰਕੇ ਬੰਨ੍ਹ ਨੂੰ ਹੋਰ ਮਜ਼ਬੂਤ ਕਰਨ ਦੇ ਉਪਰਾਲੇ ਸ਼ੁਰੂ ਕੀਤੇ ਗਏ ਹਨ ।

ਡਿਪਟੀ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਵਿੱਚ ਸਤਲੁਜ ਦੇ ਕੰਢੇ ਵਸੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਭਾਖੜਾ ਡੈਮ ਤੋਂ ਸੀਮਤ ਮਾਤਰਾ ਵਿੱਚ ਪਾਣੀ ਛੱਡਿਆ ਜਾ ਰਿਹਾ ਹੈ ਜਿਸ ਕਾਰਨ ਦਰਿਆ ਵਿਚ ਪਾਣੀ ਦਾ ਪੱਧਰ ਵਧਣ ਦਾ ਖ਼ਦਸ਼ਾ ਹੈ , ਜਿਸ ਕਰਕੇ ਲੋਕ ਇਹਤਿਆਤ ਦੇ ਤੌਰ ਤੇ ਦਰਿਆ ਵੱਲ ਜਾਣ ਤੋਂ ਗੁਰੇਜ਼ ਕਰਨ । ਉਨਾਂ ਕਿਹਾ ਕਿ ਦਰਿਆ ਨੇੜਲੇ ਖੇਤਰਾਂ ਅੰਦਰ ਪੰਚਾਇਤਾਂ ਨੂੰ ਵੀ ਕਿਹਾ ਕਿ ਉਹ ਲੋਕਾਂ ਨੂੰ ਸੁਚੇਤ ਰਹਿਣ ਬਾਰੇ ਜਾਗਰੂਕ ਕਰਨ ਤੇ ਕਿਸੇ ਵੀ ਅਣਸੁਖਾਵੀਂ ਸਥਿਤੀ ਦੇ ਟਾਕਰੇ ਲਈ ਤਿਆਰ ਰਹਿਣ ਵਾਸਤੇ ਕਹਿਣ । ਉਨਾਂ ਕਿਹਾ ਕਿ ਡਰੇਨਜ ਵਿਭਾਗ 24 ਘੰਟੇ ਬੰਨ੍ਹ ਉੱਪਰ ਗਸ਼ਤ ਯਕੀਨੀ ਬਣਾਵੇ ਤਾਂ ਜੋ ਲੋੜ ਅਨੁਸਾਰ ਤੁਰੰਤ ਕਾਰਵਾਈ ਕੀਤੀ ਜਾ ਸਕੇ । ਅੱਜ ਫਿਲੌਰ ਵਿਖੇ ਐਸ ਡੀ ਐਮ ਅਮਨਪਾਲ ਸਿੰਘ ਤੇ ਸ਼ਾਹਕੋਟ ਦੇ ਐਸ ਡੀ ਐਮ ਰਿਸ਼ਭ ਬਾਂਸਲ ਵੱਲੋਂ ਧੁੱਸੀ ਬੰਨ੍ਹ ਦਾ ਦੌਰਾ ਕਰਕੇ ਤੁਰੰਤ ਚੁੱਕੇ ਜਾਣ ਵਾਲੇ ਕਦਮਾਂ ਨੂੰ ਸ਼ੁਰੂ ਕਰਵਾਇਆ ਗਿਆ । ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਇਹਤਿਆਤ ਵਜੋਂ ਪਹਿਲਾਂ ਹੀ ਮਿੱਟੀ ਦੇ ਬੋਰਿਆਂ ਦੇ ਪ੍ਰਬੰਧ ਕੀਤੇ ਜਾਣ ਤੇ ਲੋਕਾਂ ਨਾਲ ਲਗਾਤਾਰ ਰਾਬਤਾ ਰੱਖਿਆ ਜਾਵੇ ।

# ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਕਾਂਗਰਸੀਆਂ ਵੱਲੋਂ ਸੁਤੰਤਰਤਾ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ



ਬਲਾਚੌਰ (ਜਤਿੰਦਰ ਪਾਲ ਸਿੰਘ ਕਲੇਰ ) ਭਾਰਤ ਦੇਸ਼ ਦੇ 76ਵੇਂ ਸੁਤੰਤਰਤਾ ਦਿਵਸ ਮੌਕੇ ਹਲਕਾ ਬਲਾਚੌਰ ਵਿਖੇ ਆਜ਼ਾਦੀ ਦਿਵਸ ਕਾਂਗਰਸੀ ਆਗੂਆਂ ਵੱਲੋਂ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਬੜੀ ਹੀ ਵਿਧੀ ਪੂਰਵਕ ਸੁਤੰਤਰਤਾ ਦਿਵਸ ਮਨਾਉਂਦੇ ਹੋਏ ਸਾਬਕਾ ਵਿਧਾਇਕ ਚੌਧਰੀ ਦਰਸ਼ਨ ਲਾਲ ਮੰਗੂਪੁਰ ਵੱਲੋਂ ਝੰਡਾ ਲਹਿਰਾਇਆ ਗਿਆ ਅਤੇ ਉਸ ਤੋਂ ਬਾਅਦ ਸਮੂਹ ਕਾਂਗਰਸੀ ਆਗੂਆਂ ਅਤੇ ਵਰਕਰਾਂ ਵੱਲੋਂ ਰਾਸ਼ਟਰ ਗਾਨ ਗਾ ਕੇ ਰਸਮ ਨੂੰ ਪੂਰਾ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਅਜੇ ਸੰਗੂਪੁਰ ਨੇ ਆਪਣੇ ਸਾਥੀਆਂ ਦਾ ਲੱਡੂਆਂ ਨਾਲ ਮੂੰਹ ਮਿਠਾ ਕਰਵਾ ਆਜ਼ਾਦੀ ਦਿਵਸ ਮਨਾਇਆ। ਸਾਬਕਾ ਵਿਧਾਇਕ ਚੌਧਰੀ ਦਰਸ਼ਨ ਲਾਲ ਮੰਗੂਪੁਰ ਨੇ ਕਾਂਗਰਸੀ ਵਰਕਰਾਂ ਦੀ ਸਭਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਗਿਆ ਕਿ ਭਾਰਤ ਦੇਸ਼ ਦੀ ਆਜ਼ਾਦੀ ਲਈ ਕਾਂਗਰਸ ਪਾਰਟੀ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀ ਜਾ ਸਕਦਾ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਅੰਗਰੇਜ਼ਾਂ ਨੇ ਸਾਡੇ ਦੇਸ਼ ਭਾਰਤ ਨੂੰ ਲੁੱਟਣ ਅਤੇ ਤੋੜਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਸੀ, ਸਾਡਾ ਦੇਸ਼ ਗੁਲਾਮੀ ਦੀਆਂ ਜੰਜੀਰਾਂ ਵਿੱਚ ਜਕੜਿਆ ਹੋਇਆ ਸੀ ਉਨ੍ਹਾਂ ਕਿਹਾ ਕਿ ਸ਼ਹੀਦਾਂ ਦੇ ਅਥਾਹ ਯਤਨਾਂ ਸਦਕਾ ਹੀ ਅੱਜ ਸਮੂਹ ਦੇਸ਼ ਵਾਸੀ ਆਜ਼ਾਦੀ ਦੀ ਹਵਾ ਵਿੱਚ ਸਾਹ ਲੈ ਰਹੇ ਹਨ। ਅਜੇ ਮੰਗਪੁਰ ਨੇ ਸੁਤੰਤਰਤਾ ਦਵਿਸ ਮੌਕੇ ਉਨ੍ਹਾਂ ਆਜ਼ਾਦੀ ਘੁਲਾਟੀਆਂ ਨੂੰ ਯਾਦ ਕੀਤਾ ਜਿਨ੍ਹਾਂ ਨੇ ਆਜ਼ਾਦੀ ਦੀ ਲੜਾਈ ਵਿੱਚ ਆਪਣੀਆਂ ਕੀਮਤੀ ਜਾਨਾਂ ਗੁਆ ਦਿੱਤੀਆਂ। ਇਸ ਮੌਕੇ ਸਾਬਕਾ ਵਿਧਾਇਕ ਚੌਧਰੀ ਦਰਸ਼ਨ ਲਾਲ ਮੰਗੂਪੁਰ, ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਹਰਜੀਤ ਜਾਡਲੀ ਮੀਤ ਪ੍ਰਧਾਨ ਡੀ.ਸੀ.ਸੀ., ਧਰਮਪਾਲ ਭਰਥਲਾ ਜਨਰਲ ਸੱਕਤਰ ਡੀ.ਸੀ.ਸੀ., ਰਾਜਿੰਦਰ ਸਿੰਘ ਸ਼ਿੰਦੀ ਦਫਤਰ ਸੱਕਤਰ ਡੀ.ਸੀ.ਸੀ., ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਮਹਿੰਦਰ ਪਾਲ ਚੇਅਰਮੈਨ ਉਧਨਵਾਲ, ਮਹਿੰਦਰ ਪਾਲ ਪੋਜੇਵਾਲ ਮੀਤ ਪ੍ਰਧਾਨ ਡੀ.ਸੀ.ਸੀ., ਦੇਸ ਰਾਜ ਹਕਲਾ ਮੈਂਬਰ ਡੀ.ਸੀ.ਸੀ., ਵਿਜੇ ਕੁਮਾਰ ਸੋਨੂੰ ਮੀਤ ਪ੍ਰਧਾਨ ਡੀ.ਸੀ.ਸੀ, ਬਲਦੇਵ ਰਾਜ ਜਨਰਲ ਸੱਕਤਰ ਡੀ.ਸੀ.ਸੀ., ਰਿੱਕੀ ਬਜਾਜ ਖਜਾਨਚੀ ਡੀ.ਸੀ.ਸੀ., ਕੁਲਦੀਪ ਸਰਪੰਚ ਨਿੱਘੀ, ਯਸ਼ਪਾਲ ਚੌਧਰੀ ਮੈਂਬਰ ਡੀ.ਸੀ.ਸੀ., ਮੋਹਨ ਲਾਲ ਖਰੌੜ, ਚੌਧਰੀ ਪ੍ਰੇਮ ਸੱਕਤਰ ਬਲਾਕ ਕਮੇਟੀ ਸੜੋਆ, ਬਲਵਿੰਦਰ ਸਿੰਘ ਸਰਪੰਚ ਡੁਗਰੀ ਬੇਟ, ਗੁਰਮੇਲ ਸਰਪੰਚ ਗਰਲੋਂ ਬੇਟ, ਬਿੱਲੂ ਕਸਾਣਾਂ, ਰਾਮ ਨਾਥ ਨਾਥੀ ਰੱਤੇਵਾਲ, ਬਲਵੀਰ ਕੁਮਾਰ ਸੱਕਤਰ, ਗੁਰਿੰਦਰ ਗਿੰਦੀ ਕੋਆਰਡੀਨੇਟਰ ਬਲਾਚੌਰ, ਪਰਵੀਨ ਨਿੱਘੀ, ਨਰੇਸ਼ ਚੇਚੀ ਕੌਂਸਲਰ ਬਲਾਚੌਰ, ਧਰਮਵੀਰ ਟਕਾਰਲਾ, ਸ਼ਿੰਦੀ ਟਕਾਰਲਾ, ਲਾਡੀ ਭੁੰਬਲਾ, ਸੁੱਖਾ ਝੰਡਪੁਰ, ਲੰਬੜ ਨਿੱਘੀ, ਮਲਕੀਤ ਸਿੰਘ ਧੌਲ ਸਰਪੰਚ ਧੌਲ, ਅਜੀਤ ਪਾਲ ਸੱਕਤਰ ਬਲਾਕ ਕਮੇਟੀ ਸੜੋਆ, ਮਨਦੀਪ ਨੀਲੇਵਾੜਾ, ਨਵੀਨ ਆਦੋਆਣਾਂ, ਸੋਹਣ ਸਿੰਘ ਖੰਡੂਪੁਰ ਸੱਕਤਰ ਬਲਾਕ ਕਮੇਟੀ ਸੜੋਆ, ਮਦਨ ਠੇਕੇਦਾਰ ਆਦਿ ਹਾਜ਼ਰ ਸਨ।

# ਧੰਨ-ਧੰਨ ਮਾਤਾ ਸਾਹਿਬ ਕੌਰ ਜੀ ਦੇ 118ਵੇਂ ਅਵਤਾਰ ਦਿਹਾੜੇ ਤੇ ਪਿੰਡ ਜਰਖੜ ਵਿਖੇ ਖੂਨਦਾਨ ਕੈਂਪ ਲਗਾਇਆ

• ਲੁਧਿਆਣਾ





ਧੰਨ-ਧੰਨ ਮਾਤਾ ਸਾਹਿਬ ਕੌਰ ਜੀ ਮੋਹੀ ਵਾਲੇ ਦਾ 118ਵਾਂ ਅਵਤਾਰ ਦਿਹਾੜੇ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਜੀ ਦੀ ਪ੍ਰੇਰਨਾ ਸਦਕਾ 655ਵਾਂ ਮਹਾਨ ਖੂਨਦਾਨ ਕੈਂਪ ਗੁਰਦੁਆਰਾ ਮੰਜੀ ਸਾਹਿਬ ਵਿਖੇ ਗੁਰਦੁਆਰਾ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਜਰਖੜ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਦਿਲਬਾਗ ਸਿੰਘ ਨੇ ਸੰਗਤਾਂ ਨੂੰ ਮਾਤਾ ਸਾਹਿਬ ਕੌਰ ਜੀ ਦੇ ਅਵਤਾਰ ਦਿਹਾੜੇ ਦੀਆਂ ਵਧਾਈ ਦਿੱਤੀ ਅਤੇ ਖੂਨਦਾਨ ਕਰਨ ਵਾਲੇ 30 ਪ੍ਰਾਣੀਆਂ ਨੂੰ ਪ੍ਰਮਾਣ ਪਤਰ ਅਤੇ ਸਨਮਾਨ ਚਿੰਨ ਭੇਂਟ ਕਰਕੇ ਖੂਨਦਾਨ ਕੈਂਪ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ। ਇਸ ਮੌਕੇ ਤੇ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਸੇਵਾਦਾਰ ਰਾਣਾ ਸਿੰਘ ਦਾਦ ਨੇ ਦਸਿਆ ਖੂਨਦਾਨ ਕੈਂਪ ਦੌਰਾਨ ਦੀਪਕ ਹਸਪਤਾਲ ਦੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ ਖੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿੱਚ ਦਿੱਤਾ ਜਾਵੇਗਾ। ਇਸ ਮੌਕੇ ਤੇ ਜਰਨੈਲ ਸਿੰਘ ਜਨਰਲ ਸਕੱਤਰ, ਦਪਿੰਦਰ ਸਿੰਘ ਡਿੰਪੀ ਸਾਬਕਾ ਸਰਪੰਚ, ਕੁਲਵਿੰਦਰ ਸਿੰਘ ਜੋਨੀ, ਤਪਿੰਦਰ ਸਿੰਘ ਗੋਗਾ, ਨਿਰਭੈ ਸਿੰਘ ਭੋਲਾ ਪਹਿਲਵਾਨ, ਨਿਪੀ ਜਰਖੜ, ਤਜਿੰਦਰ ਸਿੰਘ, ਗੋਲਾ ਜਰਖੜ, ਹੈਪੀ ਜਰਖੜ, ਕਸ਼ਮੀਰਾ ਸਿੰਘ ਸਾਬਕਾ ਸਰਪੰਚ, ਗੁਰਮੇਲ ਸਿੰਘ ਦਾਦ, ਗਿਰਦੋਰ ਸਿੰਘ ਹਾਜ਼ਰ ਸਨ